ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
SHKCSP
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ

RNI : PUNPUN/2021/80887 www.desipunjab.in DESI PUNJAB November Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519



ਸ਼ੇਰ-ਏ-ਪੰਜਾਬ
ਮਹਾਰਾਜਾ ਰਣਜੀਤ ਸਿੰਘ

ਸਟੇਡੀਅਮ ਦੇ ਨਾਂ ਤੇ ਵੱਡੀ ਹੇਰਾਫੇਰੀ, ਸਰਪੰਚ ਨਿਸ਼ਾਨਵੀਰ ਨੇ ਪੰਜਾਬ ਸਰਕਾਰ ਖ਼ਿਲਾਫ਼ ਖੋਲ੍ਹਿਆ ਮੋਰਚਾ, ਗਵਰਨਰ ਤੇ ਈਡੀ ਤੱਕ ਜਾਣ ਦਾ ਐਲਾਨ



ਦੇਸੀ ਪੰਜਾਬ

ਨਵਾਂਸ਼ਹਿਰ), 10 ਨਵੰਬਰ (ਜਤਿੰਦਰਪਾਲ ਸਿੰਘ ਕਲੇਰ) - ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਨੌਜਵਾਨ ਆਗੂ ਸਰਪੰਚ ਨਿਸ਼ਾਨਵੀਰ ਸਿੰਘ ਭੀਣ ਨੇ ਲੰਗੜੋਆ ਵਿਖੇ ਪ੍ਰੈੱਸ ਕਾਨਫਰੰਸ ਕਰਕੇ ਪੰਜਾਬ ਸਰਕਾਰ ਵੱਲੋਂ ਖੇਡ ਸਟੇਡੀਅਮਾਂ ਦੇ ਨਾਂ ਤੇ ਕੀਤੇ ਜਾ ਰਹੇ ਵੱਡੇ ਸਕੈਂਡਲ ਦਾ ਪਰਦਾਫਾਸ਼ ਕਰਦਿਆਂ ਸਰਕਾਰ ਖ਼ਿਲਾਫ਼ ਸਿੱਧਾ ਮੋਰਚਾ ਖੋਲ੍ਹ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ ਅਤੇ ਖੇਡਾਂ ਦੇ ਨਾਂ ਤੇ ਲੋਕਾਂ ਨਾਲ ਠੱਗੀ ਵੱਜ ਰਹੀ ਹੈ। ਸਰਪੰਚ ਨਿਸ਼ਾਨਵੀਰ ਸਿੰਘ ਨੇ ਕਿਹਾ ਕਿ ਜਿਹੜੇ ਸਟੇਡੀਅਮਾਂ ਦੇ ਠੇਕੇ ਠੇਕੇਦਾਰਾਂ ਨੂੰ ਦਿੱਤੇ ਗਏ ਸਨ, ਉਨ੍ਹਾਂ ਵਿੱਚੋਂ ਕਈ ਠੇਕੇਦਾਰ ਅਧੂਰੇ ਕੰਮ ਛੱਡ ਕੇ ਚਲੇ ਗਏ ਹਨ। ਉਨ੍ਹਾਂ ਨੇ ਖੁਲਾਸਾ ਕੀਤਾ ਕਿ ਸਿਰਫ਼ ਨਵਾਂਸ਼ਹਿਰ ਦੇ ਵਿੱਚ ਹੀ ਤਿੰਨ-ਤਿੰਨ ਠੇਕੇਦਾਰ ਬਦਲ ਗਏ ਹਨ, ਜਿਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਕੰਮ ਵਿੱਚ ਕਿੰਨੀ ਵੱਡੀ ਗੜਬੜੀ ਹੋ ਰਹੀ ਹੈ।

ਉਨ੍ਹਾਂ ਨੇ ਦੋਸ਼ ਲਾਇਆ ਕਿ ਜਿਹੜੇ ਸਟੇਡੀਅਮ ਬਣਾਏ ਗਏ ਹਨ, ਉਨ੍ਹਾਂ ਵਿੱਚ ਸਿਰਫ਼ ਕੰਧਾਂ ਦੇ ਰੰਗ ਕੀਤੇ ਗਏ ਹਨ। ਕਿਤੇ ਇੱਟਾਂ ਨਹੀਂ ਲਾਈਆਂ ਗਈਆਂ, ਜਿੱਥੇ ਲਾਈਆਂ ਵੀ ਗਈਆਂ ਉੱਥੇ ਸਭ ਤੋਂ ਮਾੜੀ ਇੱਟ ਅਤੇ ਮਾੜਾ ਸੀਮਿੰਟ ਲਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕਰੋੜਾਂ ਰੁਪਏ ਖਰਚ ਹੋਣ ਦੇ ਬਾਵਜੂਦ ਜ਼ਮੀਨੀ ਪੱਧਰ ਤੇ ਖਿਡਾਰੀਆਂ ਨੂੰ ਕੋਈ ਸਹੂਲਤ ਨਹੀਂ ਮਿਲ ਰਹੀ।

ਸਰਪੰਚ ਨਿਸ਼ਾਨਵੀਰ ਸਿੰਘ ਨੇ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਜਲਦ ਤੋਂ ਜਲਦ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਹ ਇਸ ਮੁੱਦੇ ਨੂੰ ਲੈ ਕੇ ਗਵਰਨਰ ਸਾਹਿਬ ਨੂੰ ਮਿਲਣਗੇ ਅਤੇ ਉਸ ਤੋਂ ਬਾਅਦ ਈਡੀ ਨੂੰ ਵੀ ਇਸ ਦੀ ਜਾਂਚ ਲਈ ਕਿਹਾ ਜਾਵੇਗਾ, ਤਾਂ ਜੋ ਲੋਕਾਂ ਨਾਲ ਹੋਈ ਠੱਗੀ ਨੂੰ ਕਲੀਅਰ ਕੀਤਾ ਜਾ ਸਕੇ ਅਤੇ ਦੋਸ਼ੀਆਂ ਨੂੰ ਸਜ਼ਾ ਮਿਲ ਸਕੇ।

ਇਸ ਮੌਕੇ ਨਵਾਂਸ਼ਹਿਰ ਦੀਆਂ ਵੱਡੀ ਗਿਣਤੀ ਵਿੱਚ ਸਰਪੰਚ, ਪੰਚ, ਨੰਬਰਦਾਰ ਅਤੇ ਨੌਜਵਾਨ ਹਾਜ਼ਰ ਸਨ। ਸਾਰਿਆਂ ਨੇ ਇੱਕ ਸੁਰ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਦੇ ਪੰਚਾਂ-ਸਰਪੰਚਾਂ ਦੀ ਆਵਾਜ਼ ਬੁਲੰਦ ਕਰਦਿਆਂ ਕਿਹਾ ਕਿ ਉਹ ਇਸ ਲੜਾਈ ਵਿੱਚ ਸਰਪੰਚ ਨਿਸ਼ਾਨਵੀਰ ਸਿੰਘ ਦੇ ਨਾਲ ਡਟ ਕੇ ਖੜ੍ਹੇ ਹਨ ਅਤੇ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਦਾ ਡਟ ਕੇ ਵਿਰੋਧ ਕਰਨਗੇ।

ਸ਼ਹੀਦ ਭਾਈ ਪਰਵਿੰਦਰ ਸਿੰਘ ਖਾਲਸਾ (ਝੋਟਾ) ਦੀ ਤਸਵੀਰ ਗੁਰਦੁਆਰਾ ਸਿੱਖ ਕਲਚਰਲ ਸੋਸਾਇਟੀ ਨਿਊਯਾਰਕ ਦੀ ਸ਼ਹੀਦੀ ਗੈਲਰੀ ਵਿੱਚ ਸੁਸ਼ੋਭਿਤ ￼ ਸ਼ਹੀਦੀ ਸਮਾਗਮ ਦੌਰਾਨ ਪੰਥਕ ਜਥੇਬੰਦੀਆਂ ਤੇ ਸੰਗਤ ਵੱਲੋਂ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇਣ ਦਾ ਅਹਿਦ

ਦੇਸੀ ਪੰਜਾਬ

ਨਵੀਂ ਦਿੱਲੀ, 10 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਭਾਈ ਹਿੰਮਤ ਸਿੰਘ ਯੂਐਸਏ ਵੱਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ, ਨਿਊਯਾਰਕ ਦੇ ਗੁਰਦੁਆਰਾ ਸਿੱਖ ਕਲਚਰਲ ਸੋਸਾਇਟੀ, ਰਿਚਮੰਡ ਹਿੱਲ ਵਿਖੇ ਸ਼ਹੀਦ ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਅਤੇ ਭਾਈ ਕੇਹਰ ਸਿੰਘ ਦੇ ਸ਼ਹੀਦੀ ਦਿਹਾੜਿਆਂ ਨੂੰ ਸਮਰਪਿਤ ਮਹਾਨ ਪੰਥਕ ਸ਼ਹੀਦੀ ਸਮਾਗਮ ਸ਼ਰਧਾ ਅਤੇ ਚੜ੍ਹਦੀ ਕਲਾ ਨਾਲ ਮਨਾਇਆ ਗਿਆ। ਅਖੰਡ ਪਾਠ ਸਾਹਿਬ ਦੀ ਸੰਪੂਰਨਤਾ ਉਪਰੰਤ ਲੰਗਰ ਹਾਲ ਵਿੱਚ ਸਥਿਤ ਸ਼ਹੀਦੀ ਗੈਲਰੀ ਵਿਖੇ ਸ਼ਹੀਦ ਭਾਈ ਪਰਵਿੰਦਰ ਸਿੰਘ ਖਾਲਸਾ (ਝੋਟਾ) ਦੀ ਤਸਵੀਰ ਸੁਸ਼ੋਭਿਤ ਕੀਤੀ ਗਈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ, ਪੰਥਕ ਜਥੇਬੰਦੀਆਂ ਅਤੇ ਸੰਗਤ ਵੱਲੋਂ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਸੰਕਲਪ ਪ੍ਰਗਟ ਕੀਤਾ ਗਿਆ। ਜ਼ਿਕਰਯੋਗ ਹੈ ਕਿ ਭਾਈ ਪਰਵਿੰਦਰ ਸਿੰਘ ਖਾਲਸਾ ਨੇ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਆਵਾਜ਼ ਬੁਲੰਦ ਕੀਤੀ ਸੀ। 13 ਅਕਤੂਬਰ 2026 ਨੂੰ ਮਾਨਸਾ ਵਿਖੇ ਉਨ੍ਹਾਂ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਹਿੰਮਤ ਸਿੰਘ ਯੂਐਸਏ ਵੱਲੋਂ ਭੇਜੀ ਜਾਣਕਾਰੀ ਅਨੁਸਾਰ, ਸਮਾਗਮ ਦੌਰਾਨ ਸੰਗਤ ਨੇ ਪੰਜਾਬ ਵਿੱਚ ਨਸ਼ਿਆਂ ਦੇ ਵਧਦੇ ਸੰਕਟ ਅਤੇ ਇਸ ਸਬੰਧੀ ਸਰਕਾਰਾਂ ਦੀ ਜਵਾਬਦੇਹੀ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ। ਨਸ਼ਾ-ਮੁਕਤ ਪੰਜਾਬ ਦੇ ਵਾਅਦਿਆਂ ਦੇ ਬਾਵਜੂਦ ਨੌਜਵਾਨੀ ਇਸ ਮਾਰ ਦਾ ਸ਼ਿਕਾਰ ਹੋ ਰਹੀ ਹੈ। ਤਸਵੀਰ ਸੁਸ਼ੋਭਿਤ ਕਰਨ ਸਮੇਂ ਜੈਕਾਰਿਆਂ ਦੀ ਗੂੰਜ ਵਿੱਚ "ਸ਼ਹੀਦ ਭਾਈ ਪਰਵਿੰਦਰ ਸਿੰਘ ਖਾਲਸਾ, ਤੇਰੀ ਸੋਚ 'ਤੇ ਪਹਿਰਾ ਦਿਆਂਗੇ ਠੋਕ ਕੇ" ਅਤੇ "ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ" ਦੇ ਜੈਕਾਰੇ ਗੂੰਜ ਉੱਠੇ। ਸਮਾਗਮ ਦੀ



ਸਮਾਪਤੀ ਮੌਕੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ ਕਿ ਸੰਗਤ ਨੂੰ ਸ਼ਹੀਦ ਦੀ ਸੋਚ 'ਤੇ ਪਹਿਰਾ ਦੇਣ ਅਤੇ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਲਈ ਯਤਨਸ਼ੀਲ ਰਹਿਣ ਦਾ ਬਲ ਬਖ਼ਸ਼ਣ।

ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ (ਸਬੰਧਿਤ ਇਫਟੂ) ਬਲਾਕ ਮੋਰਿੰਡਾ ਦਾ ਚੋਣ ਇਜਲਾਸ ਹੋਇਆ

ਜਸਪਾਲ ਸਿੰਘ ਚਲਾਕੀ ਨੂੰ ਪ੍ਰਧਾਨ, ਰੁਪਿੰਦਰ ਸਿੰਘ ਬਮਨਾੜਾ ਨੂੰ ਸਕੱਤਰ ਚੁਣਿਆ ਗਿਆ



ਦੇਸੀ ਪੰਜਾਬ

ਮੋਰਿੰਡਾ,10, ਨਵੰਬਰ () ਉਸਾਰੀ ਨਾਲ ਸੰਬੰਧਿਤ ਮਿਸਤਰੀਆਂ ਤੇ ਮਜ਼ਦੂਰਾਂ ਦੀ ਜਥੇਬੰਦੀ ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਸਬੰਧਿਤ ਇਫਟੂ ਬਲਾਕ ਮੋਰਿੰਡਾ ਦਾ ਚੋਣ ਇਜਲਾਸ ਇਫਟੂ ਦੇ ਜ਼ਿਲ੍ਹਾ ਸਕੱਤਰ ਮਲਾਗਰ ਸਿੰਘ ਖਮਾਣੋਂ ਦੀ ਪ੍ਰਧਾਨਗੀ ਹੇਠ ਲੇਬਰ ਚੌਂਕ ਮੋਰਿੰਡਾ ਵਿਖੇ ਹੋਇਆ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਇਫਟੂ ਦੇ ਜ਼ਿਲ੍ਹਾ ਕਮੇਟੀ ਮੈਂਬਰ ਨਿਰਮਲ ਸਿੰਘ ਨੇ ਦੱਸਿਆ ਕਿ ਇਜਲਾਸ ਵਿੱਚ ਸ਼ਾਮਿਲ ਮਿਸਤਰੀਆਂ ਤੇ ਮਜ਼ਦੂਰਾਂ ਨੂੰ ਸੰਬੋਧਨ ਕਰਦੇ ਹੋਏ ਜਿਲਾ ਸਕੱਤਰ ਨੇ ਕੌਮੀ ਤੇ ਕੌਮਾਂਤਰੀ ਪੱਧਰ ਤੇ ਮਜ਼ਦੂਰਾਂ ਦੇ ਇਤਿਹਾਸਿਕ ਰੋਲ ਬਾਰੇ ਚਰਚਾ ਕਰਦਿਆਂ ਦੱਸਿਆ ਕਿ ਜਦੋਂ ਵੀ ਸਮਾਜ ਵਿੱਚ ਵੱਡੀਆਂ ਤਬਦੀਲੀਆਂ ਹੋਈਆਂ ਹਨ। ਉਸ ਵਿੱਚ ਮਜ਼ਦੂਰ ਜਮਾਤ ਦਾ ਵੱਡਾ ਰੋਲ ਰਿਹਾ। ਮਜ਼ਦੂਰ ਜਮਾਤ ਦੇ ਸੰਘਰਸ਼ ਸਦਕਾ ਹੀ ਕਿਰਤ ਵਿਭਾਗ, ਕਿਰਤ ਕਾਨੂੰਨ ,ਲੇਬਰ ਵੈਲਫੇਅਰ ਬੋਰਡ, ਅਤੇ ਹੋਰ ਭਲਾਈ ਸਕੀਮਾਂ ਹਾਕਮ ਜਮਾਤਾਂ ਨੂੰ ਲਿਆਉਣੀਆਂ ਪਈਆਂ। ਅੱਜ ਦੇ ਮੌਜੂਦਾ ਹਾਕਮਾਂ ਨੇ ਮਜ਼ਦੂਰ ਜਮਾਤ ਦੇ ਸੰਘਰਸ਼ਾਂ ਨਾਲ ਪ੍ਰਾਪਤ ਕੀਤੇ ਕਾਨੂੰਨਾਂ ਨੂੰ ਕਾਰਪੋਰੇਟਰਾਂ ਦੇ ਪੱਖ ਵਿੱਚ ਤਬਦੀਲ ਕੀਤਾ ਜਾ ਰਿਹਾ ਹੈ। ।ਜਿਸ ਤਹਿਤ ਅੱਠ ਘੰਟੇ ਦੀ ਦਿਹਾੜੀ ਦਾ ਖਾਤਮਾ ਕਰਕੇ 12 ਘੰਟੇ ਚ ਤਬਦੀਲ ਕਰਨਾ, 43 ਲੇਬਰ ਕਾਨੂੰਨਾਂ ਨੂੰ ਭੰਗ ਕਰਕੇ ਚਾਰ ਕੌਡਾਂ ਵਿੱਚ ਤਬਦੀਲ ਕਰਕੇ ਮਜ਼ਦੂਰ ਜਮਾਤ ਦਾ ਖੂਨ ਨਿਚੋੜਿਆ ਜਾ ਰਿਹਾ ਹੈ। ਇਹਨਾਂ ਲੇਬਰ ਵੈਲਫੇਅਰ ਬੋਰਡ ਵੱਲੋਂ ਜਾਰੀ 14 ਸਕੀਮਾਂ ਨੂੰ ਲਾਗੂ ਕਰਾਉਣ ਲਈ ਉਸਾਰੀ ਨਾਲ ਸੰਬੰਧਿਤ ਸਮੁੱਚੇ ਕਿਰਤੀਆਂ ਨੂੰ ਜਥੇਬੰਦ ਹੋ ਕੇ ਸੰਘਰਸ਼ਾਂ ਦੇ ਰਾਹ ਪੈਣਾ ਪਵੇਗਾ। ਇਜਲਾਸ ਦੌਰਾਨ ਮਤੇ ਪਾਸ ਕਰਕੇ ਮੰਗ ਕੀਤੀ ਕਿ ਅੱਠ ਘੰਟੇ ਦੀ ਦਿਹਾੜੀ ਦੇ ਕਾਨੂੰਨ ਨੂੰ ਬਹਾਲ ਰੱਖਿਆ ਜਾਵੇ, ਮਜ਼ਦੂਰਾਂ ਦੀ ਘੱਟੋ ਘੱਟ 10 ਹਜਾਰ ਪੈਨਸ਼ਨ ਕੀਤੀ ਜਾਵੇ, ਐਕਸ ਗਰੇਸ਼ੀਆ ਮੈਡੀਕਲ ਕਲੇਮ ਆਦਿ ਵਿੱਚ 15ਵੇਂ ਲੇਬਰ ਕਮਿਸ਼ਨ ਦੀਆਂ ਸਿਫਾਰਸ਼ਾਂ ਤਹਿਤ ਵਾਧਾ ਕੀਤਾ ਜਾਵੇ ।ਇਸ ਮੌਕੇ ਸਰਬ ਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਜਿਸ ਵਿੱਚ ਚੇਅਰਮੈਨ ਨਿਰਮਲ ਸਿੰਘ ਮੋਰਿੰਡਾ,ਪ੍ਰਧਾਨ ਜਸਪਾਲ ਸਿੰਘ ਚਲਾਕੀ ,ਸੀਨੀਅਰ ਮੀਤ ਪ੍ਰਧਾਨ ਪ੍ਰਕਾਸ਼ ਸਿੰਘ ਰੰਗੀਆ, ਸੀਨੀਅਰ ਮੀਤ ਪ੍ਰਧਾਨ ਭਰਤ ਪ੍ਰਕਾਸ਼, ਮੀਤ ਪ੍ਰਧਾਨ ਦਰਸ਼ਨ ਸਿੰਘ , ਮੀਤ ਪ੍ਰਧਾਨ ਮਨਜੀਤ ਸਿੰਘ,ਕੈਸ਼ੀਅਰ ਰਣਵੀਰ ਸਿੰਘ ਕਾਂਝਲਾ, ਸਕੱਤਰ ਰੁਪਿੰਦਰ ਸਿੰਘ ਬਮਨਾੜਾ, ਪ੍ਰੈੱਸ ਸਕੱਤਰ ਬਲਵੀਰ ਸਿੰਘ ,ਪ੍ਰਚਾਰ ਸਕੱਤਰ ਸੋਹਣ ਸਿੰਘ ,ਸਲਾਹਕਾਰ ਗੁਰਮੀਤ ਸਿੰਘ ਕਾਂਝਲਾ ਨੂੰ ਸਰਬ ਸੰਮਤੀ ਨਾਲ ਚੁਣਿਆ ਗਿਆ।

ਪੀਪੀਐਸਸੀ P C S Mains ਨਤੀਜੇ 'ਤੇ ਮੁੜ ਉੱਠੇ ਸਵਾਲ, 88 ਹਜ਼ਾਰ ਉਮੀਦਵਾਰਾਂ ਦੇ ਭਵਿੱਖ ਨਾਲ ਖਿਲਵਾੜ ਦੇ ਦੋਸ਼ ਚੇਅਰਮੈਨ ਦੇ ਅਸਤੀਫ਼ੇ ਤੋਂ ਲੈ ਕੇ ਪ੍ਰੀਖਿਆ ਮੁੜ ਕਰਵਾਉਣ ਅਤੇ C B I ਜਾਂਚ ਦੀ ਮੰਗ ਤੱਕ

ਉਮੀਦਵਾਰਾਂ ਨੇ ਖੋਲ੍ਹਿਆ ਮੋਰਚਾ; 11 ਤੋਂ 17 ਨਵੰਬਰ ਤੱਕ ਹੋਣ ਵਾਲੀ ਡਾਕੂਮੈਂਟ ਵੈਰੀਫਿਕੇਸ਼ਨ ਤੇ ਇੰਟਰਵਿਊ ਰੋਕਣ ਦੀ ਵੀ ਉਠਾਈ ਮੰਗ

ਦੇਸੀ ਪੰਜਾਬ

ਪਟਿਆਲਾ/ਚੰਡੀਗੜ੍ਹ: ਪੰਜਾਬ ਪਬਲਿਕ ਸਰਵਿਸ ਕਮਿਸ਼ਨ (P P S C) ਵੱਲੋਂ P C S Mains 2025 ਦਾ ਨਤੀਜਾ 4 ਨਵੰਬਰ 2026 ਨੂੰ ਐਲਾਨੇ ਜਾਣ ਤੋਂ ਬਾਅਦ ਵਿਵਾਦ ਲਗਾਤਾਰ ਗਹਿਰਾਉਂਦਾ ਜਾ ਰਿਹਾ ਹੈ। ਨਤੀਜੇ ਤੋਂ ਨਾਰਾਜ਼ ਉਮੀਦਵਾਰਾਂ ਅਤੇ ਚਿੰਤਤ ਨਾਗਰਿਕਾਂ ਨੇ ਪ੍ਰੀਖਿਆ ਪ੍ਰਕਿਰਿਆ ਵਿੱਚ ਗੰਭੀਰ ਬੇਨਿਯਮੀਆਂ ਹੋਣ ਦੇ ਦੋਸ਼ ਲਾਉਂਦਿਆਂ ਚੇਅਰਮੈਨ ਦੇ ਤੁਰੰਤ ਅਸਤੀਫ਼ੇ, ਪੂਰੀ ਪ੍ਰੀਖਿਆ ਮੁੜ ਕਰਵਾਉਣ ਅਤੇ ਹਾਈਕੋਰਟ ਦੀ ਨਿਗਰਾਨੀ ਹੇਠ ਸੀਬੀਆਈ ਜਾਂਚ ਦੀ ਮੰਗ ਕੀਤੀ ਹੈ।ਪ੍ਰੈੱਸ ਨੋਟ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਇਸ ਨਤੀਜੇ ਨੇ ਕਰੀਬ 88 ਹਜ਼ਾਰ ਉਮੀਦਵਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਭਵਿੱਖ ਨੂੰ ਪ੍ਰਭਾਵਿਤ ਕੀਤਾ ਹੈ। ਉਮੀਦਵਾਰਾਂ ਨੇ ਪੰਜਾਬੀ ਭਾਸ਼ਾ ਦੀ ਯੋਗਤਾ ਸਬੰਧੀ ਸ਼ਰਤਾਂ ਵਿੱਚ ਦਿੱਤੀ ਗਈ ਕਥਿਤ ਢਿੱਲ ਨੂੰ ਲੈ ਕੇ ਵੀ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਅਨੁਸਾਰ, ਮੈਟ੍ਰਿਕ ਪੱਧਰ 'ਤੇ ਪੰਜਾਬੀ ਪਾਸ ਨਾ ਕਰਨ ਵਾਲੇ ਉਮੀਦਵਾਰਾਂ ਨੂੰ ਅਰਜ਼ੀ ਭਰਨ ਸਮੇਂ 'ਹਾਂ' ਦਾ ਵਿਕਲਪ ਚੁਣਨ ਦੀ ਇਜਾਜ਼ਤ ਦਿੱਤੀ ਗਈ ਅਤੇ ਪ੍ਰੀਲਿਮਜ਼ ਤੋਂ ਇੱਕ ਦਿਨ ਪਹਿਲਾਂ ਤੱਕ ਪੰਜਾਬੀ ਪਾਸ ਕਰਨ ਦਾ ਸਮਾਂ ਦਿੱਤਾ ਗਿਆ। ਉਨ੍ਹਾਂ ਮੰਗ ਕੀਤੀ ਹੈ ਕਿ



ਅਜਿਹੇ ਉਮੀਦਵਾਰਾਂ ਦੀ ਪੂਰੀ ਸੂਚੀ ਜਨਤਕ ਕੀਤੀ ਜਾਵੇ ਅਤੇ ਦੱਸਿਆ ਜਾਵੇ ਕਿ ਕਿੰਨੇ ਉਮੀਦਵਾਰ ਇਸ ਛੋਟ ਤਹਿਤ ਪ੍ਰੀਖਿਆ ਵਿੱਚ ਸਫ਼ਲ ਹੋਏ।ਸਭ ਤੋਂ ਗੰਭੀਰ ਸਵਾਲ ਪ੍ਰੀਖਿਆ ਕੇਂਦਰਾਂ ਅਤੇ ਰੋਲ ਨੰਬਰਾਂ ਦੀ ਵੰਡ ਨੂੰ ਲੈ ਕੇ ਉਠਾਏ ਗਏ ਹਨ। ਪ੍ਰੈੱਸ ਨੋਟ ਮੁਤਾਬਕ 331 ਅਸਾਮੀਆਂ ਲਈ 3,959 ਉਮੀਦਵਾਰਾਂ ਵਿੱਚੋਂ 751 ਨੂੰ ਅਗਲੇ ਪੜਾਅ ਲਈ ਚੁਣਿਆ ਗਿਆ। ਉਮੀਦਵਾਰਾਂ ਨੇ ਦਾਅਵਾ ਕੀਤਾ ਹੈ ਕਿ ਲਗਾਤਾਰ ਰੋਲ ਨੰਬਰਾਂ ਵਾਲੇ 26 ਗਰੁੱਪਾਂ ਵਿੱਚੋਂ 86 ਉਮੀਦਵਾਰ ਸਫ਼ਲ ਰਹੇ, ਜਦਕਿ ਕੁਝ ਕੇਂਦਰਾਂ ਦੇ ਖਾਸ ਕਮਰਿਆਂ ਵਿੱਚੋਂ ਅਸਧਾਰਨ ਤੌਰ 'ਤੇ ਵੱਧ ਉਮੀਦਵਾਰ ਪਾਸ ਹੋਏ। ਇੱਥੋਂ ਤੱਕ ਕਿ ਕੁਝ ਅਜਿਹੇ ਉਮੀਦਵਾਰਾਂ ਦੇ ਵੀ ਸਫ਼ਲ ਦਿਖਾਏ ਜਾਣ ਦੇ ਦੋਸ਼ ਲਾਏ ਗਏ ਹਨ, ਜਿਨ੍ਹਾਂ ਨੂੰ ਹਾਜ਼ਰੀ ਰਿਕਾਰਡ ਵਿੱਚ ਗੈਰ-ਹਾਜ਼ਰ ਦੱਸਿਆ ਗਿਆ ਸੀ।ਇਸ ਤੋਂ ਇਲਾਵਾ ਪੰਜਾਬੀ ਅਤੇ ਅੰਗਰੇਜ਼ੀ ਦੇ ਲਾਜ਼ਮੀ ਪਰ ਕੁਆਲੀਫਾਇੰਗ ਪੇਪਰਾਂ ਦੀ ਜਾਂਚ ਪ੍ਰਕਿਰਿਆ 'ਤੇ ਵੀ ਸਵਾਲ ਚੁੱਕੇ ਗਏ ਹਨ। ਉਮੀਦਵਾਰਾਂ ਦਾ ਦਾਅਵਾ ਹੈ ਕਿ UPSC Mains ਪਾਸ ਕਰਨ ਵਾਲੇ ਕਈ ਉਮੀਦਵਾਰਾਂ ਨੂੰ PCS ਦੀ ਪ੍ਰੀਖਿਆ ਵਿੱਚ ਭਾਸ਼ਾ ਦੇ ਪੇਪਰਾਂ ਕਾਰਨ ਅਸਫ਼ਲ ਕਰਾਰ ਦਿੱਤਾ ਗਿਆ। ਉਨ੍ਹਾਂ ਨੇ ਉੱਤਰ-ਪੱਤਰੀਆਂ ਦੀ ਜਾਂਚ ਵਿੱਚ ਪਾਰਦਰਸ਼ਤਾ ਦੀ ਘਾਟ ਅਤੇ ਮੁਲਾਂਕਣ ਕਰਨ ਵਾਲੇ ਮਾਹਿਰਾਂ ਦੀ ਯੋਗਤਾ ਬਾਰੇ ਵੀ ਜਾਣਕਾਰੀ ਜਨਤਕ ਕਰਨ ਦੀ ਮੰਗ ਕੀਤੀ ਹੈ।ਪ੍ਰੈੱਸ ਨੋਟ ਵਿੱਚ ED ਵੱਲੋਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਪੇਸ਼ ਕੀਤੇ ਗਏ ਹਲਫ਼ਨਾਮੇ ਦਾ ਹਵਾਲਾ ਦਿੰਦਿਆਂ PPSC ਇੰਟਰਵਿਊ ਪ੍ਰਭਾਵਿਤ ਕਰਨ ਸਬੰਧੀ ਵਟਸਐਪ ਚੈਟਾਂ ਦਾ ਮੁੱਦਾ ਵੀ ਉਠਾਇਆ ਗਿਆ ਹੈ। ਇਸ ਦੇ ਨਾਲ ਹੀ ਪ੍ਰੀਖਿਆ ਦੇ ਨਤੀਜੇ ਦੀ ਸਮਾਂ-ਸਾਰਣੀ ਕਥਿਤ ਤੌਰ 'ਤੇ ਪਹਿਲਾਂ ਹੀ ਜਨਤਕ ਕਰਨ ਵਾਲੇ ਕੋਚਿੰਗ ਖੇਤਰ ਨਾਲ ਜੁੜੇ ਇੱਕ ਅਧਿਆਪਕ ਬਾਰੇ ਵੀ ਜਾਂਚ ਦੀ ਮੰਗ ਕੀਤੀ ਗਈ ਹੈ। ਉਮੀਦਵਾਰਾਂ ਨੇ ਅਧਿਕਾਰੀਆਂ ਅਤੇ ਕੋਚਿੰਗ ਸੰਸਥਾਵਾਂ ਵਿਚਕਾਰ ਸੰਭਾਵਿਤ ਸੰਪਰਕਾਂ ਦੀ ਫੋਰੈਂਸਿਕ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ।ਉਮੀਦਵਾਰਾਂ ਨੇ ਪ੍ਰੀਖਿਆ ਸਕੱਤਰ ਦੀ ਲਗਾਤਾਰ ਸੰਵੇਦਨਸ਼ੀਲ ਅਹੁਦੇ 'ਤੇ ਤਾਇਨਾਤੀ ਅਤੇ ਹਿੱਤਾਂ ਦੇ ਟਕਰਾਅ ਦੀ ਸੰਭਾਵਨਾ ਬਾਰੇ ਵੀ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਦੀ ਮੰਗ ਹੈ ਕਿ ਅਧਿਕਾਰੀ ਦੀ ਤਾਇਨਾਤੀ, ਕਾਰਜਕਾਲ ਅਤੇ ਤਬਾਦਲੇ ਸਬੰਧੀ ਸਾਰੇ ਹੁਕਮ ਜਨਤਕ ਕੀਤੇ ਜਾਣ ਅਤੇ ਜੇਕਰ ਕਿਸੇ ਅਧਿਕਾਰੀ ਦੇ ਪਰਿਵਾਰਕ ਮੈਂਬਰ ਦਾ ਇਸ ਪ੍ਰੀਖਿਆ ਜਾਂ ਕੋਚਿੰਗ ਸੰਸਥਾ ਨਾਲ ਕੋਈ ਸਬੰਧ ਸੀ ਤਾਂ ਉਸ ਦੀ ਵੀ ਜਾਂਚ ਹੋਵੇ।ਪੰਜ ਵੱਡੀਆਂ ਮੰਗਾਂ ਨਾਲ ਖੋਲ੍ਹਿਆ ਮੋਰਚਾਉਮੀਦਵਾਰਾਂ ਨੇ P P S C ਚੇਅਰਮੈਨ ਦਾ ਅਸਤੀਫ਼ਾ, ਪ੍ਰੀਖਿਆ ਸਕੱਤਰ ਨੂੰ ਹਟਾਉਣ ਜਾਂ ਬਦਲਣ, PCS M a i n s ਦੀ ਪ੍ਰੀਖਿਆ ਹਾਈਕੋਰਟ ਦੀ ਨਿਗਰਾਨੀ ਹੇਠ ਮੁੜ ਕਰਵਾਉਣ, ਪੂਰੇ ਮਾਮਲੇ ਦੀ ਸਮਾਂਬੱਧ ਸੀਬੀਆਈ ਜਾਂਚ ਅਤੇ ਜਾਂਚ ਮੁਕੰਮਲ ਹੋਣ ਤੱਕ 11 ਤੋਂ 17 ਨਵੰਬਰ ਤੱਕ ਹੋਣ ਵਾਲੀ ਡਾਕੂਮੈਂਟ ਵੈਰੀਫਿਕੇਸ਼ਨ ਅਤੇ ਇੰਟਰਵਿਊ ਪ੍ਰਕਿਰਿਆ 'ਤੇ ਤੁਰੰਤ ਰੋਕ ਲਗਾਉਣ ਦੀ ਮੰਗ ਕੀਤੀ ਹੈ।ਉਮੀਦਵਾਰਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਪ੍ਰੀਖਿਆ ਪ੍ਰਕਿਰਿਆ ਨਾਲ ਜੁੜੇ ਸਾਰੇ ਸਵਾਲਾਂ ਦੇ ਤਸੱਲੀਬਖ਼ਸ਼ ਜਵਾਬ ਅਤੇ ਰਿਕਾਰਡ ਜਨਤਕ ਨਹੀਂ ਕੀਤੇ ਜਾਂਦੇ, ਉਦੋਂ ਤੱਕ ਇਸ ਨਤੀਜੇ ਦੀ ਭਰੋਸੇਯੋਗਤਾ 'ਤੇ ਸਵਾਲ ਬਣੇ ਰਹਿਣਗੇ। ਹਾਲਾਂਕਿ ਪ੍ਰੈੱਸ ਨੋਟ ਵਿੱਚ ਲਾਏ ਗਏ ਦੋਸ਼ਾਂ ਦੀ ਸੁਤੰਤਰ ਪੁਸ਼ਟੀ ਹੋਣੀ ਅਜੇ ਬਾਕੀ ਹੈ।

21 ਦਿਨਾਂ ਤੋਂ ਸੜਕਾਂ ਤੇ ਬੈਠੇ ਨੇ ਬੈਂਕ ਮੁਲਾਜ਼ਮ, ਪਰ ਸਰਕਾਰ ਦੇ ਕੰਨ ਤੇ ਜੂੰ ਨਹੀਂ ਸਰਕੀ



ਦੇਸੀ ਪੰਜਾਬ

ਬਲਾਚੌਰ, 10 ਨਵੰਬਰ (ਜਤਿੰਦਰਪਾਲ ਸਿੰਘ ਕਲੇਰ) - ਰਜਿਸਟ੍ਰਾਰ ਸਹਿਕਾਰੀ ਸਭਾਵਾਂ ਪੰਜਾਬ ਦੇ ਦਫਤਰ ਅੱਗੇ ਲੈਂਡ ਮਾਰਗੇਜ ਬੈਂਕ ਕਰਮਚਾਰੀ ਯੂਨੀਅਨ ਪੰਜਾਬ ਦੇ ਸੱਦੇ ਤੇ ਚੱਲ ਰਿਹਾ ਧਰਨਾ ਅੱਜ 21ਵੇਂ ਦਿਨ ਵਿੱਚ ਦਾਖ਼ਿਲ ਹੋ ਗਿਆ ਹੈ। ਤਿੰਨ ਹਫ਼ਤਿਆਂ ਤੋਂ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ ਤੇ ਬੈਠੇ ਹਨ, ਪਰ ਪੰਜਾਬ ਸਰਕਾਰ ਅਤੇ ਰਜਿਸਟ੍ਰਾਰ ਦਫ਼ਤਰ ਵੱਲੋਂ ਹਾਲੇ ਤੱਕ ਕੋਈ ਸਾਰ ਨਹੀਂ ਲਈ ਗਈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਅੱਜ ਦੇ ਸੂਬਾ ਪੱਧਰੀ ਧਰਨੇ ਵਿੱਚ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਹੁਸ਼ਿਆਰਪੁਰ ਦੇ ਸਮੂਹ ਬੈਂਕ ਮੁਲਾਜ਼ਮਾਂ ਨੇ ਸ਼ਮੂਲੀਅਤ ਕੀਤੀ।

ਧਰਨੇ ਦੀ ਅਗਵਾਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਕਮਲਪ੍ਰੀਤ ਸਿੰਘ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਜੋਗਿੰਦਰਪਾਲ ਨੇ ਕੀਤੀ। ਧਰਨੇ ਵਿੱਚ ਸ਼ਾਮਿਲ ਹੋਏ ਮੁਲਾਜ਼ਮਾਂ ਨੇ ਰਜਿਸਟ੍ਰਾਰ ਸਹਿਕਾਰੀ ਸਭਾਵਾਂ ਚੰਡੀਗੜ੍ਹ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਤੁਰੰਤ ਪ੍ਰਵਾਨ ਕਰਨ ਦੀ ਮੰਗ ਕੀਤੀ।

ਇਸ ਮੌਕੇ ਦੋਵਾਂ ਜ਼ਿਲ੍ਹਾ ਪ੍ਰਧਾਨਾਂ ਅਤੇ ਪੀਏਡੀਬੀ ਬਲਾਚੌਰ ਦੇ ਮੈਨੇਜਰ ਹਰਮੇਸ਼ ਕੁਮਾਰ, ਜਿਨ੍ਹਾਂ ਕੋਲ ਬੰਗਾ ਦਾ ਵੀ ਚਾਰਜ ਹੈ, ਅਤੇ ਮੰਗਤ ਰਾਮ ਮੈਨੇਜਰ ਨਵਾਂਸ਼ਹਿਰ ਨੇ ਦੱਸਿਆ ਕਿ ਬੋਰਡ ਆਫ ਡਾਇਰੈਕਟਰ ਵੱਲੋਂ ਸਾਲ 2023 ਵਿੱਚ ਹੀ 6ਵੇਂ ਤਨਖਾਹ ਕਮਿਸ਼ਨ ਨੂੰ ਲਾਗੂ ਕਰਨ ਸੰਬੰਧੀ ਮਨਜ਼ੂਰੀ ਦਿੱਤੀ ਜਾ ਚੁੱਕੀ ਹੈ, ਇਸਦੇ ਬਾਵਜੂਦ ਵੀ ਮੁਲਾਜ਼ਮਾਂ ਨੂੰ ਬਣਦੇ ਲਾਭ ਨਹੀਂ ਮਿਲ ਰਹੇ। ਇਸਦੇ ਨਾਲ ਹੀ ਮੁਲਾਜ਼ਮ ਯੂਨੀਅਨ ਪੇ ਕਮਿਸ਼ਨ ਸੰਬੰਧੀ ਕੋਰਟ ਕੇਸ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚੋਂ ਜਿੱਤ ਵੀ ਚੁੱਕੀ ਹੈ, ਫਿਰ ਵੀ ਸਰਕਾਰ ਅੱਖਾਂ ਮੀਟੀ ਬੈਠੀ ਹੈ।

ਮੁਲਾਜ਼ਮ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨੂੰ ਜਲਦੀ ਪ੍ਰਵਾਨ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁਲਾਜ਼ਮ ਆਪਣੇ ਹੱਕ ਲਏ ਬਿਨਾਂ ਪਿੱਛੇ ਨਹੀਂ ਹਟਣਗੇ।

ਇਸ ਮੌਕੇ ਨਰੇਸ਼ ਕੁਮਾਰ ਫੀਲਡ ਅਫ਼ਸਰ ਬਲਾਚੌਰ, ਰਣਜੀਤ ਸਿੰਘ, ਮਨੋਜ ਠਾਕੁਰ, ਕੁਲਦੀਪ ਸਿੰਘ, ਮਨਦੀਪ ਕੁਮਾਰ, ਕੁਲਜੀਤ ਸਿੰਘ, ਸ਼ਿਵਏਕਮ, ਮਨੋਜ ਕੁਮਾਰ, ਤਲਜਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

ਦੂਜੇ ਪਾਸੇ ਪੀਏਡੀਬੀ ਬੈਂਕ ਦੇ ਮੁਲਾਜ਼ਮ ਧਰਨੇ ਤੇ ਗਏ ਹੋਣ ਕਾਰਨ ਪੀਏਡੀਬੀ ਬਲਾਚੌਰ ਬੰਦ ਰਿਹਾ, ਜਿਸ ਕਾਰਨ ਗਾਹਕਾਂ ਨੂੰ ਵੀ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।

ਪੈਨਸ਼ਨਰਾਂ ਦੇ ਹੱਕਾਂ ਦੀ ਅਣਦੇਖੀ ਵਿਰੁੱਧ ਸਰਕਾਰ 'ਤੇ ਵਰ੍ਹੇ ਸੂਬਾ ਪ੍ਰਧਾਨ ਨਰੇਸ਼ ਕੁਮਾਰ, 13 ਨਵੰਬਰ ਨੂੰ ਸੰਗਰੂਰ ਵਿਖੇ ਲੱਗਣ ਵਾਲੇ ਪੱਕੇ ਮੋਰਚੇ ਵਿੱਚ ਵੱਡੀ ਗਿਣਤੀ ਨਾਲ ਸ਼ਮੂਲੀਅਤ ਕਰਨਗੇ ਪੈਨਸ਼ਨਰ

ਦੇਸੀ ਪੰਜਾਬ



ਬਟਾਲਾ, 10 ਨਵੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਸਟੇਟ ਪੈਨਸ਼ਨਰ ਜ਼ਿਲ੍ਹਾ ਕਾਰਜਕਾਰਨੀ ਦੀ ਮਹੀਨਾਵਾਰ ਮੀਟਿੰਗ ਰਾਮਪਾਲ ਸੈਣੀ ਅਤੇ ਚਮਨ ਗੁਪਤਾ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸੂਬਾ ਪ੍ਰਧਾਨ ਨਰੇਸ਼ ਕੁਮਾਰ, ਮੁੱਖ ਸਲਾਹਕਾਰ ਡਾ. ਲੇਖਰਾਜ ਅਤੇ ਇੰਜੀਨੀਅਰਿੰਗ ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਹਰੀਸ਼ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਜਿੱਥੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਸਵਾਲ ਉਠਾਏ ਗਏ, ਉੱਥੇ ਹੀ 13 ਨਵੰਬਰ ਤੋਂ ਸੰਗਰੂਰ ਵਿਖੇ ਸ਼ੁਰੂ ਹੋਣ ਵਾਲੇ ਪੱਕੇ ਮੋਰਚੇ ਵਿੱਚ ਵੱਡੀ ਗਿਣਤੀ ਨਾਲ ਸ਼ਮੂਲੀਅਤ ਕਰਨ ਦਾ ਅਹਿਮ ਫੈਸਲਾ ਵੀ ਕੀਤਾ ਗਿਆ।ਮੀਟਿੰਗ ਦੌਰਾਨ ਸੇਵਾਮੁਕਤ ਸੁਪਰਡੈਂਟ ਅਤੇ ਪੀ.ਐੱਸ.ਐੱਮ.ਐੱਸ.ਯੂ. ਜ਼ਿਲ੍ਹਾ ਪਠਾਨਕੋਟ ਦੇ ਲੰਮੇ ਸਮੇਂ ਤੱਕ ਪ੍ਰਧਾਨ ਰਹੇ ਗੁਰਨਾਮ ਸਿੰਘ ਸੈਣੀ, ਮਾਸਟਰ ਹਰਦੇਵ ਸਿੰਘ ਅਤੇ ਸਲਵਿੰਦਰ ਕੁਮਾਰ ਵੱਲੋਂ ਪੈਨਸ਼ਨਰ ਐਸੋਸੀਏਸ਼ਨ ਵਿੱਚ ਸ਼ਾਮਲ ਹੋਣ 'ਤੇ ਉਨ੍ਹਾਂ ਦਾ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸੂਬਾ ਪ੍ਰਧਾਨ ਨਰੇਸ਼ ਕੁਮਾਰ ਨੇ ਕਿਹਾ ਕਿ ਗੁਰਨਾਮ ਸਿੰਘ ਸੈਣੀ ਵਰਗੇ ਤਜਰਬੇਕਾਰ ਅਤੇ ਸੰਘਰਸ਼ਸ਼ੀਲ ਆਗੂ ਦੇ ਐਸੋਸੀਏਸ਼ਨ ਵਿੱਚ ਸ਼ਾਮਲ ਹੋਣ ਨਾਲ ਜਥੇਬੰਦੀ ਨੂੰ ਹੋਰ ਮਜ਼ਬੂਤੀ ਮਿਲੇਗੀ ਪੀ.ਐੱਸ.ਐੱਮ.ਐੱਸ.ਯੂ. ਵਿੱਚ ਲੰਮਾ ਸਮਾਂ ਕੰਮ ਕਰਨ ਦਾ ਉਨ੍ਹਾਂ ਦਾ ਤਜਰਬਾ ਅਤੇ ਮੁਲਾਜ਼ਮਾਂ ਦੇ ਹੱਕਾਂ ਲਈ ਸੰਘਰਸ਼ ਕਰਨ ਦੀ ਭਾਵਨਾ ਐਸੋਸੀਏਸ਼ਨ ਲਈ ਵਡਮੁੱਲੀ ਸਾਬਤ ਹੋਵੇਗੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਨਾਮ ਸਿੰਘ ਸੈਣੀ, ਡਾ. ਲੇਖਰਾਜ, ਐਕਸੀਅਨ ਮਹੇਸ਼ ਦਾਸ, ਹਰੀਸ਼ ਸ਼ਰਮਾ, ਕੁਲਭੂਸ਼ਣ, ਰਾਜਕੁਮਾਰ ਅਤੇ ਸੁਖਵਿੰਦਰ ਸ਼ਰਮਾ ਨੇ ਕਿਹਾ ਕਿ ਸਰਕਾਰ ਪਿਛਲੇ ਸਾਢੇ ਚਾਰ ਸਾਲਾਂ ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ। ਆਪਣੇ ਹੱਕ ਪ੍ਰਾਪਤ ਕਰਨ ਲਈ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਡੀ.ਏ. ਦੀ ਤਿੰਨ ਫੀਸਦੀ ਕਿਸ਼ਤ ਜਾਰੀ ਕਰਨ ਨੂੰ ਤੋਹਫ਼ੇ ਵਜੋਂ ਪੇਸ਼ ਕਰਨਾ ਪੈਨਸ਼ਨਰਾਂ ਦੇ ਹੱਕਾਂ ਨਾਲ ਮਜ਼ਾਕ ਕਰਨ ਦੇ ਬਰਾਬਰ ਹੈ। ਬੁਲਾਰਿਆਂ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਸਰਕਾਰ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਮਹਿੰਗਾਈ ਭੱਤਾ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਹੱਕ ਹੈ, ਕੋਈ ਸਰਕਾਰੀ ਖੈਰਾਤ ਜਾਂ ਤੋਹਫ਼ਾ ਨਹੀਂ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਦਾ ਅਜੇ ਵੀ 10 ਫੀਸਦੀ ਡੀ.ਏ. ਬਕਾਇਆ ਹੈ, ਜਿਸ ਨੂੰ ਸਰਕਾਰ ਬਿਨਾਂ ਕਿਸੇ ਹੋਰ ਦੇਰੀ ਦੇ ਤੁਰੰਤ ਜਾਰੀ ਕਰੇ।ਆਗੂਆਂ ਨੇ ਮੰਗ ਕੀਤੀ ਕਿ ਪੇਅ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ ਫਿਕਸੇਸ਼ਨ ਲਈ 2.59 ਦਾ ਫਾਰਮੂਲਾ ਲਾਗੂ ਕੀਤਾ ਜਾਵੇ, ਮੈਡੀਕਲ ਭੱਤਾ ਵਧਾ ਕੇ 2,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ ਅਤੇ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ। ਇਸ ਤੋਂ ਇਲਾਵਾ ਕੇਂਦਰੀ ਤਨਖਾਹ ਕਮਿਸ਼ਨ ਲਾਗੂ ਕਰਨ ਸਬੰਧੀ 17 ਜੁਲਾਈ 2020 ਦਾ ਪੱਤਰ ਵਾਪਸ ਲੈਣ, ਸਿਹਤ ਬੀਮਾ ਯੋਜਨਾ ਲਾਗੂ ਕਰਨ ਅਤੇ ਮੁਲਾਜ਼ਮ-ਪੈਨਸ਼ਨਰ ਸਾਂਝੇ ਫਰੰਟ ਦੇ ਆਗੂਆਂ ਨੂੰ ਮੀਟਿੰਗ ਲਈ ਤੁਰੰਤ ਸਮਾਂ ਦੇ ਕੇ ਉਨ੍ਹਾਂ ਦੀਆਂ ਰਹਿੰਦੀਆਂ ਮੰਗਾਂ ਦਾ ਨਿਪਟਾਰਾ ਕਰਨ ਦੀ ਮੰਗ ਵੀ ਜ਼ੋਰਦਾਰ ਢੰਗ ਨਾਲ ਉਠਾਈ ਗਈ।ਆਗੂਆਂ ਨੇ ਕਿਹਾ ਕਿ ਸਰਕਾਰ ਦੀ ਲਗਾਤਾਰ ਟਾਲਮਟੋਲ ਵਾਲੀ ਨੀਤੀ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜੇਕਰ ਸਰਕਾਰ ਨੇ ਸਮਾਂ ਰਹਿੰਦਿਆਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸੇ ਲੜੀ ਤਹਿਤ 13 ਨਵੰਬਰ ਤੋਂ ਸੰਗਰੂਰ ਵਿਖੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਲਗਾਏ ਜਾ ਰਹੇ ਪੱਕੇ ਮੋਰਚੇ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਬਟਾਲਾ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਧ ਤੋਂ ਵੱਧ ਪੈਨਸ਼ਨਰ 13 ਨਵੰਬਰ ਨੂੰ ਸੰਗਰੂਰ ਪਹੁੰਚ ਕੇ ਮੋਰਚੇ ਵਿੱਚ ਸ਼ਮੂਲੀਅਤ ਕਰਨਗੇ ਅਤੇ ਆਪਣੇ ਹੱਕਾਂ ਦੀ ਆਵਾਜ਼ ਬੁਲੰਦ ਕਰਨਗੇ।ਮੀਟਿੰਗ ਵਿੱਚ ਵਜ਼ੀਰ ਚੰਦ, ਦਿਲਬਾਗ ਰਾਏ, ਤਰਸੇਮ ਕੁਮਾਰ, ਗੁਰਮੀਤ ਸਿੰਘ, ਕ੍ਰਿਸ਼ਨ ਭਗਵਾਨ, ਜੋਗਿੰਦਰ ਪਾਲ, ਰਵੇਲ ਸਿੰਘ, ਓਮ ਪ੍ਰਕਾਸ਼, ਸ਼ਕਤੀ ਪ੍ਰਸ਼ਾਦ, ਮਹਿੰਦਰ ਪਾਲ, ਅਰਜਨ ਸਾਰਥੀ, ਬੰਸੀ ਲਾਲ, ਪੂਰਨ ਚੰਦ ਸਮੇਤ ਵੱਡੀ ਗਿਣਤੀ ਵਿੱਚ ਪੈਨਸ਼ਨਰ ਹਾਜ਼ਰ ਸਨ।

ਸ੍ਰੀ ਅਨੰਦਪੁਰ ਸਾਹਿਬ ਵਿਖੇ ਬਣੇਗਾ ਅਤਿ-ਆਧੁਨਿਕ ਟਰੋਮਾ ਸੈਂਟਰ, 14 ਨਵੰਬਰ ਨੂੰ ਅਰਦਾਸ ਉਪਰੰਤ ਪ੍ਰੋਜੈਕਟ ਦੀ ਹੋਵੇਗੀ ਸ਼ੁਰੂਆਤ- ਹਰਜੋਤ ਬੈਂਸ

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਹੋਵੇਗਾ ਇਤਿਹਾਸਕ ਸਿਹਤ ਪ੍ਰੋਜੈਕਟ- ਕੈਬਨਿਟ ਮੰਤਰੀ

ਦੇਸੀ ਪੰਜਾਬ

ਬੀ ਐੱਸ ਚਾਨਾ ਪੱਤਰ ਵਿੱਚ

ਸ੍ਰੀ ਆਨੰਦਪੁਰ ਸਾਹਿਬ 10 ਨਵੰਬਰ ਸ੍ਰੀ ਆਨੰਦਪੁਰ ਸਾਹਿਬ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇ ਮੰਤਵ ਨਾਲ ਸ੍ਰੀ ਆਨੰਦਪੁਰ ਸਾਹਿਬ ਵਿਖੇ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਟਰੋਮਾ ਸੈਂਟਰ 14 ਨਵੰਬਰ ਨੂੰ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ-ਬੇਨਤੀ ਕਰਕੇ ਕੀਤੀ ਜਾਵੇਗੀ। ਇਹ ਪ੍ਰੋਜੈਕਟ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੀ ਸ਼ਤਾਬਦੀ ਨੂੰ ਸਮਰਪਿਤ ਹੋਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਪ੍ਰੋਜੈਕਟ ਇਲਾਕੇ ਦੇ ਲੋਕਾਂ ਲਈ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਇਤਿਹਾਸਕ ਪ੍ਰਾਪਤੀ ਸਾਬਤ ਹੋਵੇਗਾ।



ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਦੱਸਿਆ ਕਿ ਪਿਛਲੇ ਸਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ ਟਰੋਮਾ ਸੈਂਟਰ ਸਥਾਪਤ ਕਰਨ ਦਾ ਐਲਾਨ ਕੀਤਾ ਗਿਆ ਸੀ। ਇਸ ਐਲਾਨ ਨੂੰ ਅਮਲੀ ਰੂਪ ਦੇਣ ਲਈ ਹੁਣ ਸਾਰੀਆਂ ਲੋੜੀਂਦੀਆਂ ਸਰਕਾਰੀ ਅਤੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਟਰੋਮਾ ਸੈਂਟਰ ਅਜਿਹਾ ਆਧੁਨਿਕ ਹਸਪਤਾਲ ਹੋਵੇਗਾ, ਜਿੱਥੇ ਸੜਕ ਹਾਦਸਿਆਂ ਦੇ ਗੰਭੀਰ ਮਰੀਜ਼ਾਂ ਦੇ ਇਲਾਜ, ਐਮਰਜੈਂਸੀ ਮੈਡੀਕਲ ਸੇਵਾਵਾਂ ਅਤੇ ਵੱਡੀਆਂ ਸਰਜਰੀਆਂ ਸਮੇਤ ਲੋੜੀਂਦੀਆਂ ਸਿਹਤ ਸਹੂਲਤਾਂ ਉਪਲਬਧ ਹੋਣਗੀਆਂ। ਇਸ ਸਮੇਂ ਅਜਿਹੀਆਂ ਸਹੂਲਤਾਂ ਦੀ ਘਾਟ ਕਾਰਨ ਲੋਕਾਂ ਨੂੰ ਗੰਭੀਰ ਹਾਲਤ ਵਿੱਚ ਮਰੀਜ਼ਾਂ ਨੂੰ ਪੀਜੀਆਈ ਚੰਡੀਗੜ੍ਹ, ਵੱਡੇ ਨਿੱਜੀ ਹਸਪਤਾਲਾਂ ਜਾਂ ਬਿਲਾਸਪੁਰ ਲਿਜਾਣਾ ਪੈਂਦਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਟਰੋਮਾ ਸੈਂਟਰ ਦੀ ਉਸਾਰੀ ਸਬੰਧੀ ਸਾਰੀਆਂ ਲੋੜੀਂਦੀਆਂ ਕਾਰਵਾਈਆਂ ਪੂਰੀਆਂ ਹੋ ਚੁੱਕੀਆਂ ਹਨ। ਪੁਰਾਣੀ ਇਮਾਰਤ ਨੂੰ ਢਾਹ ਦਿੱਤਾ ਗਿਆ ਹੈ ਅਤੇ ਉਸਾਰੀ ਦਾ ਟੈਂਡਰ ਵੀ ਅਲਾਟ ਹੋ ਚੁੱਕਾ ਹੈ। ਠੇਕੇਦਾਰ ਵੱਲੋਂ ਕੰਮ ਸ਼ੁਰੂ ਕਰਨ ਲਈ ਲੋੜੀਂਦੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ 14 ਨਵੰਬਰ ਨੂੰ ਅਰਦਾਸ ਉਪਰੰਤ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਜਾਵੇਗੀ ਅਤੇ ਅਗਲੇ ਇੱਕ-ਦੋ ਦਿਨਾਂ ਦੇ ਅੰਦਰ ਹੀ ਇਮਾਰਤ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਸਿਰਫ਼ ਸ੍ਰੀ ਆਨੰਦਪੁਰ ਸਾਹਿਬ ਹਲਕੇ ਦੇ ਲੋਕਾਂ ਨੂੰ ਹੀ ਨਹੀਂ, ਸਗੋਂ ਰੂਪਨਗਰ ਜ਼ਿਲ੍ਹੇ ਅਤੇ ਹਿਮਾਚਲ ਪ੍ਰਦੇਸ਼ ਦੇ ਨਾਲ ਲੱਗਦੇ ਇਲਾਕਿਆਂ ਦੇ ਵਸਨੀਕਾਂ ਨੂੰ ਵੀ ਵੱਡੀ ਸਿਹਤ ਸਹੂਲਤ ਮਿਲੇਗੀ।

ਨਸ਼ਿਆਂ ਦੀ ਸਪਲਾਈ ਰੋਕਣ ਦੇ ਨਾਲ-ਨਾਲ ਨਸ਼ਾ ਪੀੜਤਾਂ ਦੇ ਇਲਾਜ, ਮੁੜ ਵਸੇਬੇ ਅਤੇ ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼

ਦੇਸੀ ਪੰਜਾਬ



ਪਟਿਆਲਾ, 10 ਨਵੰਬਰ:ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਨੇ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹੇ ਦੇ ਹੌਟ ਸਪੌਟ ਖੇਤਰਾਂ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਉਪਰਾਲਿਆਂ ਅਤੇ ਵੱਖ-ਵੱਖ ਵਿਭਾਗਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ। ਸਮੂਹ ਐਸ.ਡੀ.ਐਮਜ਼, ਡੀ.ਐਸ.ਪੀਜ਼ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਪੂਰੀ ਤਨਦੇਹੀ ਨਾਲ ਕੰਮ ਕਰਨ ਅਤੇ ਕਿਸੇ ਵੀ ਪੱਧਰ 'ਤੇ ਢਿੱਲ ਨਾ ਵਰਤੀ ਜਾਵੇ।ਏ.ਡੀ.ਸੀ. ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਵਿਕਰੀ ਅਤੇ ਨਸ਼ਿਆਂ ਨਾਲ ਸਬੰਧਤ ਹੋਰ ਗਤੀਵਿਧੀਆਂ ਦੇ ਮੱਦੇਨਜ਼ਰ 20 ਖੇਤਰਾਂ ਦੀ ਹੌਟ ਸਪੌਟ ਵਜੋਂ ਪਛਾਣ ਕੀਤੀ ਗਈ ਹੈ, ਜਿੱਥੇ ਨਸ਼ਿਆਂ ਦੀ ਰੋਕਥਾਮ ਦੇ ਨਾਲ-ਨਾਲ ਲੋਕਾਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਤਰਾਂ ਵਿੱਚ ਨਸ਼ਿਆਂ ਦੀ ਖਪਤ ਵਾਲੀਆਂ ਥਾਵਾਂ ਨੂੰ ਮੁੜ ਵਰਤੋਂ ਯੋਗ ਬਣਾਉਣ ਲਈ ਬੁਨਿਆਦੀ ਢਾਂਚੇ ਵਿੱਚ ਸੁਧਾਰ, ਸੀ.ਸੀ.ਟੀ.ਵੀ. ਕੈਮਰੇ ਲਗਾਉਣ, ਰੌਸ਼ਨੀ ਦੇ ਢੁੱਕਵੇਂ ਪ੍ਰਬੰਧ ਕਰਨ ਅਤੇ ਨਸ਼ਾ ਤਸਕਰਾਂ ਦੀਆਂ ਨਾਜਾਇਜ਼ ਜਾਇਦਾਦਾਂ ਦੀ ਸ਼ਨਾਖ਼ਤ ਕਰਕੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਕਾਰਵਾਈ ਕਰਨ ਵਰਗੇ ਕਦਮ ਚੁੱਕੇ ਜਾ ਰਹੇ ਹਨ।ਅਨੁਪ੍ਰਿਤਾ ਜੌਹਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹੌਟ ਸਪੌਟ ਖੇਤਰਾਂ ਵਿੱਚ ਨਿਯਮਤ ਜਨਤਕ ਮੀਟਿੰਗਾਂ ਕੀਤੀਆਂ ਜਾਣ ਅਤੇ ਲੋਕਾਂ ਵੱਲੋਂ ਦਰਪੇਸ਼ ਨਾਗਰਿਕ ਸਮੱਸਿਆਵਾਂ ਦੀ ਪਛਾਣ ਕਰਕੇ ਉਨ੍ਹਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਇਸ ਦੇ ਨਾਲ ਹੀ ਪਿੰਡ ਰੱਖਿਆ ਕਮੇਟੀਆਂ ਅਤੇ ਸਥਾਨਕ ਵਸਨੀਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇ, ਤਾਂ ਜੋ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਲਹਿਰ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਨਸ਼ਾ ਪੀੜਤਾਂ ਦੇ ਇਲਾਜ ਅਤੇ ਮੁੜ ਵਸੇਬੇ 'ਤੇ ਜ਼ੋਰ ਦਿੰਦਿਆਂ ਏਡੀਸੀ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਹੌਟ ਸਪੌਟ ਖੇਤਰਾਂ ਵਿੱਚ ਨਸ਼ਾ ਕਰਨ ਵਾਲੇ ਵਿਅਕਤੀਆਂ ਦੀ ਸ਼ਨਾਖ਼ਤ ਕਰਕੇ ਉਨ੍ਹਾਂ ਦੀ ਸਿਹਤ ਜਾਂਚ ਕਰਵਾਈ ਜਾਵੇ ਅਤੇ ਲੋੜ ਅਨੁਸਾਰ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ, ਮੁੜ ਵਸੇਬਾ ਕੇਂਦਰਾਂ ਅਤੇ ਓ.ਓ.ਏ.ਟੀ. ਕਲੀਨਿਕਾਂ ਵਿੱਚ ਇਲਾਜ ਲਈ ਦਾਖ਼ਲ ਕਰਵਾਇਆ ਜਾਵੇ। ਉਨ੍ਹਾਂ ਇਲਾਜ ਅਧੀਨ ਵਿਅਕਤੀਆਂ ਦੀ ਨਿਯਮਤ ਫਾਲੋਅੱਪ ਅਤੇ ਇਲਾਜ ਪੂਰਾ ਹੋਣ ਤੱਕ ਨਿਗਰਾਨੀ ਰੱਖਣ ਦੇ ਵੀ ਨਿਰਦੇਸ਼ ਦਿੱਤੇ।ਏ.ਡੀ.ਸੀ. ਜੌਹਲ ਨੇ ਮੈਡੀਕਲ ਸਟੋਰਾਂ ਦੀ ਜਾਂਚ ਤੇਜ਼ ਕਰਨ, ਪਾਬੰਦੀਸ਼ੁਦਾ ਦਵਾਈਆਂ ਦੀ ਗੈਰ-ਕਾਨੂੰਨੀ ਵਿਕਰੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਅਤੇ ਵਿਦਿਅਕ ਸੰਸਥਾਵਾਂ ਦੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਉਤਪਾਦਾਂ ਦੀ ਵਿਕਰੀ 'ਤੇ ਰੋਕ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਵੀ ਕਿਹਾ।ਸਿੱਖਿਆ ਵਿਭਾਗ ਨੂੰ ਸਕੂਲਾਂ, ਕਾਲਜਾਂ ਅਤੇ ਹੌਟ ਸਪੌਟ ਖੇਤਰਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਦੇ ਨਾਲ-ਨਾਲ ਵਿਦਿਆਰਥੀਆਂ, ਮਾਪਿਆਂ ਅਤੇ ਆਮ ਲੋਕਾਂ ਦੀ ਸਰਗਰਮ ਸ਼ਮੂਲੀਅਤ ਯਕੀਨੀ ਬਣਾਉਣ ਲਈ ਕਿਹਾ ਗਿਆ। ਉਨ੍ਹਾਂ ਐਨ.ਸੀ.ਸੀ. ਅਤੇ ਐਨ.ਐਸ.ਐਸ. ਰਾਹੀਂ ਵੀ ਨਸ਼ਾ ਵਿਰੋਧੀ ਜਾਗਰੂਕਤਾ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਅਤੇ ਸਾਰੇ ਵਿਭਾਗਾਂ ਨੂੰ ਆਪਣੀ ਕਾਰਗੁਜ਼ਾਰੀ ਦੀ ਨਿਯਮਤ ਸਮੀਖਿਆ ਕਰਨ ਦੇ ਨਿਰਦੇਸ਼ ਦਿੱਤੇ।

ਰੈਲ ਮਾਜਰਾ ਦੀ ਧੀ ਦਿਲਜੋਤ ਕੌਰ ਨੇ ਜ਼ਿਲ੍ਹਾ ਪੱਧਰੀ ਸ਼ਾਟ ਪੁੱਟ ਮੁਕਾਬਲੇ ਵਿੱਚ ਮਾਰੀ ਬਾਜ਼ੀ, ਪਹਿਲਾ ਸਥਾਨ ਜਿੱਤ ਕੇ ਪਿੰਡ ਦਾ ਨਾਮ ਕੀਤਾ ਰੌਸ਼ਨ

ਦੇਸੀ ਪੰਜਾਬ



ਬਲਾਚੌਰ, 10 ਨਵੰਬਰ (ਜਤਿੰਦਰਪਾਲ ਸਿੰਘ ਕਲੇਰ) - ਪਿੰਡ ਰੈਲ ਮਾਜਰਾ ਲਈ ਇਹ ਬੇਹੱਦ ਮਾਣ ਅਤੇ ਖੁਸ਼ੀ ਵਾਲੀ ਗੱਲ ਹੈ ਕਿ ਪਿੰਡ ਦੀ ਹੋਣਹਾਰ ਵਿਦਿਆਰਥਣ ਦਿਲਜੋਤ ਕੌਰ ਨੇ ਜ਼ਿਲ੍ਹਾ ਪੱਧਰ ਦੇ ਸ਼ਾਟ ਪੁੱਟ ਯਾਨੀ ਗੋਲਾ ਸੁੱਟਣ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਪੂਰੇ ਪਿੰਡ ਦਾ ਨਾਮ ਰੌਸ਼ਨ ਕਰ ਦਿੱਤਾ ਹੈ। ਇਸ ਜਿੱਤ ਨਾਲ ਪੂਰੇ ਪਿੰਡ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਹਰ ਪਾਸੇ ਧੀ ਦੀ ਪ੍ਰਾਪਤੀ ਦੀਆਂ ਚਰਚਾਵਾਂ ਹੋ ਰਹੀਆਂ ਹਨ।

ਇਹ ਪ੍ਰਾਪਤੀ ਦਿਲਜੋਤ ਕੌਰ ਦੀ ਲਗਨ, ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਉਸਦੇ ਮਿਹਨਤੀ ਮਾਪਿਆਂ ਦੀਆਂ ਕੋਸ਼ਿਸ਼ਾਂ ਦਾ ਨਤੀਜਾ ਹੈ। ਇਸ ਕਾਮਯਾਬੀ ਪਿੱਛੇ ਮਾਪਿਆਂ ਦਾ ਸਹਿਯੋਗ ਅਤੇ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਵੀ ਸ਼ਲਾਘਾਯੋਗ ਹੈ, ਜਿਨ੍ਹਾਂ ਨੇ ਧੀ ਨੂੰ ਹਰ ਕਦਮ ਤੇ ਹੌਸਲਾ ਦਿੱਤਾ ਅਤੇ ਸਹੀ ਮਾਰਗਦਰਸ਼ਨ ਕੀਤਾ।

ਅੱਜ ਸਾਡੇ ਪਿੰਡ ਦੀ ਧੀ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜੇਕਰ ਬੱਚਿਆਂ ਨੂੰ ਮੌਕੇ, ਹੌਸਲਾ ਅਤੇ ਸਹੀ ਮਾਰਗਦਰਸ਼ਨ ਮਿਲੇ ਤਾਂ ਉਹ ਕਿਸੇ ਵੀ ਖੇਤਰ ਵਿੱਚ ਵੱਡੀਆਂ ਮੱਲਾਂ ਮਾਰ ਸਕਦੇ ਹਨ। ਦਿਲਜੋਤ ਕੌਰ ਦੀ ਇਸ ਜਿੱਤ ਨੇ ਹੋਰ ਬੱਚਿਆਂ ਖਾਸ ਕਰਕੇ ਧੀਆਂ ਲਈ ਵੀ ਇੱਕ ਮਿਸਾਲ ਕਾਇਮ ਕੀਤੀ ਹੈ ਕਿ ਮਿਹਨਤ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ।

ਇਸ ਮੌਕੇ ਤੇਜੀ ਮਾਂਗਟ ਪ੍ਰਧਾਨ ਦੋਆਬਾ ਜ਼ੋਨ ਪਾਰਟੀ ਮਿਸਲ ਸਤਲੁਜ ਨੇ ਦਿਲਜੋਤ ਕੌਰ, ਉਸਦੇ ਮਾਪਿਆਂ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਵਾਹਿਗੁਰੂ ਕਰੇ ਸਾਡੀ ਧੀ ਇਸੇ ਤਰ੍ਹਾਂ ਮਿਹਨਤ ਕਰਦੀ ਹੋਈ ਸੂਬਾ ਅਤੇ ਕੌਮੀ ਪੱਧਰ ਤੇ ਵੀ ਪਿੰਡ ਅਤੇ ਪੰਜਾਬ ਦਾ ਨਾਮ ਚਮਕਾਵੇ। ਉਨ੍ਹਾਂ ਕਿਹਾ ਕਿ ਧੀਆਂ ਦੀਆਂ ਪ੍ਰਾਪਤੀਆਂ ਹੀ ਪਿੰਡ ਦੀ ਅਸਲ ਤਰੱਕੀ ਅਤੇ ਮਾਣ ਹਨ ਅਤੇ ਸਾਨੂੰ ਸਾਰਿਆਂ ਨੂੰ ਆਪਣੀਆਂ ਧੀਆਂ ਤੇ ਮਾਣ ਕਰਨਾ ਚਾਹੀਦਾ ਹੈ।

16 ਨਵੰਬਰ ਨੂੰ ਪਾਵਰਕਾਮ ਪੈਨਸ਼ਰਾਂ ਦਾ ਵੱਡਾ ਜਥਾ ਸਮਰਾਲਾ ਤੋਂ ਡੀ. ਸੀ. ਦਫਤਰ ਸੰਗਰੂਰ ਦੇ ਧਰਨੇ ਲਈ ਹੋਵੇਗਾ ਰਵਾਨਾ

ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨਣ ਦੀ ਸੂਰਤ ਵਿੱਚ 6 ਦਸੰਬਰ ਨੂੰ ਪੰਜਾਬ ਸਰਕਾਰ ਦੇ ਬੁੱਢੇ ਨਾਲੇ ਵਿੱਚ ਪਾਏ ਜਾਣਗੇ ਫੁੱਲ – ਸਿਕੰਦਰ ਸਿੰਘ

ਦੇਸੀ ਪੰਜਾਬ



ਸਮਰਾਲਾ 10 ਨਵੰਬਰ (ਜਸਨ ਬੰਬ)ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਸਮਰਾਲਾ ਦੀ ਮਹੀਨਾਵਾਰ ਮੀਟਿੰਗ ਸਕਿੰਦਰ ਸਿੰਘ ਮੰਡਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਾਹਿਬ ਮੇਨ ਚੌਂਕ ਸਮਰਾਲਾ ਵਿਖੇ ਹੋਈ। ਸਭ ਤੋਂ ਪਹਿਲਾਂ ਵਿਛੜ ਗਏ ਪੈਨਸ਼ਨਰ ਸਾਥੀਆਂ ਅਤੇ ਰਿਸ਼ਤੇਦਾਰਾਂ ਗੁਰਦੀਪ ਸਿੰਘ ਲਾਈਨਮੈਨ ਕਟਾਣੀ ਕਲਾਂ, ਗੁਰਜੀਤ ਸਿੰਘ ਜੇ. ਈ. ਕੋਹਾੜਾ ਦੇ ਮਾਤਾ, ਜਸਵੀਰ ਕੌਰ ਪਤਨੀ ਚਰਨ ਸਿੰਘ ਗੜ੍ਹੀ, ਜਰਨੈਲ ਸਿੰਘ ਲਾਈਨਮੈਨ ਸਮਰਾਲਾ ਦੇ ਰਿਸ਼ਤੇਦਾਰ ਦਲਬਾਰਾ ਸਿੰਘ ਦੋਰਾਹਾ, ਸਰਬਜੀਤ ਕੌਰ ਫੈਮਲੀ ਪੈਨਸ਼ਨਰ ਰੁੜਕਾ ਦੇ ਨੌਜਵਾਨ ਬੇਟੇ ਦੀ ਮੌਤ, ਜੋਗਿੰਦਰ ਕੌਰ ਪਤਨੀ ਅਮਰ ਸਿੰਘ ਕੋਟਾਲਾ ਦੀ ਬੇਵਕਤੀ ਮੌਤ ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਿਕੰਦਰ ਸਿੰਘ ਨੇ ਕਿਹਾ ਕਿ ਮਾਨਸਾ ਵਿਖੇ ਨਸ਼ਿਆਂ ਵਿਰੁੱਧ ਲੜਾਈ ਲੜ ਰਹੇ ਪਰਵਿੰਦਰ ਸਿੰਘ ਝੋਟਾ ਦਾ ਨਸ਼ਾ ਤਸਕਰਾ ਵੱਲੋਂ ਸ਼ਰੇਆਮ ਗੋਲੀਆਂ ਮਾਰ ਕੇ ਕੀਤੇ ਕਤਲ ਦੀ ਨਿਖੇਧੀ ਕਰਦੇ ਹਾਂ ਅਤੇ ਜੋ ਝੋਟੇ ਵੱਲੋਂ ਨਸ਼ਿਆਂ ਵਿਰੁੱਧ ਸੰਘਰਸ਼ ਵਿੱਢਿਆ ਸੀ, ਉਸਦੀ ਸੋਚ ਨੂੰ ਅੱਗੇ ਵਧਾਵਾਂਗੇ ਅਤੇ ਆਮ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਾਂਗੇ। ਉਨ੍ਹਾਂ ਅੱਗੇ ਪੰਜਾਬ ਸਰਕਾਰ ਉੱਤੇ ਵਰਦਿਆਂ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਮੁਲਾਜਮਾਂ ਅਤੇ ਪੈਨਸ਼ਨਰਾਂ ਦੇ ਡੀ.ਏ. ਅਤੇ ਬਕਾਏ ਦੇਣ ਸਬੰਧੀ ਮਾਨਯੋਗ ਉੱਚ ਅਦਾਲਤਾਂ ਦੇ ਫੈਸਲੇ ਨੂੰ ਵੀ ਮੰਨਣ ਤੋਂ ਇਨਕਾਰੀ ਹੋਈ ਬੈਠੀ ਹੈ। ਮਾਨਯੋਗ ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਦੀ ਹੋਣ ਵਾਲੀ ਪੇਸ਼ੀ ਵਿੱਚ ਡੀ. ਏ. ਅਤੇ ਬਕਾਏ ਦੇਣ ਸਬੰਧੀ ਆਪਣਾ ਪਾਜੀਟਿਵ ਹਲਫਨਾਮਾ ਦੇਣ ਲਈ ਕਿਹਾ ਗਿਆ ਸੀ ਕਿ 31 ਮਾਰਚ 2027 ਤੱਕ ਬਕਾਏ ਕਲੀਅਰ ਕਰਨ ਦਾ ਸ਼ਡਿਊਲ ਦੇਣ ਵੀ ਹੁਕਮ ਕੀਤੇ ਹਨ। ਸਰਕਾਰ ਮਾਨਯੋਗ ਅਦਾਲਤਾਂ ਦਾ ਵੀ ਸਮਾਂ ਖਰਾਬ ਕਰ ਰਹੀ ਹੈ ਜਿਸ ਦਾ ਸਰਕਾਰ ਨੂੰ 2027 ਦੀਆਂ ਚੋਣਾਂ ਵਿੱਚ ਖਮਿਆਜਾ ਭੁਗਤਣਾ ਪਵੇਗਾ। ਸਿਕੰਦਰ ਸਿੰਘ ਪ੍ਰਧਾਨ ਨੇ ਅੱਗੇ ਦੱਸਿਆ ਕਿ ਪੈਨਸ਼ਨਰਜ਼ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਜਾਇਜ ਮੰਗਾਂ ਜਿਨ੍ਹਾਂ ਵਿੱਚ ਪੁਰਾਣੀ ਪੈਨਸ਼ਨ ਸਕੀਮ, 23 ਸਾਲਾ ਸਕੇਲ ਦੇਣਾ, 2.59 ਦਾ ਫਾਰਮੂਲਾ ਲਾਗੂ ਕਰਨਾ, ਕੈਸ਼ਲੈਸ ਸਕੀਮ ਚਾਲੂ ਕਰਨੀ, ਬਿਜਲੀ ਵਰਤੋਂ ਵਿੱਚ ਰਿਆਇਤ ਦੇਣਾ ਆਦਿ ਜਾਇਜ ਮੰਗਾਂ ਨੂੰ ਵੀ ਸਰਕਾਰ ਲਮਕ ਅਵਸਥਾ ਵਿੱਚ ਰੱਖ ਕੇ ਆਪਣਾ ਟਾਈਮ ਪਾਸ ਕਰ ਰਹੀ ਹੈ। ਜੇਕਰ ਸਰਕਾਰ ਨੇ ਜਲਦੀ ਹੀ ਇਸ ਸਬੰਧੀ ਕੋਈ ਫੈਸਲਾ ਨਾ ਕੀਤਾ ਤਾਂ ਪਾਵਰਕਾਮ ਦੇ ਪੈਨਸ਼ਨਰਾਂ ਵੱਲੋਂ ਸਰਕਾਰ ਦੇ ਵਿਰੁਧ 13 ਨਵੰਬਰ ਤੋਂ 19 ਨਵੰਬਰ ਤੱਕ ਡੀ. ਸੀ. ਦਫਤਰ ਸੰਗਰੂਰ ਵਿਖੇ ਲਗਾਤਾਰ ਧਰਨਾ ਦਿੱਤਾ ਜਾਵੇਗਾ।

ਜਿਸ ਵਿੱਚ ਰੋਪੜ ਸਰਕਲ 16 ਨਵੰਬਰ ਨੂੰ ਆਪਣਾ ਵੱਡਾ ਜਥਾ ਲੈ ਕੇ ਸੰਘਰਸ਼ ਵਿੱਚ ਸ਼ਾਮਲ ਹੋਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਸੰਘਰਸ਼ਾਂ ਦੀ ਲੜੀ ਨੂੰ ਅੱਗੇ ਤੋਰਦੇ ਹੋਏ 6 ਦਸੰਬਰ ਨੂੰ ਲੁਧਿਆਣਾ ਵਿਖੇ ਬੁੱਢੇ ਨਾਲੇ ਵਿੱਚ ਪੰਜਾਬ ਸਰਕਾਰ ਦੇ ਫੁੱਲ ਪਾਏ ਜਾਣਗੇ। ਸੰਘਰਸ਼ਾਂ ਨੂੰ ਚਾਲੂ ਰੱਖਦੇ ਸ਼ੰਭੂ ਬਾਰਡਰ ਤੋਂ ਲੈ ਕੇ ਅਟਾਰੀ ਬਾਰਡਰ ਤੱਕ 270 ਕਿਲੋਮੀਟਰ ਦੀ ਮਨੁੱਖੀ ਚੇਨ ਬਣਾ ਕੇ ਮਾਰਚ ਕੀਤਾ ਜਾਵੇਗਾ, ਜੋ ਪੰਜਾਬ ਸਰਕਾਰ ਦੀਆਂ ਜੜ੍ਹਾਂ ਉਖੇੜ ਦੇਵੇਗਾ। ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਇੰਜ: ਪ੍ਰੇਮ ਸਿੰਘ ਸਾਬਕਾ ਐਸ. ਡੀ. ਓ., ਇੰਜ: ਜੁਗਲ ਕਿਸ਼ੋਰ ਸਾਹਨੀ, ਰਾਜਿੰਦਰਪਾਲ ਵਡੇਰਾ ਡਿਪਟੀ ਸੀ. ਏ. ਓ., ਜਗਤਾਰ ਸਿੰਘ ਪ੍ਰੈਸ ਸਕੱਤਰ, ਸੁਰਜੀਤ ਵਿਸ਼ਾਦ, ਦਰਸ਼ਨ ਸਿੰਘ ਕੋਟਾਲਾ, ਇੰਜ: ਦਰਸ਼ਨ ਸਿੰਘ ਗੜ੍ਹੀ ਵਿੱਤ ਸਕੱਤਰ, ਜਸਵੰਤ ਸਿੰਘ ਢੰਡਾ, ਪ੍ਰੇਮ ਚੰਦ ਭਲਾ ਲੋਕ, ਅਮਰੀਕ ਸਿੰਘ ਖਮਾਣੋਂ ਆਦਿ ਨੇ ਸੰਬੋਧਨ ਕੀਤਾ।

ਸਟੇਜ਼ ਸਕੱਤਰ ਦੀ ਭੂਮਿਕਾ ਇੰਜ: ਭਰਪੂਰ ਸਿੰਘ ਮਾਂਗਟ ਸਕੱਤਰ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਉਂਦੇ ਹੋਏ ਨਾਲ ਨਾਲ ਆਪਣੇ ਵਿਚਾਰ ਵੀ ਰੱਖਦੇ ਰਹੇ। ਅਖੀਰ ਵਿੱਚ ਪ੍ਰਧਾਨ ਸਿਕੰਦਰ ਸਿੰਘ ਵੱਲੋਂ ਮੀਟਿੰਗ ਵਿੱਚ ਸ਼ਾਮਲ ਪੈਨਸ਼ਨਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ 16 ਨਵੰਬਰ ਨੂੰ ਡੀ. ਸੀ. ਦਫਤਰ ਸੰਗਰੂਰ ਅੱਗੇ ਧਰਨਾ ਦੇਣ ਜਾਣ ਲਈ ਕੰਪਲੈਂਟ ਸੈਂਟਰ ਖੰਨਾ ਰੋਡ ਸਮਰਾਲਾ ਤੋਂ ਬੱਸ ਠੀਕ 8:00 ਵਜੇ ਸਵੇਰੇ ਰਵਾਨਾ ਹੋਵੇਗੀ, ਸਾਰੇ ਸਾਥੀਆਂ ਨੂੰ ਸਮੇਂ ਸਿਰ ਪੁੱਜਣ ਦੀ ਅਪੀਲ ਕੀਤੀ।

ਵਿਦਿਆਰਥੀਆਂ ਦੀ ਸੁਰੱਖਿਆ, ਸਿਹਤ, ਖੁਸ਼ਹਾਲ ਭਵਿੱਖ, ਫਸਟ ਏਡ, ਫਾਇਰ ਸੇਫਟੀ ਸਬੰਧੀ ਟ੍ਰੇਨਿੰਗਾਂ ਜ਼ਰੂਰੀ - ਪ੍ਰਿੰਸੀਪਲ ਪ੍ਰਦੀਪ ਬਾਂਸਲ।

ਦੇਸੀ ਪੰਜਾਬ





ਸ੍ਰੀ ਰਾਮ ਆਰੀਆਂ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਦੇ ਪ੍ਰਿੰਸੀਪਲ ਸ੍ਰੀ ਪ੍ਰਦੀਪ ਬਾਂਸਲ ਵਲੋਂ, ਵਿਦਿਆਰਥੀਆਂ ਦੀ ਸੁਰੱਖਿਆ, ਸਿਹਤ, ਤਦੰਰੁਸਤੀ, ਖੁਸ਼ਹਾਲ ਭਵਿੱਖ ਅਤੇ ਕਿਸੇ ਦੁਰਘਟਨਾਂ ਸਮੇਂ ਪੀੜਤਾਂ ਦੀ ਮਦਦ ਕਰਨ ਦਾ ਟ੍ਰੇਨਿੰਗ ਅਤੇ ਦੁਰਘਟਨਾਵਾਂ ਰੋਕਣ ਲਈ ਸ੍ਰੀ ਕਾਕਾ ਰਾਮ ਵਰਮਾ, ਚੀਫ਼ ਟ੍ਰੇਨਰ ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਨਾਲ ਵਿਚਾਰ ਵਟਾਂਦਰਾਕੀਤਾ। ਅਧਿਆਪਕਾਂ ਨੂੰ ਫਸਟ ਏਡ, ਏ ਬੀ ਸੀ ਡੀ, ਸੀ ਪੀ ਆਰ, ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਬੇਹੋਸ਼ੀ, ਮਿਰਗੀ ਦੇ ਦੌਰੇ, ਖੂਨ ਵਗਣ ਜਾਂ ਕਿਸੇ ਹੋਰ ਸੰਕਟ ਸਮੇਂ, ਪੀੜਤਾਂ ਦੀ ਮਦਦ ਕਰਨ ਦੇ ਟ੍ਰੇਨਿੰਗ ਦਿੰਦੇ ਹੋਏ ਸ੍ਰੀ ਕਾਕਾ ਰਾਮ ਵਰਮਾ ਨੇ ਕੁਦਰਤੀ, ਮੌਸਮੀ, ਮਨੁੱਖੀ ਆਪਦਾਵਾਂ, ਛੋਟੇ ਅਤੇ ਨਾਬਾਲਗਾਂ ਨਾਲ ਵਾਪਰ ਰਹੀਆਂ ਦੁਰਘਟਨਾਵਾਂ ਸਮੇਂ ਪੀੜਤਾਂ ਨੂੰ ਬਚਾਉਣ ਦੀ ਟ੍ਰੇਨਿੰਗਾਂ, ਅਭਿਆਸ ਸਾਲ ਵਿੱਚ ਦੋ ਵਾਰ ਸਕੂਲਾਂ ਵਿਖੇ ਜ਼ਰੂਰ ਹੋਣੇ ਚਾਹੀਦੇ ਹਨ। ਹਾਦਸੇ ਘਟਾਉਣ, ਲਈ ਸਾਵਧਾਨੀਆਂ, ਐਮਰਜੈਂਸੀ ਦੌਰਾਨ ਪੀੜਤਾਂ ਨੂੰ ਬਚਾਉਣ ਦੀ ਫਸਟ ਏਡ, ਏ ਬੀ ਸੀ ਡੀ, ਰਿਕਵਰੀ ਜਾਂ ਵੈਂਟੀਲੈਟਰ ਪੁਜੀਸ਼ਨ, ਸੀ ਪੀ ਆਰ, ਫਾਇਰ ਸੇਫਟੀ ਸਿਲੰਡਰਾਂ ਦੀ ਵਰਤੋਂ ਅਤੇ ਹੈਲਪ ਲਾਈਨ ਨੰਬਰਾਂ ਬਾਰੇ ਜਾਣਕਾਰੀ ਦਿੱਤੀ। ਪੀੜਤਾਂ ਨੂੰ ਟਰਾਂਸਪੋਰਟ ਕਰਨ ਲਈ ਚਾਦਰਾਂ, ਕਪੜਿਆਂ, ਸੋਟੀਆਂ, ਬਾਂਸਾਂ, ਹੱਥਾਂ ਦੇ ਸਟਰੈਚਰ ਤਿਆਰ ਕਰਨ ਦੇ ਢੰਗ ਤਰੀਕੇ ਦਸੇ। ਪ੍ਰੋਗਰਾਮ ਕੋਆਰਡੀਨੇਟਰ ਸ਼੍ਰੀਮਤੀ ਗੀਤਿਕਾ ਮਲਹੋਤਰਾ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਨੂੰ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਫਾਇਰ ਸੇਫਟੀ ਦੀਆਂ ਟ੍ਰੇਨਿੰਗਾਂ ਕਰਵਾਉਣ ਲਈ ਹਰੇਕ ਸਿਖਿਆ ਸੰਸਥਾ ਵਲੋਂ ਯਤਨ ਕਰਨੇ ਚਾਹੀਦੇ ਹਨ ਕਿਉਂਕਿ 95% ਵਿਦਿਆਰਥੀਆਂ, ਅਧਿਆਪਕਾਂ ਨੂੰ ਅਜੇ ਵੀ ਇਨ੍ਹਾਂ ਵਿਸ਼ਿਆਂ ਬਾਰੇ ਟ੍ਰੇਨਿੰਗਾਂ ਅਭਿਆਸ ਨਹੀਂ ਹੁੰਦੇ। ਸ੍ਰੀ ਕਾਕਾ ਰਾਮ ਵਰਮਾ ਨੇ ਦੱਸਿਆ ਕਿ ਦੇਸ਼ ਵਿੱਚ 21 ਤੋਂ 27 ਨਵੰਬਰ ਤੱਕ ਰਾਸ਼ਟਰੀ ਆਫ਼ਤ ਪ੍ਰਬੰਧਨ, ਸਿਵਲ ਡਿਫੈਂਸ, ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ ਅਤੇ ਬਲੈਕ ਆਊਟ ਦੇ ਪ੍ਰਦਰਸ਼ਨ ਜ਼ਿਲਾ ਪ੍ਰਸ਼ਾਸਨ, ਸਿਵਲ ਡਿਫੈਂਸ ਫਾਇਰ ਬ੍ਰਿਗੇਡ, ਐਨ ਐਸ ਐਸ ਵੰਲਟੀਅਰਾਂ ਐਨ ਸੀ ਸੀ ਕੇਡਿਟਜ ਵਲੋਂ ਕੀਤੇ ਜਾਣਗੇ, ਜਿਸ ਰਾਹੀਂ ਬਹੁਤ ਕੁਝ ਨਵਾਂ ਸਿਖਿਆ ਦਾ ਸਕਦਾ ਹੈ

ਚੰਨੀ ਸਾਹਿਬ ਦੇ ਖਿਲਾਫ ਬੋਲਣ ਤੋਂ ਪਹਿਲਾਂ ਆਪਣੀ ਪੀੜ੍ਹੀ ਥੱਲੇ ਸੋਟਾ ਫੇਰੋ ਗੜ੍ਹੀ ਸਾਹਿਬ - ਚੇਅਰਮੈਨ ਬਲਵਿੰਦਰ ਸਿੰਘ ਬੰਬ

ਹਲਕਾ ਚਮਕੌਰ ਸਾਹਿਬ ਦੇ ਲੋਕ ਗੜ੍ਹੀ ਸਾਹਿਬ 2027 ਵਿਧਾਨ ਸਭਾ ਚੋਣਾਂ ਚ ਤੁਹਾਨੂੰ ਦੇਣਗੇ ਕਰਾਰਾ ਜਵਾਬ

ਦੇਸੀ ਪੰਜਾਬ



ਸਮਰਾਲਾ 10 ਨਵੰਬਰ (ਜਸਨ ਬੰਬ) ਕਈ ਪਾਰਟੀਆਂ ਬਦਲ ਕੇ ਆਮ ਆਦਮੀ ਪਾਰਟੀ ਚ ਆਏ ਜਸਵੀਰ ਸਿੰਘ ਗੜ੍ਹੀ ਪਿਛਲੇ ਕਈ ਦਿਨਾਂ ਤੋਂ ਦਿਲਤਾਂ ਦਾ ਮਸੀਹਾ ਬਣਨ ਦੀ ਕੋਸ਼ਿਸ਼ ਕਰ ਰਿਹਾ ਹੈ ਪਰ ਪੰਜਾਬ ਦਾ ਐਸ ਸੀ ਵਰਗ ਜਸਬੀਰ ਸਿੰਘ ਗੜ੍ਹੀ ਨੂੰ ਮੂੰਹ ਨਹੀਂ ਲਗਾ ਰਿਹਾ ਹੈ ਕਿਉਂਕਿ ਉਹਨਾਂ ਨੇ ਐਸ ਸੀ ਕਮਿਸ਼ਨ ਦੇ ਚੇਅਰਮੈਨ ਦੇ ਕਾਰਜਕਾਲ ਵਾਜੋ ਦਿਲਤ ਵਰਗ ਦਾ ਕੋਈ ਵੀ ਮਸਲਾ ਹੱਲ ਨਹੀਂ ਕਰ ਸਕਿਆ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਲਵਿੰਦਰ ਸਿੰਘ ਬੰਬ ਚੇਅਰਮੈਨ ਐਸ ਸੀ ਡਿਪਾਰਟਮੈਂਟ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਨੇ ਅੱਜ ਇੱਥੇ ਗੱਲਬਾਤ ਕਰਦਿਆਂ ਹੋਇਆਂ ਕੀਤਾ। ਉਹਨਾਂ ਗੜ੍ਹੀ ਸਾਹਿਬ ਨੂੰ ਪੁੱਛਿਆ ਕਿ ਤੁਸੀਂ ਦੱਸ ਸਕਦੇ ਹੋ ਕਿ ਬਰਨਾਲਾ ਵਿਖੇ ਸਫਾਈ ਸੇਵਕਾਂ ਤੇ ਹੋਇਆ ਅੱਤਿਆਚਾਰ ਲਈ ਤੁਸੀਂ ਕੀ ਕਰਿਆ ਕੀ ਤੁਸੀਂ ਬਰਨਾਲਾ ਵਿਖੇ ਸਫਾਈ ਕਰਮਚਾਰੀਆਂ ਦਿਲਤ ਭੈਣਾਂ ਅਤੇ ਭਰਾਵਾਂ ਤੇ ਹੋਏ ਅੰਨੇ ਅੱਤਿਆਚਾਰ ਦੇ ਦੋਸ਼ੀਆਂ ਨੂੰ ਸਜ਼ਾ ਦਵਾ ਚੁੱਕੇ ਹੋ ਤੁਸੀਂ ਐਨੀ ਡਰਾਮੇਬਾਜ਼ੀ ਕਰਨੀ ਬੰਦ ਕਰੋ ਤੁਹਾਡੀ ਡਰਾਮੇਬਾਜ਼ੀ ਨੂੰ ਪੰਜਾਬ ਦਾ ਐਸ ਸੀ ਭਾਈਚਾਰਾ ਚੰਗੀ ਤਰ੍ਹਾਂ ਨਾਲ ਸਮਝ ਚੁੱਕਾ ਤੇ ਤੁਹਾਡੀਆਂ ਗੱਲਾਂ ਵਿੱਚ ਆਉਣ ਵਾਲਾ ਨਹੀਂ ਹੈ ।ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਗੜ੍ਹੀ ਸਾਹਿਬ ਤੁਸੀਂ ਤਰਖਾਣ ਮਾਜਰਾ ਵਾਲੇ ਮਸਲੇ ਨੂੰ ਇੱਕ ਦਿਲਤਾ ਨਾਲ ਜੋੜ ਰਹੇ ਹੋ ਜਦ ਕਿ ਉਹ ਇੱਕ ਪਾਰਟੀ ਦੇ ਦੋਨੇ ਵਰਕਰਾਂ ਦੀ ਆਪਸ ਵਿੱਚ ਹੀ ਲੜਾਈ ਸੀ ਉਸ ਨੂੰ ਤੁਸੀਂ ਪੰਜਾਬ ਦੇ ਦਿਲਤਾ ਦਾ ਅਪਮਾਨ ਕਿਵੇਂ ਕਹਿ ਸਕਦੇ ਹੋ। ਚੇਅਰਮੈਨ ਬਲਵਿੰਦਰ ਸਿੰਘ ਬੰਬ ਨੇ ਗੜ੍ਹੀ ਸਾਹਿਬ ਨੂੰ ਪੁੱਛਿਆ ਕਿ ਤੁਸੀਂ ਪੰਜਾਬ ਦੇ ਲੋਕਾਂ ਦੇ ਹਰਮਨ ਪਿਆਰੇ ਨੇਤਾ ਸਾਬਕਾ ਮੁੱਖ ਮੰਤਰੀ ਸਰਦਾਰ ਚਰਨਜੀਤ ਸਿੰਘ ਚੰਨੀ ਦੇ ਖਿਲਾਫ ਆਏ ਦਿਨ ਉਲਟਾ ਪੁਲਟਾ ਬੋਲਦੇ ਹੋ ਕੀ ਉਹ ਦਿਲਤਾਂ ਦਾ ਅਪਮਾਨ ਨਹੀਂ ਹੈ ।ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਦਿਲਤ ਭਰਾਵਾਂ ਨਾਲ ਸ਼ਰਿਆਮ ਧੱਕਾ ਹੋ ਰਿਹਾ ਹੈ ਪਰ ਤੁਸੀਂ ਆਪਣੇ ਮੂੰਹੋਂ ਦਿਲ ਤਾਂ ਦੇ ਹੱਕ ਵਿੱਚ ਇੱਕ ਵਾਰ ਵੀ ਹਾਂ ਦਾ ਨਾਰਾ ਨਹੀਂ ਮਾਰ ਸਕੇ ਤੇ ਆਪ ਸਰਕਾਰ ਦੇ ਖਿਲਾਫ ਇੱਕ ਸ਼ਬਦ ਵੀ ਨਹੀਂ ਬੋਲ ਸਕੇ ਪਰ ਤੁਸੀਂ ਪੰਜਾਬ ਦੇ ਹਰ ਵਰਗ ਦੀ ਪਹਿਲੀ ਪਸੰਦ ਤੇ ਦਿਲਤਾਂ ਦੇ ਨੇਤਾ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਖਿਲਾਫ ਬੋਲ ਰਹੇ ਹੋ ਜੋ ਕਿ ਐਸ ਸੀ ਭਾਈਚਾਰਾ ਕਦੇ ਵੀ ਬਰਦਾਸ਼ਤ ਨਹੀਂ ਕਰੂਗਾ ਤੁਹਾਨੂੰ ਵਿਧਾਨ ਸਭਾ ਹਲਕਾ ਚਮਕੌਰ ਸਾਹਿਬ ਦੇ ਲੋਕ ਚੰਗੀ ਤਰ੍ਹਾਂ ਨਾਲ ਸਬਕ ਸਿਖਾਉਣਗੇ ਅਤੇ ਆਮ ਆਦਮੀ ਪਾਰਟੀ ਨੂੰ ਪੰਜਾਬ ਦੇ ਲੋਕ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਚੰਗੀ ਤਰ੍ਹਾਂ ਨਾਲ ਸਫਾਇਆ ਕਰਕੇ ਸਬਕ ਸਿਖਾਉਣਗੇ।

ਭਵਾਨੀਗੜ ਫੱਗੂਵਾਲਾ ਕੈਂਚੀਆਂ ਫਲਾਈਓਵਰ ਦੇ ਉੱਪਰ ਇੱਕ ਥਾਰ ਦੇ ਗੱਡੀ ਨੂੰ ਅਣਪਛਾਤੇ ਵਾਹਣ ਵੱਲੋਂ ਫੇਟ ਮਾਰਨ ਕਰਕੇ ਇੱਕ ਵਿਅਕਤੀ ਦੀ ਮੌਤ ਹੋਈ

ਦੇਸੀ ਪੰਜਾਬ



ਭਵਾਨੀਗੜ 10 ਨਵੰਬਰ (ਮਨਦੀਪ ਕੌਰ ਮਾਝੀ ਭਵਾਨੀਗੜ ਫੱਗੂਵਾਲਾ ਕੈਂਚੀਆਂ ਖੇੜੇ ਫਲਾਈਓਵਰ ਤੇ ਵਾਪਰੇ ਭਿਆਨਕ ਸੜਕ ਹਾਦਸੇ ਵਿਚ ਥਾਰ ਗੱਡੀ ਦੀ ਮਣਪਛਾਤੇ ਵਾਹਨ ਨਾਲ ਹੋਈ ਟੱਕਰ ਦੌਰਾਨ 23 ਸਾਲਾ ਨੌਜਵਾਨ ਦੀ ਦਰਦਨਾਕ ਤ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਥਾਰ ਚਾਲਕ ਗੱਡੀ ਅੰਦਰ ਹੀ ਹਰੀ ਤਰ੍ਹਾਂ ਫਸ ਕੇ ਗੰਭੀਰ ਜ਼ਖ਼ਮੀ ਹੋ ਗਿਆ। ਹਾਦਸੇ ਤੋਂ ਬਾਅਦ ਟੱਕਰ ਮਾਰਨ ਵਾਲੇ ਮਣਪਛਾਤੇ ਵਾਹਨ ਦਾ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਥਾਣਾ ਭਵਾਨੀਗੜ੍ਹ = ਏ.ਐਸ.ਆਈ. ਜਸਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਪਛਾਣ ਨਤੇਸ਼ ਜਿੰਦਲ (23) ਪੁੱਤਰ ਸ਼ਾਮ ਲਾਲ ਵਾਸੀ ਸੰਗਰੂਰ ਵਜੋਂ ਹੋਈ ਜਿਸਦਾ ਵੀਰਕਪੁਰ ਵਿਖੇ ਕਾਰੋਬਾਰ ਸੀ। ਬੀਤੀ ਰਾਤ ਉਹ ਆਪਣੀ ਥਾਰ ਗੱਡੀ ਰਾਹੀਂ ਉੱਥੋਂ ਜਗਰੂਰ ਵਾਪਸ ਪਰਤ ਰਿਹਾ ਸੀ। ਜਦੋਂ ਉਹ ਫੱਗੂਵਾਲਾ ਕੈਂਚੀਆਂ ਸਥਿਤ ਨੈਸ਼ਨਲ ਵਾਈਵੇਅ ਦੇ ਫਲਾਈਓਵਰ @ਤੇ ਪਹੁੰਚਿਆ ਤਾਂ ਅੱਗੇ ਜਾ ਰਹੇ ਕਿਸੇ ਟਰੱਕ ਜਾਂ ਹੋਰ ਵਾਹਨ ਨਾਲ ਉਸ ਦੀ ਗੱਡੀ ਦੀ ਜ਼ੋਰਦਾਰ ਟੱਕਰ ਹੋ ਗਈ। ਹਾਦਸੇ ਤੋਂ ਬਾਅਦ ਮਣਪਛਾਤੇ ਵਾਹਨ ਦਾ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਵੱਲੋਂ ਮਣਪਛਾਤੇ ਵਾਹਨ ਦੇ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਵੀਤੀ ਜਾ ਰਹੀ ਹੈ। ਉਧਰ, ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਹਾਦਸੇ ਦੌਰਾਨ ਥਾਰ ਚਾਲਕ ਨਿਤੇਸ਼ ਜਿੰਦਲ ਗੱਡੀ ਵਿਚ ਬੁਰੀ ਤਰ੍ਹਾਂ ਸ ਕੇ ਗੰਭੀਰ ਜ਼ਖ਼ਮੀ ਹੋ ਗਿਆ ਸੀ। ਐਸਐਸਐਫ ਦੀ ਟੀਮ ਨੇ ਤੁਰੰਤ ਉਸ ਨੂੰ Tਡੀ ਵਿਚੋਂ ਬਾਹਰ ਕੱਢ ਕੇ ਉਸ ਨੂੰ ਸਰਕਾਰੀ ਹਸਪਤਾਲ ਭੇਜਿਆ ਤਾ ਡਾਕਟਰਾਂ = ਕਿਹਾ ਕਿ ਇਸ ਦੀ ਮੌਤ ਹੋ ਚੁਕੀ ਹੈ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

ਮਾਤਾ ਚਰਨ ਕੌਰ ਜੱਲੂਪੁਰ ਦੇ ਸੰਸਕਾਰ ਸਮੇਂ ਉਹਨਾਂ ਦੇ ਪੁੱਤਰ, ਪੋਤਰੇ ਅਤੇ ਦੋਹਤਰੇ ਦਾ ਸ਼ਾਮਿਲ ਹੋਣਾ ਯਕੀਨੀ ਬਣਾਵੇ ਸਰਕਾਰ-ਪ੍ਰਿਥੀਪਾਲ ਸਿੰਘ ਬਟਾਲਾ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਤੁਰੰਤ ਪੰਜਾਬ ਲਿਆਂਦਾ ਜਾਵੇ।

ਦੇਸੀ ਪੰਜਾਬ



ਬਟਾਲਾ- 10 ਨਵੰਬਰ (ਬਲਦੇਵ ਸਿੰਘ ਖਾਲਸਾ ,, ਸੁਨੀਲ ਬਟਾਲਵੀ)ਹਰ ਮਨੁੱਖ ਦੀ ਇਸ ਸੰਸਾਰ ਤੋਂ ਤੁਰ ਜਾਣ ਵੇਲੇ ਆਖਰੀ ਇੱਛਾ ਹੁੰਦੀ ਹੈ ਕਿ ਉਹ ਆਪਣੇ ਪਰਿਵਾਰਕ ਮੈਂਬਰਾਂ ਨੂੰ ਆਖਰੀ ਵਾਰ ਮਿਲ ਲਵੇ। ਪਰ ਮਾਤਾ ਚਰਨ ਕੌਰ ਜੱਲੂਪੁਰ ,ਦਾਦੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਸ੍ਰੀ ਖਡੂਰ ਸਾਹਿਬ' ਹੋਰਾਂ ਨੂੰ ਇਹ ਨਸੀਬ ਨਹੀਂ ਹੋਇਆ। ਭਾਈ ਅੰਮ੍ਰਿਤਪਾਲ ਸਿੰਘ ਹੋਰਾਂ ਦੀ ਆਖਰੀ ਸਮੇਂ ਆਪਣੀ ਦਾਦੀ ਜੀ ਨੂੰ ਮਿਲਣ ਦੀ ਖਾਹਸ਼ ਨੂੰ ਵੀ ਪੂਰਾ ਨਹੀਂ ਹੋਣ ਦਿੱਤਾ ਗਿਆ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪ੍ਰਿਥੀਪਾਲ ਸਿੰਘ ਬਟਾਲਾ ਕਾਰਜਕਾਰਨੀ ਕਮੇਟੀ ਮੈਂਬਰ ਅਤੇ ਇੰਚਾਰਜ ਹਲਕਾ ਬਟਾਲਾ ਅਤੇ ਸਾਥੀਆਂ ਨੇ ਕਿਹਾ ਕਿ ਮਾਤਾ ਚਰਨ ਕੌਰ ਜੀ ਪਿਛਲੇ ਦੋ ਤਿੰਨ ਮਹੀਨਿਆਂ ਤੋਂ ਬਿਮਾਰ ਸਨ ਅਤੇ ਹਸਪਤਾਲ ਵਿੱਚ ਦਾਖਲ ਸਨ ।ਉਹਨਾਂ ਦੀ ਆਖਰੀ ਇੱਛਾ ਸੀ ਕਿ ਉਹ ਆਪਣੇ ਪੋਤੇ ਭਾਈ ਅੰਮ੍ਰਿਤਪਾਲ ਸਿੰਘ ਹੋਰਾਂ ਨੂੰ ਆਖਰੀ ਸਮੇਂ ਮਿਲ ਲੈਣ। ਪਰ ਪੰਜਾਬ ਦੀ ਨਿਰਦਈ ਅਤੇ ਸੰਵੇਦਨਹੀਨ ਸਰਕਾਰ ਨੇ ਉਹਨਾਂ ਦੀ ਆਖਰੀ ਤਾਂਘ ਪੂਰੀ ਨਹੀਂ ਹੋਣ ਦਿੱਤੀ ਅਤੇ ਉਹ ਇਹ ਦਰਦ,ਸੀਨੇ ਵਿਚ ਲੈ ਕੇ ਦੁਨੀਆਂ ਤੋਂ ਰੁਖਸਤ ਹੋ ਗਏ। ਹੁਣ ਜਦੋਂ ਮਾਤਾ ਜੀ ਇਸ ਜਹਾਨ ਤੋਂ ਤੁਰ ਗਏ ਹਨ ਤਾਂ ਉਹਨਾਂ ਦੇ ਪਰਿਵਾਰਕ ਜੀਆਂ ਦਾ ਮੁੱਢਲਾ ਫਰਜ਼ ਬਣਦਾ ਹੈ ਕਿ ਉਹਨਾਂ ਦੀਆਂ ਅੰਤਿਮ ਰਸਮਾਂ ਨੂੰ ਰੀਤੀ ਰਿਵਾਜਾਂ ਅਨੁਸਾਰ ਪੂਰੀਆਂ ਕਰਨ। ਉਹਨਾਂ ਦੇ ਪੁੱਤਰ ਹਰਜੀਤ ਸਿੰਘ, ਪੋਤਰੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅਤੇ ਦੋਹਤਰੇ ਭਾਈ ਹਰਮਨਜੀਤ ਸਿੰਘ ਦਾ ਮਾਤਾ ਜੀ ਦੇ ਅੰਤਿਮ ਦਰਸ਼ਨ ਕਰਨ, ਅੰਤਿਮ ਸੰਸਕਾਰ ਅਤੇ ਰਸਮਾਂ ਨਿਭਾਉਣ ਦਾ ਸਮਾਜਿਕ ਅਤੇ ਧਾਰਮਿਕ ਤੌਰ ਤੇ ਸ਼ਾਮਿਲ ਹੋਣ ਦਾ ਹੱਕ ਬਣਦਾ ਹੈ। ਭਾਰਤੀ ਸੰਵਿਧਾਨ ਦਾ ਆਰਟੀਕਲ 21 ਅਤੇ 25 ਵੀ ਮਨੁੱਖੀ ਭਾਵਨਾਵਾਂ ਅਤੇ ਸੰਵੇਦਨਾਵਾਂ ਦੀ ਕਦਰ ਕਰਦਾ ਹੋਇਆ ਇਸ ਦਾ ਅਧਿਕਾਰ ਦਿੰਦਾ ਹੈ। ਬਟਾਲਾ ਨੇ ਕਿਹਾ ਕਿ ਜੇ ਸਰਕਾਰਾਂ ਵਿੱਚ ਥੋੜ੍ਹੀ ਬਹੁਤ ਇਨਸਾਨੀਅਤ ਵੀ ਬਾਕੀ ਹੈ ਤਾਂ ਤੁਰੰਤ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਨੂੰ ਕਾਨੂੰਨ ਅਨੁਸਾਰ ਜਮਾਨਤ/ਪੈਰੋਲ ਦਿਵਾ ਕੇ ਦਿਬਰੂਗੜ੍ਹ ਆਸਾਮ ਜੇਲ ਤੋਂ ਲਿਆ ਕੇ ਅੰਤਿਮ ਸੰਸਕਾਰ ਅਤੇ ਅੰਤਿਮ ਰਸਮਾਂ ਵਿੱਚ ਸ਼ਾਮਿਲ ਹੋਣ ਦਾ ਪ੍ਰਬੰਧ ਕਰਨ। ਇਹ ਸਰਕਾਰਾਂ ਦਾ ਮੁਢਲਾ ਫਰਜ਼ ਬਣਦਾ ਹੈ। ਉਹਨਾਂ ਆਸ ਪ੍ਰਗਟਾਈ ਕਿ ਅਦਾਲਤਾਂ ਇਸ ਮਾਮਲੇ ਦੇ ਮਨੁੱਖੀ ਅਤੇ ਕਾਨੂੰਨੀ ਦੋਵਾਂ ਪੱਖਾਂ ਨੂੰ ਧਿਆਨ ਵਿੱਚ ਰੱਖ ਕੇ ਅਤੇ ਮਨੁੱਖੀ ਅਧਿਕਾਰਾਂ ਤੇ ਸੰਵੇਦਨਾਵਾਂ ਦੇ ਮੱਦੇਨਜ਼ਰ, ਇਨਸਾਫ ਪੂਰਕ ਫੈਸਲਾ ਕਰਨਗੀਆਂ। ਇਸ ਮੌਕੇ ਅਨੂਪ ਸਿੰਘ ਬੇਪਾਰਾਏ ਡੱਲਾ, ਕੁਲਵਿੰਦਰ ਸਿੰਘ ਸ਼ੁਕਰਪੁਰਾ, ਗੁਰਦੀਪ ਸਿੰਘ ਕੋਟ ਮਜਲਸ, ਖੁਸ਼ਕਰਨ ਸਿੰਘ ਹੇਅਰ, ਗੁਰਤੇਜ ਸਿੰਘ ਹੇਅਰ, ਜੱਜ ਵੇਹਰਾ, ਬੀਬੀ ਪ੍ਰਭਜੋਤ ਕੌਰ ਬਟਾਲਾ ਬੀਬੀ ਮਨਪ੍ਰੀਤ ਕੌਰ ਬਟਾਲਾ ਜਸਵੀਰ ਸਿੰਘ ਖਾਲਸਾ, ਸੁਖਜੀਤ ਸਿੰਘ ਸ਼ਹਾਬਪੁਰਾ, ਦਿਲਬਾਗ ਸਿੰਘ ਬਟਾਲਾ, ਜਤਿੰਦਰ ਸਿੰਘ ਭੱਟੀ ਆਦਿ ਹਾਜ਼ਰ ਸਨ।ਅਖੀਰ ਵਿੱਚ ਉਹਨਾਂ ਸਾਰਿਆਂ ਨੇ ਮਾਤਾ ਚਰਨ ਕੌਰ ਜੀ ਦੇ ਅਕਾਲ ਚਲਾਣੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਇਸ ਨੂੰ ਪਰਿਵਾਰ ਅਤੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।

ਪੁਨੀਤ ਫਰਨੀਚਰ ਵੱਲੋਂ ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਬੜੇ ਹੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ

ਦੇਸੀ ਪੰਜਾਬ



ਬੱਸੀ ਪਠਾਣਾ,10 ਨਵੰਬਰ ਪਾਰਸ ਗੌਤਮ ਪੁਨੀਤ ਫਰਨੀਚਰ ਵੱਲੋਂ ਬਾਬਾ ਵਿਸ਼ਵਕਰਮਾ ਜੀ ਦੇ ਜਨਮ ਦਿਹਾੜੇ ਮੌਕੇ ਹਵਨ ਯੱਗ ਕਰਵਾਇਆ ਅਤੇ ਸੰਗਤਾਂ ਲਈ ਮੱਕੇ ਦੀ ਰੋਟੀ ਸਰੋਂ ਦਾ ਸਾਗ ਅਤੇ ਲੱਸੀ ਦਾ ਲੰਗਰ ਲਗਾਇਆ ਗਿਆ ਬਾਬਾ ਵਿਸ਼ਵਕਰਮਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਵਿਧੀ-ਵਿਧਾਨ ਨਾਲ ਹਵਨ ਯੱਗ ਕਰਵਾਇਆ ਗਿਆ ਅਤੇ ਸਰਬਤ ਦੇ ਭਲੇ ਲਈ ਅਰਦਾਸ ਵੀ ਕੀਤੀ ਗਈ

ਇਸ ਮੌਕੇ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਅਤੇ ਨੁਮਾਇੰਦਿਆਂ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਜਿਸ ਵਿੱਚ ਵਿਸ਼ੇਸ਼ ਤੌਰ ਤੇ ਆਮ ਆਦਮੀ ਪਾਰਟੀ ਪੰਜਾਬ ਐਸਸੀ ਬਿੰਗ ਪ੍ਰਧਾਨ ਗੁਰਪ੍ਰੀਤ ਸਿੰਘ ਜੀਪੀ ਤੇ ਸਮੂਹ ਪਾਰਟੀ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ ਅਤੇ ਬਾਬਾ ਵਿਸ਼ਵਕਰਮਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਦੌਰਾਨ ਆਪਸੀ ਭਾਈਚਾਰੇ, ਏਕਤਾ ਅਤੇ ਸੇਵਾ ਭਾਵਨਾ ਦਾ ਸੰਦੇਸ਼ ਦਿੱਤਾ ਗਿਆ।ਪ੍ਰਬੰਧਕਾਂ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਅਤੇ ਸਹਿਯੋਗ ਦੇਣ ਵਾਲੀਆਂ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਗਿਆ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਐਸਸੀ ਵਿੰਗ ਪ੍ਰਧਾਨ ਗੁਰਪ੍ਰੀਤ ਸਿੰਘ ਜੀਪੀ ਨੇ ਦੱਸਿਆ ਕਿ ਭਗਵਾਨ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਬੜੀ ਹੀ ਸ਼ਰਧਾ ਤੇ ਧੂਮਧਾਮ ਨਾਲ ਸਾਰੇ ਹੀ ਭਾਰਤ ਭਰ ਦੇ ਵਿੱਚ ਮਨਾਇਆ ਜਾ ਰਿਹਾ ਹੈ ਉੱਥੇ ਹੀ ਸ਼ਹਿਰ ਬਸੀ ਪਠਾਣਾ ਪੁਨੀਤ ਫਰਨੀਚਰ ਵੱਲੋਂ ਵੀ ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ। ਅਤੇ ਮੈਂ ਸਾਰੇ ਹੀ ਦੇਸ਼ ਵਿਦੇਸ਼ ਵਿੱਚ ਵੱਸਦੇ ਭੈਣ ਭਰਾਵਾਂ ਨੂੰ ਬਾਬਾ ਵਿਸ਼ਵਕਰਮਾ ਜੀ ਦੇ ਜਨਮ ਦਿਹਾੜੇ ਦੀ ਲੱਖ ਲੱਖ ਵਧਾਈ ਦਿੰਦਾ ਹਾਂ।

ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਅਸ਼ੋਕ ਗੌਤਮ, ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਜਗਦੀਪ ਚੀਮਾ,ਭਾਰਤੀ ਜਨਤਾ ਪਾਰਟੀ ਸੀਨੀਅਰ ਆਗੂ, ਕੁਲਦੀਪ ਸਿੰਘ ਸਿੱਧੂਪੁਰ, ਰਜੇਸ਼ ਗੌਤਮ, ਸਮਾਜ ਸੇਵੀ ਪਵਨ ਬੰਸਲ ਬਿੱਟਾ, ਪੀਏ ਗੁਰਪ੍ਰੀਤ ਸਿੰਘ ਜੀਪੀ ਜਸਬੀਰ ਸਿੰਘ ਭਾਦਲਾ, ਸ਼ਹਿਰੀ ਕਾਰਜਕਾਰੀ ਸਾਬਕਾ ਪ੍ਰਧਾਨ ਅਨੂਪ ਸਿੰਘਲਾ, ਸਾਬਕਾ ਮਾਰਕੀਟ ਕਮੇਟੀ ਚੇਅਰਮੈਨ ਸਤਬੀਰ ਸਿੰਘ ਨਗਾਵਾਂ, ਹਰਜੀਤ ਸਿੰਘ ਜੋਹਰ, ਰਵੀ ਜੋਗੀ, ਰਿੰਕੂ ਬਾਜਵਾ, ਪੁਨੀਤ ਧੀਮਾਨ, ਗੁਰਮੇਲ ਸਿੰਘ ਸਲ, ਗੁਰਵਿੰਦਰ ਸਿੰਘ ਸਲ, ਹਰਮਨ ਸਿੰਘ ਸਲ, ਰਵਿੰਦਰ ਸਿੰਘ ਸੋਨੀ, ਵਿਨੋਦ ਕੁਮਾਰ, ਸਨੀ,ਰਵੀ ਲੂੰਬਾ ਆਦਿ ਮੌਜੂਦ ਰਹੇ।

ਪਾਕਿਸਤਾਨੀ ਡਰੋਨ ਰਾਹੀਂ ਸਰਹੱਦ ਪਾਰ ਭੇਜੀ ਗਈ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਵੱਡੀ ਖੇਪ ਬੀਐੱਸਐੱਫ ਅਤੇ ਪੁਲਿਸ ਨੇ ਕੀਤੀ ਬਰਾਮਦ, 3 ਪਿਸਤੌਲਾਂ, 6 ਮੈਗਜ਼ੀਨ, 50 ਜ਼ਿੰਦਾ ਕਾਰਤੂਸ ਅਤੇ ਕਰੀਬ 2 ਕਿਲੋ ਨਸ਼ੀਲਾ ਪਦਾਰਥ ਮਿਲਿਆ

ਦੇਸੀ ਪੰਜਾਬ



ਬਟਾਲਾ/ਡੇਰਾ ਬਾਬਾ ਨਾਨਕ, 10 ਨਵੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਪਾਕਿਸਤਾਨ ਵੱਲੋਂ ਭਾਰਤੀ ਸਰਹੱਦ ਅੰਦਰ ਡਰੋਨਾਂ ਰਾਹੀਂ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਦੀਆਂ ਨਾਪਾਕ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ। ਸਰਹੱਦ ਪਾਰੋਂ ਦੇਸ਼ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਦੇ ਮਨਸੂਬਿਆਂ ਨੂੰ ਨਾਕਾਮ ਬਣਾਉਣ ਲਈ ਸੁਰੱਖਿਆ ਏਜੰਸੀਆਂ ਵੱਲੋਂ ਲਗਾਤਾਰ ਚੌਕਸੀ ਵਰਤੀ ਜਾ ਰਹੀ ਹੈ। ਇਸੇ ਲੜੀ ਤਹਿਤ ਬੀਐੱਸਐੱਫ ਅਤੇ ਡੇਰਾ ਬਾਬਾ ਨਾਨਕ ਪੁਲਿਸ ਨੇ ਸਾਂਝਾ ਤਲਾਸ਼ੀ ਅਭਿਆਨ ਚਲਾ ਕੇ ਸਰਹੱਦੀ ਪਿੰਡ ਤਲਵੰਡੀ ਗੁਰਾਇਆ ਦੇ ਖੇਤਾਂ ਵਿੱਚੋਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਵੱਡੀ ਖੇਪ ਬਰਾਮਦ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪਾਕਿਸਤਾਨ ਵਾਲੇ ਪਾਸਿਓਂ ਡਰੋਨ ਰਾਹੀਂ ਭਾਰਤੀ ਖੇਤਰ ਵਿੱਚ ਭੇਜੀ ਗਈ ਇਸ ਖੇਪ ਦੀ ਸੂਚਨਾ ਮਿਲਣ ਉਪਰੰਤ ਬੀਐੱਸਐੱਫ ਅਤੇ ਥਾਣਾ ਡੇਰਾ ਬਾਬਾ ਨਾਨਕ ਦੀ ਪੁਲਿਸ ਵੱਲੋਂ ਸਾਂਝੇ ਤੌਰ ’ਤੇ ਤਲਾਸ਼ੀ ਮੁਹਿੰਮ ਚਲਾਈ ਗਈ। ਇਸ ਦੌਰਾਨ ਪਿੰਡ ਤਲਵੰਡੀ ਗੁਰਾਇਆ ਦੇ ਕਿਸਾਨ ਲੱਖਾ ਸਿੰਘ ਪੁੱਤਰ ਵੱਸਣ ਸਿੰਘ ਦੇ ਖੇਤਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ, ਜਿੱਥੋਂ ਤਿੰਨ ਪਿਸਤੌਲ, ਛੇ ਮੈਗਜ਼ੀਨ, 50 ਜ਼ਿੰਦਾ ਕਾਰਤੂਸ ਅਤੇ 1 ਕਿਲੋ 970 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਹੋਇਆ। ਬਰਾਮਦਗੀ ਨੇ ਸਰਹੱਦ ਪਾਰੋਂ ਡਰੋਨਾਂ ਰਾਹੀਂ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਕਰਨ ਵਾਲੇ ਨੈੱਟਵਰਕ ਦੀਆਂ ਗਤੀਵਿਧੀਆਂ ਨੂੰ ਇੱਕ ਵਾਰ ਫਿਰ ਉਜਾਗਰ ਕੀਤਾ ਹੈ।ਇਸ ਸਫ਼ਲ ਕਾਰਵਾਈ ਨਾਲ ਸੁਰੱਖਿਆ ਏਜੰਸੀਆਂ ਨੇ ਸਰਹੱਦ ਪਾਰੋਂ ਭੇਜੀ ਗਈ ਗੈਰ-ਕਾਨੂੰਨੀ ਖੇਪ ਨੂੰ ਸਮੇਂ ਸਿਰ ਕਬਜ਼ੇ ਵਿੱਚ ਲੈ ਕੇ ਤਸਕਰਾਂ ਦੇ ਮਨਸੂਬਿਆਂ ਨੂੰ ਵੱਡਾ ਝਟਕਾ ਦਿੱਤਾ ਹੈ। ਖਾਸ ਗੱਲ ਇਹ ਹੈ ਕਿ ਬਰਾਮਦ ਕੀਤੇ ਗਏ ਹਥਿਆਰ ਅਤੇ ਕਾਰਤੂਸ ਕਿਸੇ ਵੀ ਅਪਰਾਧਿਕ ਗਤੀਵਿਧੀ ਵਿੱਚ ਵਰਤੇ ਜਾਣ ਤੋਂ ਪਹਿਲਾਂ ਹੀ ਸੁਰੱਖਿਆ ਏਜੰਸੀਆਂ ਦੇ ਹੱਥ ਲੱਗ ਗਏ।ਥਾਣਾ ਡੇਰਾ ਬਾਬਾ ਨਾਨਕ ਦੇ ਇੰਚਾਰਜ ਅਸ਼ੋਕ ਕੁਮਾਰ ਨੇ ਦੱਸਿਆ ਕਿ ਬੀਐੱਸਐੱਫ ਅਤੇ ਪੁਲਿਸ ਵੱਲੋਂ ਸਾਂਝੇ ਤੌਰ ’ਤੇ ਕੀਤੀ ਗਈ ਇਸ ਕਾਰਵਾਈ ਦੌਰਾਨ ਉਕਤ ਸਾਮਾਨ ਬਰਾਮਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਇਲਾਕੇ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਪੁਲਿਸ ਪੂਰੀ ਤਰ੍ਹਾਂ ਚੌਕਸ ਹੈ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਜਾਂ ਤਸਕਰ ਨੂੰ ਆਪਣੇ ਨਾਪਾਕ ਮਨਸੂਬਿਆਂ ਵਿੱਚ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਸਰਹੱਦੀ ਇਲਾਕਿਆਂ ਵਿੱਚ ਡਰੋਨਾਂ ਰਾਹੀਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੀਆਂ ਕੋਸ਼ਿਸ਼ਾਂ ਸੁਰੱਖਿਆ ਏਜੰਸੀਆਂ ਲਈ ਲਗਾਤਾਰ ਚੁਣੌਤੀ ਬਣੀਆਂ ਹੋਈਆਂ ਹਨ। ਅਜਿਹੇ ਹਾਲਾਤ ਵਿੱਚ ਬੀਐੱਸਐੱਫ ਅਤੇ ਪੰਜਾਬ ਪੁਲਿਸ ਦੀ ਆਪਸੀ ਤਾਲਮੇਲ ਨਾਲ ਕੀਤੀ ਗਈ ਇਹ ਕਾਰਵਾਈ ਸਰਹੱਦ ਦੀ ਸੁਰੱਖਿਆ ਅਤੇ ਨਸ਼ਾ ਤਸਕਰੀ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਲਈ ਅਹਿਮ ਸਫ਼ਲਤਾ ਮੰਨੀ ਜਾ ਰਹੀ ਹੈ।

ਭਾਜਪਾ ਦੇ ਪੰਜ ਪ੍ਰਮੁੱਖ ਦਾਅਵੇਦਾਰ ਆਏ ਇੱਕ ਮੰਚ ’ਤੇ, ਸਥਾਨਕ ਉਮੀਦਵਾਰ ਨੂੰ ਟਿਕਟ ਦੇਣ ਦੀ ਉੱਠੀ ਮੰਗ

ਦੇਸੀ ਪੰਜਾਬ



ਬੀ ਐੱਸ ਚਾਨਾ ਪੱਤਰ ਵਿੱਚ ਸ੍ਰੀ ਆਨੰਦਪੁਰ ਸਾਹਿਬ, 10 ਨਵੰਬਰ

ਆਗਾਮੀ ਵਿਧਾਨ ਸਭਾ ਚੋਣਾਂ 2027 ਦੇ ਮੱਦੇਨਜ਼ਰ ਸ੍ਰੀ ਆਨੰਦਪੁਰ ਸਾਹਿਬ ਹਲਕੇ ਵਿੱਚ ਭਾਜਪਾ ਦੀ ਸਰਗਰਮੀ ਤੇਜ਼ ਹੋਣ ਲੱਗੀ ਹੈ। ਭਾਜਪਾ ਦੇ ਪੰਜ ਪ੍ਰਮੁੱਖ ਦਾਅਵੇਦਾਰ ਬਲਰਾਮ ਪਰਾਸ਼ਰ, ਸਤਬੀਰ ਰਾਣਾ, ਰਾਜੇਸ਼ ਚੌਧਰੀ, ਨਿਪੁੰਨ ਸੋਨੀ ਅਤੇ ਗੋਵਰਧਨ ਸੋਨੀ ਵਿਸ਼ਵ ਪ੍ਰਸਿੱਧ ਸ਼ਕਤੀ ਪੀਠ ਮਾਤਾ ਨੈਣਾ ਦੇਵੀ ਮੰਦਿਰ ਵਿਖੇ ਇਕੱਠੇ ਪਹੁੰਚੇ ਅਤੇ ਮੱਥਾ ਟੇਕ ਕੇ ਅਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਪੰਜਾਂ ਆਗੂਆਂ ਨੇ ਹਲਕੇ ਦੇ ਵਿਕਾਸ ਅਤੇ ਭਾਜਪਾ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਅਹਿਦ ਲਿਆ। ਉਨ੍ਹਾਂ ਦੇ ਇੱਕ ਮੰਚ ’ਤੇ ਆਉਣ ਨਾਲ ਭਾਜਪਾ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਆਗੂਆਂ ਨੇ ਪਾਰਟੀ ਹਾਈਕਮਾਂਡ ਨੂੰ ਅਪੀਲ ਕੀਤੀ ਕਿ ਸ੍ਰੀ ਆਨੰਦਪੁਰ ਸਾਹਿਬ ਹਲਕੇ ਤੋਂ ਕਿਸੇ ਸਥਾਨਕ ਜੰਮਪਲ ਅਤੇ ਜ਼ਮੀਨੀ ਪੱਧਰ ’ਤੇ ਵਰਕਰਾਂ ਨਾਲ ਜੁੜੇ ਆਗੂ ਨੂੰ ਹੀ ਟਿਕਟ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਤੋਂ ਹਲਕੇ ਵਿੱਚ ਭਾਜਪਾ ਦੀ ਸਥਿਤੀ ਕਮਜ਼ੋਰ ਹੋਈ ਹੈ। ਸਥਾਨਕ ਉਮੀਦਵਾਰ ਨੂੰ ਮੌਕਾ ਮਿਲਣ ਨਾਲ ਪਾਰਟੀ ਮੁੜ ਮਜ਼ਬੂਤ ਹੋ ਸਕਦੀ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਵਰਕਰਾਂ ਦੀ ਇਕਜੁੱਟਤਾ ਅਤੇ ਲੋਕਾਂ ਦੇ ਸਹਿਯੋਗ ਨਾਲ ਭਾਜਪਾ 2027 ਦੀਆਂ ਚੋਣਾਂ ਵਿੱਚ ਇਤਿਹਾਸਕ ਜਿੱਤ ਦਰਜ ਕਰ ਸਕਦੀ ਹੈ।

ਬਸੀ ਪਠਾਣਾਂ ਥਾਣੇ ਦੇ ਐੱਸ.ਐੱਚ.ਓ. ਵਜੋਂ ਅਸ਼ੋਕ ਕੁਮਾਰ ਨੇ ਸੰਭਾਲਿਆ ਅਹੁਦਾ।

ਦੇਸੀ ਪੰਜਾਬ



ਬੱਸੀ ਪਠਾਣਾ 10 ਨਵੰਬਰ ਪਾਰਸ ਗੌਤਮ ਬਸੀ ਪਠਾਣਾਂ ਦੇ ਪੁਲਿਸ ਥਾਣੇ ਵਿੱਚ ਅਸ਼ੋਕ ਕੁਮਾਰ ਨੇ ਐੱਸ.ਐੱਚ.ਓ. ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣਾ, ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਅਤੇ ਸ਼ਹਿਰ ਵਿੱਚ ਅਪਰਾਧਿਕ ਗਤੀਵਿਧੀਆਂ ਨੂੰ ਰੋਕਣਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੁਲਿਸ ਪ੍ਰਸ਼ਾਸਨ ਨੂੰ ਸਹਿਯੋਗ ਦਿੱਤਾ ਜਾਵੇ ਤਾਂ ਜੋ ਇਲਾਕੇ ਵਿੱਚ ਸ਼ਾਂਤੀ ਅਤੇ ਸੁਰੱਖਿਆ ਦਾ ਮਾਹੌਲ ਬਣਾਈ ਰੱਖਿਆ ਜਾ ਸਕੇ।

ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਮਸੀਤ ਵਾਲੀ ਗਲੀ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

ਦੇਸੀ ਪੰਜਾਬ



ਬਟਾਲਾ, 10 ਨਵੰਬਰ(ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) ਬਟਾਲਾ ਨਗਰ ਨਿਗਮ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਵਲੋਂ ਵਾਰਡ ਨੰਬਰ 14 ਦੇ ਵਾਰਡ ਇੰਚਾਰਜ ਰੋਹਿਤ ਦੇ ਨਾਲ ਮਸੀਤ ਵਾਲੀ ਗਲੀ ਵਿੱਚ ਜਾ ਕੇ ਚੱਲ ਰਹੇ ਵਿਕਾਸ ਕਾਰਜਾਂ ਗਲੀ ਅਤੇ ਸੀਵਰੇਜ਼ ਆਦਿ ਬਾਰੇ ਲੋਕਾਂ ਕੋਲੋਂ ਜਾਣਕਾਰੀ ਲਈ ਅਤੇ ਠੇਕੇਦਾਰ ਨੂੰ ਸਮੇਂ ਸਿਰ ਅੰਦਰ ਵਿਕਾਸ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ।

ਇਸ ਮੌਕੇ ਗੱਲਬਾਤ ਕਰਦਿਆਂ ਮੇਅਰ ਭੁਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ‘ਚ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਵਿੱਚ ਵੱਖ ਵੱਖ ਵਿਕਾਸ ਕਾਰਜ ਕਰਵਾ ਕੇ ਸ਼ਹਿਰ ਦੀ ਨੁਹਾਰ ਬਦਲੀ ਗਈ ਹੈ ਅਤੇ ਵਿਕਾਸ ਕੰਮ ਨਿਰੰਤਰ ਜਾਰੀ ਹਨ।ਉਨ੍ਹਾਂ ਨੇ ਕਿਹਾ ਕਿ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਂਕਾਂ ਨੂੰ ਚੌੜਾ ਕੀਤਾ ਗਿਆ ਹੈ। ਸ਼ਹਿਰ ਵਿਚਲੇ ਚੌਂਕਾਂ ਨੂੰ ਚੌੜਿਆਂ ਕਰਕੇ ਖੂਬਸੂਰਤ ਦਿੱਖ ਦਿੱਤੀ ਗਈ ਹੈ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀ ਇਮਾਰਤ ਉਸਾਰੀ ਗਈ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਉਸਾਰੀ ਕਰਵਾਈ ਗਈ ਹੈ। ਸੀ.ਸੀ.ਟੀ.ਵੀ ਕੈਮਰੇ ਲਗਾਏ ਹਨ ਅਤੇ ਟਰੈਫਿਕ ਲਾਈਟਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਖ ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

ਜਵਾਨੀ ਸੰਭਾਲ ਯਾਤਰਾ ਦਾ ਰਾਜਾ ਗਿੱਲ ਦੀ ਅਗਵਾਈ ਹੇਠ ਕਾਂਗਰਸ ਵਰਕਰਾਂ ਵੱਲੋਂ ਹਲਕਾ ਸਮਰਾਲਾ ਚ ਭਰਮਾ ਸਵਾਗਤ ਕੀਤਾ ਜਾਵੇਗਾ- ਬਲਵਿੰਦਰ ਬੰਬ, ਕੌਂਸਲਰ ਸਿੰਦੀ, ਸੋਨੀ ਸਰਪੰਚ

ਦੇਸੀ ਪੰਜਾਬ



ਸਮਰਾਲਾ/ ਮਾਛੀਵਾੜਾ 10 ਨਵੰਬਰ (ਜਸਨ ਬੰਬ) ਕਾਂਗਰਸ ਪਾਰਟੀ ਵੱਲੋਂ ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਜਵਾਨੀ ਸੰਭਾਲ ਪੰਜਾਬ ਯਾਤਰਾ ਦਾ ਵਿਧਾਨ ਸਭਾ ਹਲਕਾ ਸਮਰਾਲਾ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ 12 ਨਵੰਬਰ ਦਿਨ ਬੀਰਵਾਰ ਨੂੰ ਹਲਕਾ ਸਮਰਾਲਾ ਵਿੱਚ ਪਹੁੰਚਣ ਤੇ ਸਮੁੱਚੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਕਾਂਗਰਸ ਵਰਕਰਾਂ ਅਤੇ ਅਹੁਦੇਦਾਰਾਂ ਵੱਲੋਂ ਗਰਮ ਜੋਸ਼ੀ ਨਾਲ ਭਰਮਾ ਸਵਾਗਤ ਕੀਤਾ ਜਾਵੇਗਾ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਲਵਿੰਦਰ ਸਿੰਘ ਬੰਬ ਚੇਅਰਮੈਨ ਐਸ ਸੀ ਡਿਪਾਰਟਮੈਂਟ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ,ਕੌਂਸਲਰ ਸੁਰਿੰਦਰ ਕੁਮਾਰ ਸਿੰਦੀ ਉਪ ਚੇਅਰਮੈਨ ਐਸ ਸੀ ਵਿਭਾਗ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ, ਉੱਘੇ ਸਮਾਜ ਸੇਵਕ ਸੁਖਦੀਪ ਸਿੰਘ ਸੋਨੀ ਸਰਪੰਚ ਪ੍ਰਧਾਨ ਸੋਸ਼ਲ ਮੀਡੀਆ ਬਲਾਕ ਕਾਂਗਰਸ ਮਾਛੀਵਾੜਾ ਸਾਹਿਬ ਨੇ ਗੱਲਬਾਤ ਕਰਦਿਆਂ ਹੋਇਆਂ ਕੀਤਾ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਇੱਕ ਇਹੋ ਜਿਹੀ ਪਾਰਟੀ ਹੈ ਜਿਹੜੀ ਹਰ ਫਰਕੇ ਅਤੇ ਹਰ ਧਰਮ ਦਾ ਸਤਿਕਾਰ ਕਰਦੀ ਹੈ ਜੇ ਕੋਈ ਪਾਰਟੀ ਪੰਜਾਬ ਦੀ ਜਵਾਨੀ ਤੇ ਕਿਸਾਨੀ ਅਤੇ ਮਜ਼ਦੂਰਾਂ ਵਰਗ ਦਾ ਖਿਆਲ ਰੱਖ ਸਕਦੀ ਹੈ ਤਾਂ ਉਹ ਸਿਰਫ ਤੇ ਸਿਰਫ ਕਾਂਗਰਸ ਪਾਰਟੀ ਹੀ ਰੱਖ ਸਕਦੀ ਹੈ । ਚੇਅਰਮੈਨ ਬਲਵਿੰਦਰ ਸਿੰਘ ਬੰਬ,ਕੌਂਸਲਰ ਸੁਰਿੰਦਰ ਕੁਮਾਰ ਸਿੰਦੀ , ਪ੍ਰਧਾਨ ਸੁਖਦੀਪ ਸਿੰਘ ਸੋਨੀ ਸਰਪੰਚ ਨੇ ਕਿਹਾ ਕੀ ਹਲਕਾ ਸਮਰਾਲਾ ਦੇ ਨੌਜਵਾਨਾਂ ਦੀ ਆਵਾਜ਼, ਹਰ ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਚੱਲਣ ਵਾਲੇ ਨੇਤਾ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਦੂਰ ਅੰਦੇਸੀ ਸੋਚ ਸਦਕਾ ਹਲਕਾ ਸਮਰਾਲਾ ਵਿੱਚ ਕਾਂਗਰਸ ਪਾਰਟੀ ਪੂਰੀ ਤਰਹਾਂ ਮਜਬੂਤ ਹੋ ਚੁੱਕੀ ਹੈ ਕਿਉਂਕਿ ਵਿਧਾਨ ਸਭਾ ਹਲਕਾ ਸਮਰਾਲਾ ਦੇ ਲੋਕਾਂ ਨੂੰ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਵੱਲੋ ਬਿਨਾਂ ਭੇਦ ਭਾਵ ਪਿਆਰ ਸਤਿਕਾਰ ਦਿੱਤਾ ਜਾਂਦਾ ਹੈ ਅਤੇ ਰੁਪਿੰਦਰ ਸਿੰਘ ਰਾਜਾ ਗਿੱਲ ਨੂੰ ਵੀ ਹਲਕੇ ਦੇ ਲੋਕਾਂ ਵੱਲੋਂ ਵੀ ਮਣਾਂ ਮੁਹੀ ਪਿਆਰ ਤੇ ਸਨਮਾਨ ਦਿੱਤਾ ਜਾ ਰਿਹਾ ਹੈ ਜਿਸ ਕਰਕੇ ਵਿਧਾਨ ਸਭਾ ਹਲਕਾ ਸਮਰਾਲਾ ਤੋਂ 2027 ਚ ਕਾਂਗਰਸ ਪਾਰਟੀ ਹੂੰਝਾ ਫਿਰ ਜਿੱਤ ਦਰਜ ਕਰੇਗੀ ।

ਭਗਵਾਨ ਵਿਸ਼ਵਕਰਮਾ ਜਯੰਤੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ, ਧਾਇਕ ਨਰਿੰਦਰ ਕੌਰ ਭਰਾਜ ਨੇ ਸ਼ੈੱਡ ਲਈ ਦਸ ਲੱਖ ਰੁਪਏ ਦੇਣ ਦਾ ਕੀਤਾ ਐਲਾਨ

ਦੇਸੀ ਪੰਜਾਬ



ਭਵਾਨੀਗੜ 10 ਨਵੰਬਰ ਮਨਦੀਪ ਕੌਰ ਮਾਝੀ ਸਥਾਨਕ ਸ਼ਹਿਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਭਗਵਾਨ ਸ੍ਰੀ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਅਤੇ ਔਜ਼ਾਰ ਪੂਜਾ ਨੂੰ ਸਮਰਪਿਤ ਭਗਵਾਨ ਸ੍ਰੀ ਵਿਸ਼ਵਕਰਮਾ ਜਯੰਤੀ ਸ਼ਰਧਾ ਅਤੇ ਵਿ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਸ਼ਿਰਕਤ ਕਰਕੇ ਭਗਵਾਨ ਵਿਸ਼ਵਕਰਮਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਸਮਾਗਮ ਦੌਰਾਨ ਪ੍ਰਧਾਨ ਜਸਵਿੰਦਰ ਸਿੰਘ ਜੱਜ ਦੀ ਅਗਵਾਈ ਹੇਠ ਮੁੱਖ ਮਹਿਮਾਨ ਵਜੋਂ ਪਹੁੰਚੀ ਹਲਕਾ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਵਿਧਾਇਕ ਭਰਾਜ ਨੇ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦੇ ਜੀਵਨ, ਉਨ੍ਹਾਂ ਦੀ ਮਹਾਨ ਸ਼ਖ਼ਸੀਅਤ ਅਤੇ ਸਿਰਜਣਾਤਮਕ ਯੋਗਦਾਨ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਨੂੰ ਕਿਰਤੀਆਂ, ਕਾਰੀਗਰਾਂ ਅਤੇ ਸ਼ਿਲਪਕਾਰਾਂ ਦਾ ਮਾਰਗਦਰਸ਼ਕ ਮੰਨਿਆ ਜਾਂਦਾ ਹੈ। ਉਨ੍ਹਾਂ ਦੀ ਸਿੱਖਿਆ ਸਾਨੂੰ ਮਿਹਨਤ, ਲਗਨ ਅਤੇ ਹੁਨਰ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੰਦੀ ਹੈ।

ਇਸ ਮੌਕੇ ਉਨ੍ਹਾਂ ਵੱਲੋਂ ਸੰਸਥਾ ਦੇ ਸ਼ੈੱਡ ਦੀ ਉਸਾਰੀ ਲਈ 10 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ ਗਿਆ ।ਸਮਾਗਮ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਵੀ ਸ਼ਿਰਕਤ ਕੀਤੀ। ਇਨ੍ਹਾਂ ਵਿੱਚ ਜ਼ਿਲ੍ਹਾ ਯੋਜਨਾ ਬੋਰਡ ਸੰਗਰੂਰ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਅਰਵਿੰਦ ਖੰਨਾ, ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ ਅਤੇ ਸਾਬਕਾ ਸੰਸਦੀ ਸਕੱਤਰ ਬਾਬੂ ਪ੍ਰਕਾਸ਼ ਚੰਦ ਗਰਗ ਨੇ ਭਗਵਾਨ ਵਿਸ਼ਵਕਰਮਾ ਜੀ ਦੇ ਜੀਵਨ ਅਤੇ ਮਨੁੱਖਤਾ ਲਈ ਉਨ੍ਹਾਂ ਦੇ ਯੋਗਦਾਨ ਬਾਰੇ ਵਿਚਾਰ ਸਾਂਝੇ ਕੀਤੇ ।ਇਸ ਮੌਕੇ ਰਣਜੀਤ ਸਿੰਘ ਮੁੰਦੜ, ਮਨਦੀਪ ਸਿੰਘ ਮੁੰਦੜ, ਕਰਮਜੀਤ ਸਿੰਘ ਚੌਹਾਨ, ਪ੍ਰੀਤ ਸਿੰਘ ਤੂਰ, ਰਾਜੂ ਫਾਈਨੈਂਸਰ ਸਮੇਤ ਹੋਰ ਪਤਵੰਤੇ ਅਤੇ ਆਗੂ ਹਾਜ਼ਰ ਸਨ।

6th ਆਲ ਇੰਡੀਆ ਬਾਬਾ ਫਤਹਿ ਸਿੰਘ ਫੁੱਟਬਾਲ ਕੱਪ ਦਾ ਪੋਸਟਰ ਵਿਧਾਇਕ ਰਾਏ ਨੇ ਕੀਤਾ ਜਾਰੀ। ਖੇਡਾਂ ਦੇ ਨਾਲ ਨਾਲ ਕਰਵਾਏ ਜਾਣਗੇ ਦਸਤਾਰਬੰਦੀ ਮੁਕਾਬਲੇ:-ਜਗਦੀਪ ਗੁਰਾਇਆ। ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈਂ ਸ਼ਲਾਗਾਯੋਗ ਕਦਮ : ਰਾਏ

ਦੇਸੀ ਪੰਜਾਬ



ਬਸੀ ਪਠਾਣਾ,10 ਨਵੰਬਰ ਪਾਰਸ ਗੌਤਮ ਬਾਬਾ ਫਤਿਹ ਸਿੰਘ ਫੁੱਟਬਾਲ ਕਲੱਬ ਵੱਲੋਂ ਸਾਹਿਬ ਏ ਕਮਾਲ ਫੌਂਡੇਸ਼ਨ ਦੇ ਸਹਿਯੋਗ ਨਾਲ ਪ੍ਰਧਾਨ ਕਰਮਜੀਤ ਸਿੰਘ ਦੀ ਅਗਵਾਈ ਹੇਠ

ਨੌਜਵਾਨੀ ਨੂੰ ਬਚਾਉਣ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਦੀ ਮਹਿਮ ਤਹਿਤ ਹਰ ਸਾਲ ਦੀ ਤਰਾਂ ਇਸ ਸਾਲ ਵੀ ਦਸ਼ਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਧੰਨ ਧੰਨ ਬਾਬਾ ਫਤਿਹ ਸਿੰਘ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਕਰਵਾਏ ਜਾ ਰਹੇ ਛੇਵਾਂ ਆਲ ਇੰਡੀਆ ਬਾਬਾ ਫਤਿਹ ਸਿੰਘ ਫੁੱਟਬਾਲ ਕੱਪ ਦਾ ਪੋਸਟਰ ਅੱਜ ਹਲਕਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਅਤੇ ਉੱਘੇ ਸਮਾਜ ਸੇਵਕ ਜਗਦੀਪ ਸਿੰਘ ਗੁਰਾਇਆ ਵੱਲੋਂ ਸਾਂਜੇ ਤੌਰ ਤੇ ਜਾਰੀ ਕੀਤਾ ਗਿਆ|

ਜਿਸ ਸੰਬੰਧੀ ਜਾਣਕਾਰੀ ਦਿੰਦੀਆਂ ਮਨਵੀਰ ਆਸਟ੍ਰੇਲੀਆ ਤੇ ਕੋਚ ਸਤਵੀਰ ਸਿੰਘ ਨੇ ਦੱਸਿਆ ਕਿ ਅੱਜ 6th ਆਲ ਇੰਡੀਆ ਬਾਬਾ ਫਤਹਿ ਸਿੰਘ ਅੰਡਰ 17 ਸਾਲ ਫੁੱਟਬਾਲ ਕੱਪ 2026 ਸਰਪ੍ਰਸਤ ਸ ਕਰਮਜੀਤ ਸਿੰਘ ਢਿੱਲੋਂ ਦੀ ਸਰਪ੍ਰਸਤੀ ਹੇਠ ਮਾਤਾ ਸੁੰਦਰੀ ਸਕੂਲ ਅੱਤੇਵਾਲੀ ਵਿਖੇ 5 ਰੋਜ਼ਾ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ ਜਿਸ ਦਾ ਅੱਜ ਵਿਧਾਇਕ ਐਡਵੋਕੇਟ ਸ ਲਖਵੀਰ ਸਿੰਘ ਰਾਏ, ਜਗਦੀਪ ਸਿੰਘ ਗੁਰਾਇਆ ਵੱਲੋ ਪੋਸਟਰ ਜਾਰੀ ਕੀਤਾ ਗਿਆ ਹੈ ਜੋ ਕੀ 10 ਦਸੰਬਰ ਤੋਂ 14 ਦਸੰਬਰ ਤਕ ਕਰਵਾਇਆ ਜਾ ਰਿਹਾ ਹੈ, ਇਸ ਵਿਚ ਪੂਰੇ ਭਾਰਤ ਦੇ ਵਿਚੋਂ 16 ਟੀਮਾਂ ਦੇ 500 ਦੇ ਕਰੀਬ ਖਿਡਾਰੀ ਭਾਗ ਲੈ ਰਹੇ ਹਨ,ਜਿਸ ਵਿੱਚ ਅਕੈਡਮੀ ਵੱਲੋਂ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ 2 ਲੱਖ ਇੱਕ ਹਜਾਰ ਦਾ ਪਹਿਲਾ ਤੇ 1ਲੱਖ ਇੱਕ ਹਜਾਰ ਦਾ ਦੂਜਾ ਇਨਾਮ ਅਤੇ 31 ਹਜਾਰ ਦਾ ਤੀਜਾ ਇਨਾਮ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਦਿੱਤਾ ਜਾ ਰਿਹਾ ਹੈ, ਇਸ ਤੋਂ ਇਲਾਵਾ ਅਕੈਡਮੀ ਵੱਲੋਂ ਲੜਕੀਆਂ ਦੇ ਅੰਡਰ -19 ਸਾਲ ਦੇ ਮੁਕਾਬਲੇ, ਅੰਡਰ 14 ਸਾਲ ਅਤੇ 40 ਪਲੱਸ ਫੁੱਟਬਾਲ ਦੇ ਮੈਚ ਵੀ ਕਰਵਾਏ ਜਾਣਗੇ ਇਸ ਤੋਂ ਇਲਾਵਾ ਬਜ਼ੁਰਗਾਂ ਦੀਆਂ ਰੇਸਾ ਤੇ ਨੌਜਵਾਨਾਂ ਦੇ ਡੰਡ ਬੈਠਕਾਂ ਦੇ ਮੁਕਾਬਲੇ ਕਰਵਾਏ ਜਾਣਗੇ,ਇਸ ਤੋਂ ਇਲਾਵਾ ਨੌਜਵਾਨਾਂ ਨੂੰ ਸਿੱਖੀ ਸਰੂਪ ਨਾਲ ਜੋੜਨ ਲਈ ਦਸਤਾਰਬੰਦੀ ਮੁਕਾਬਲੇ ਵੀ ਕਰਵਾਏ ਜਾਣਗੇ ਤਾਂ ਜੋ ਖੇਡਾਂ ਦੇ ਨਾਲ ਨਾਲ ਅਪਣੇ ਧਰਮ ਅਤੇ ਸੱਭਿਆਚਾਰ ਨਾਲ ਜੁੜੇ ਰਹਿਣ ।ਇਸ ਤੋਂ ਇਲਾਵਾ ਫਤਹਿਗੜ੍ਹ ਸਾਹਿਬ ਦੇ ਛੋਟੇ ਬੱਚਿਆਂ ਲਈ ਅੰਡਰ -9 ਅਤੇ ਅੰਡਰ -11 ਦੇ ਲੜਕੇ ਅਤੇ ਲੜਕੀਆਂ ਦੇ ਮੈਚ ਕਰਵਾਏ ਜਾਣਗੇ ।ਇਹ ਇਕ ਸ਼ਲਾਘਾਯੋਗ ਉਪਰਾਲਾ ਹੈ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜ ਰਹੇ ਹਨ, ।ਇਸ ਮੌਕੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਗੋਲਡੀ ਰਣਜੀਤ ਸਿੰਘ ਟੀਟੀ, ਰਕੇਸ਼ ਕੁਮਾਰ ਬਾਲੀ,ਦਲੀਪ ਸਿੰਘ ਚੀਮਾ, ਦੀਪਕ ਇੰਦਰ, ਮਨਿੰਦਰਜੀਤ ਸਿੰਘ ਚੀਮਾ, ਹਰਵਿੰਦਰ ਸਿੰਘ ਕਾਕਾ, ਹਰਿੰਦਰ ਕੁਮਾਰ ਡੀ ਪੀ,ਕਰਮਜੀਤ ਸਿੰਘ ਚੀਮਾ ਕੋਟਲਾ ਬਜਵਾੜਾ, ਜਸਵੀਰ ਸਿੰਘ ਡੀ ਐਮ ਸਪੋਰਟਸ, ਸੱਜਣ ਸਿੰਘ, ਸੈਕਟਰੀ ਰੈਡ ਕ੍ਰਾਸ ਸਤਨਾਮ ਭਾਰਦਵਾਜ, ਰਾਜ ਕੁਮਾਰ ਰੈਡ ਕ੍ਰਾਸ, ਪਰਮਜੀਤ ਸ਼ਰਮਾ, ਅਮਨਪ੍ਰੀਤ ਸਰਹਿੰਦ, ਸੁਖਬੀਰ ਸ਼ਰਮਾ, ਪ੍ਰਿੰਸੀਪਲ ਗੁਰਮੀਤ ਕੌਰ, ਮੈਡਮ ਚਰਨਜੀਤ ਕੌਰ, ਮੈਡਮ ਜਸਵੀਰ ਕੌਰ, ਅੰਕਿਤ ਕੁਮਾਰ, ਗੁਰਿੰਦਰ ਸਿੰਘ, ਚਰਨਜੀਤ ਸਿੰਘ ਠੇਕੇਦਾਰ, ਸਤਨਾਮ ਸਿੰਘ, ਜਤਿੰਦਰ ਸਿੰਘ, ਸੋਢੀ ਅਮਰੀਕਾ, ਮੈਨੇਜਰ ਦਲਜੀਤ ਸਿੰਘ ਅਤੇ ਖੇਡ ਪ੍ਰੇਮੀ ਹਾਜਰ ਸਨ।

ਪੱਤਰਕਾਰ ਦਾਰਾ ਸਿੰਘ ਦੀ ਮਾਤਾ ਸੁਖਰਾਜ ਕੌਰ ਨਮਿਤ ਅੰਤਿਮ ਅਰਦਾਸ ਸਮਾਗਮ।

ਦੇਸੀ ਪੰਜਾਬ



ਭਿਖੀਵਿੰਡ, ਜਗਤਾਰ ਸਿੰਘ ਖਾਲੜਾ ਨੇੜਲੇ ਪਿੰਡ ਡੱਲ ਵਿਖੇ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਪੱਤਰਕਾਰ ਦਾਰਾ ਸਿੰਘ ਦੇ ਸਤਿਕਾਰਯੋਗ ਮਾਤਾ ਸੁਖਰਾਜ ਕੌਰ ਨਮਿਤ ਅੰਤਿਮ ਅਰਦਾਸ ਸਮਾਗਮ ਗੁਰਦੁਆਰਾ ਲਖੀ ਰਾਮ ਜੀ ਵਿਖੇ ਪੂਰੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਹਜ਼ੂਰੀ ਰਾਗੀ ਜਥੇ ਵੱਲੋਂ ਵੈਰਾਗਮਈ ਗੁਰਬਾਣੀ ਕੀਰਤਨ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਸਮਾਗਮ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ, ਧਾਰਮਿਕ ਸ਼ਖ਼ਸੀਅਤਾਂ ,ਪੱਤਰਕਾਰ ਭਾਈਚਾਰਾ ਅਤੇ ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕਰਦਿਆਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਹਲਕਾ ਵਿਧਾਇਕ ਸਰਵਨ ਸਿੰਘ ਧੁੰਨ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਿਵਾਰ ਵਿੱਚ ਮਾਂ ਦਾ ਸਥਾਨ ਸਭ ਤੋਂ ਉੱਚਾ ਹੁੰਦਾ ਹੈ। ਮਾਂ ਦੇ ਵਿਛੋੜੇ ਨਾਲ ਪੈਦਾ ਹੋਇਆ ਘਾਟਾ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ ।ਇਸ ਤੋਂ ਇਲਾਵਾ ਭਾਜਪਾ ਆਗੂ ਦਲਬੀਰ ਸਿੰਘ ਅਲਗੋਂ, ਗੁਰਮੁਖ ਸਿੰਘ ਘੁੱਲਾ ਬਲੇਰ ਅਤੇ ਕਿਸਾਨ ਆਗੂ ਗੁਰਸਾਹਿਬ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਨੇ ਵੀ ਮਾਤਾ ਸੁਖਰਾਜ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਦੁਖੀ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ।ਸਮਾਗਮ ਦੇ ਅੰਤ ਵਿੱਚ ਪੱਤਰਕਾਰ ਦਾਰਾ ਸਿੰਘ ਡੱਲ ਅਤੇ ਉਨ੍ਹਾਂ ਦੇ ਪਿਤਾ ਸੇਵਾ ਸਿੰਘ ਪਹਿਲਵਾਨ ਨੇ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਅਤੇ ਅੰਤਿਮ ਅਰਦਾਸ ਸਮਾਗਮ ਵਿੱਚ ਸ਼ਾਮਲ ਹੋਣ ਵਾਲੀਆਂ ਸਮੂਹ ਸੰਗਤਾਂ, ਰਾਜਨੀਤਿਕ ਆਗੂਆਂ, ਕਿਸਾਨ ਆਗੂਆਂ,ਪੱਤਰਕਾਰ ਭਾਈਚਾਰੇ ਦੇ ਅਤੇ ਧਾਰਮਿਕ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।

ਅੰਮ੍ਰਿਤਸਰ ਵਿੱਚ 3 ਨਾਬਾਲਗਾਂ ਸਮੇਤ 7 ਵਿਅਕਤੀ ਕਾਬੂ; ਆਰਪੀਜੀ, 2 ਪਿਸਤੌਲ, 7.9 ਕਿਲੋ ਹੈਰੋਇਨ, 5 ਕਿਲੋ ਅਫੀਮ ਅਤੇ 2.3 ਕਿਲੋ ਆਈਸੀਈ ਬਰਾਮਦ

ਦੇਸੀ ਪੰਜਾਬ





ਚੰਡੀਗੜ੍ਹ/ਅੰਮ੍ਰਿਤਸਰ, 10 ਨਵੰਬਰ (ਰਣਜੀਤ ਸਿੰਘ ਮਸੌਣ/ਸੁਰਿੰਦਰ ਸਿੰਘ ਸੋਨੂੰ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ, ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਕੇਂਦਰੀ ਏਜੰਸੀ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਸੱਤ ਵਿਅਕਤੀਆਂ, ਜਿਨ੍ਹਾਂ ਵਿੱਚ ਤਿੰਨ ਨਾਬਾਲਗ ਵੀ ਸ਼ਾਮਲ ਹਨ, ਨੂੰ ਇੱਕ ਰੌਕੇਟ ਪ੍ਰੋਪੈਲਡ ਗ੍ਰਨੇਡ (ਆਰਪੀਜੀ) — 22 ਨੈਟੋ ਐਂਟੀ-ਟੈਂਕ ਮਿਜ਼ਾਈਲ ਲਾਂਚਰ, ਦੋ 9ਐਮਐਮ ਗਲੌਕ ਪਿਸਤੌਲਾਂ, 106 ਜ਼ਿੰਦਾ ਕਾਰਤੂਸਾਂ, 7.9 ਕਿਲੋ ਹੈਰੋਇਨ, 5.1 ਕਿਲੋ ਅਫੀਮ ਅਤੇ 2.3 ਕਿਲੋ 'ਆਈਸੀਈ' (ਮੈਥਾਮਫੇਟਾਮਾਈਨ) ਸਮੇਤ ਗ੍ਰਿਫ਼ਤਾਰ ਕਰਕੇ ਗੈਰ-ਕਾਨੂੰਨੀ ਹਥਿਆਰ ਅਤੇ ਨਸ਼ਾ ਤਸਕਰੀ ਕਰਨ ਵਾਲੇ ਕਈ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਕਿਰਪਾਲ ਸਿੰਘ ਉਰਫ਼ ਗੁਰਪਾਲ (20) ਵਾਸੀ ਪਿੰਡ ਚੀਚਾ; ਲਵਪ੍ਰੀਤ ਸਿੰਘ ਉਰਫ਼ ਨਵਪ੍ਰੀਤ ਸਿੰਘ ਉਰਫ਼ ਨਵ (25) ਵਾਸੀ ਪਿੰਡ ਧਾਰੀਵਾਲ, ਲੋਪੋਕੇ; ਬਲਕਾਰ ਸਿੰਘ (41) ਵਾਸੀ ਕੋਟਲੀ ਦੁਸਾਂਧੀ; ਸੁਖਜੀਤ ਸਿੰਘ (19) ਵਾਸੀ ਅਜਨਾਲਾ ਅਤੇ ਤਿੰਨ ਨਾਬਾਲਗਾਂ ਵਜੋਂ ਹੋਈ ਹੈ।ਹਥਿਆਰਾਂ, ਅਸਲੇ ਅਤੇ ਨਸ਼ਿਆਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਇੱਕ ਡਰੋਨ, ਇੱਕ ਜੀਪੀਐਸ ਟ੍ਰੈਕਿੰਗ ਯੰਤਰ ਅਤੇ ਪੰਜ ਮੋਬਾਈਲ ਫੋਨ ਵੀ ਬਰਾਮਦ ਕੀਤੇ ਹਨ ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼-ਅਧਾਰਤ ਸੰਚਾਲਕਾਂ ਦੇ ਸੰਪਰਕ ਵਿੱਚ ਸਨ, ਜੋ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ਿਆਂ ਦੀ ਖੇਪ ਦੀ ਸਪਲਾਈ ਅਪਰਾਧਿਕ ਅਨਸਰਾਂ ਵਿੱਚ ਵੰਡਣ ਲਈ ਕਰਵਾਉਂਦੇ ਸਨ। ਉਨ੍ਹਾਂ ਦੱਸਿਆ ਕਿ ਇਸ ਨੈੱਟਵਰਕ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਅਤੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪਹਿਲੇ ਆਪ੍ਰੇਸ਼ਨ ਵਿੱਚ, ਅੰਮ੍ਰਿਤਸਰ ਦਿਹਾਤੀ ਅਤੇ ਕੇਂਦਰੀ ਏਜੰਸੀਆਂ ਦੀ ਸਾਂਝੀ ਟੀਮ ਨੇ 22 ਨੈਟੋ ਆਰਪੀਜੀ ਐਂਟੀ-ਟੈਂਕ ਮਿਜ਼ਾਈਲ ਲਾਂਚਰ ਸਮੇਤ ਗੁਰਕਿਰਪਾਲ ਸਿੰਘ ਉਰਫ਼ ਗੁਰਪਾਲ ਅਤੇ ਉਸ ਦੇ ਨਾਬਾਲਗ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਹੈ ।ਦੂਜੇ ਆਪ੍ਰੇਸ਼ਨ ਬਾਰੇ ਉਨ੍ਹਾਂ ਦੱਸਿਆ ਕਿ ਥਾਣਾ ਲੋਪੋਕੇ ਦੀਆਂ ਟੀਮਾਂ ਨੇ ਬੀ.ਐਸ.ਐਫ ਨਾਲ ਮਿਲ ਕੇ ਬਾਰਡਰ ਆਊਟਪੋਸਟ (ਬੀਓਪੀ) ਉੱਤਰ ਧਾਰੀਵਾਲ ਖੇਤਰ ਵਿੱਚ ਇੱਕ ਸਾਂਝਾ ਤਲਾਸ਼ੀ ਮੁਹਿੰਮ ਚਲਾਈ ਅਤੇ ਦੋ 9 ਐਮਐਮ ਗਲੋਕ ਪਿਸਤੌਲਾਂ, ਦੋ ਮੈਗਜ਼ੀਨਾਂ ਅਤੇ ਅਸਲੇ ਸਮੇਤ ਲਵਪ੍ਰੀਤ ਸਿੰਘ ਉਰਫ਼ ਨਵਪ੍ਰੀਤ ਨੂੰ ਗ੍ਰਿਫ਼ਤਾਰ ਕੀਤਾ।

ਗ੍ਰਿਫ਼ਤਾਰ ਮੁਲਜ਼ਮ ਦੇ ਦੋ ਹੋਰ ਸਾਥੀਆਂ ਦੀ ਵੀ ਪਛਾਣ ਕਰ ਲਈ ਗਈ ਹੈ ਅਤੇ ਉਨ੍ਹਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਆਈਜੀਪੀ ਨੇ ਦੱਸਿਆ ਕਿ ਤੀਜੇ ਆਪ੍ਰੇਸ਼ਨ ਵਿੱਚ, ਥਾਣਾ ਭਿੰਡੀ ਸੈਦਾਂ ਦੀਆਂ ਟੀਮਾਂ ਨੇ ਬੀ.ਐਸ.ਐਫ ਨਾਲ ਮਿਲ ਕੇ 2.3 ਕਿਲੋ ਆਸੀਈ ਡਰੱਗ ਬਰਾਮਦ ਸਮੇਤ ਬਲਕਾਰ ਸਿੰਘ, ਸੁਖਜੀਤ ਸਿੰਘ ਅਤੇ ਦੋ ਨਾਬਾਲਗਾਂ ਨੂੰ ਗ੍ਰਿਫ਼ਤਾਰ ਕਰਕੇ ਆਸੀਈ ਡਰੱਗ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ। ਜਾਂਚ ਤੋਂ ਪਤਾ ਲੱਗਾ ਹੈ ਕਿ ਬਲਕਾਰ ਸਿੰਘ, ਜਿਸ ਦੀ ਖੇਤੀਬਾੜੀ ਜ਼ਮੀਨ ਅੰਤਰਰਾਸ਼ਟਰੀ ਸਰਹੱਦੀ ਵਾੜ ਨਾਲ ਲੱਗਦੀ ਹੈ, ਨੇ ਸਰਹੱਦ ਪਾਰੋਂ ਡਰੋਨ ਰਾਹੀਂ ਨਸ਼ਾ ਸੁਟਵਾਉਣ ਦਾ ਪ੍ਰਬੰਧ ਕੀਤਾ ਸੀ ਅਤੇ ਇਸ ਨੂੰ ਅੱਗੇ ਵੰਡਣ ਲਈ ਅਜਨਾਲਾ ਦੇ ਸਥਾਨਕ ਨੌਜਵਾਨਾਂ ਨੂੰ ਸ਼ਾਮਲ ਕੀਤਾ ਸੀ ।ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਇਸ ਤੋਂ ਇਲਾਵਾ ਥਾਣਾ ਭਿੰਡੀ ਸੈਦਾਂ ਦੀਆਂ ਟੀਮਾਂ ਵੱਲੋਂ ਸਰਹੱਦੀ ਖੇਤਰ 'ਚ ਚਲਾਏ ਗਏ ਦੋ ਹੋਰ ਬਰਾਮਦਗੀ ਅਭਿਆਨਾਂ ਦੌਰਾਨ ਪਿੰਡ ਅਵਾਨ ਲੱਖਾ ਸਿੰਘ ਨੇੜਿਓਂ ਡਰੋਨ ਰਾਹੀਂ ਸੁੱਟੀ ਗਈ 7.904 ਕਿੱਲੋ ਹੈਰੋਇਨ ਅਤੇ ਇੱਕ ਟ੍ਰੈਕਰ ਯੰਤਰ ਬਰਾਮਦ ਕੀਤਾ ਗਿਆ। ਬੀ.ਐਸ.ਐਫ ਨਾਲ ਬੀਓਪੀ ਫਤਿਹਪੁਰ ਖੇਤਰ ਵਿਖੇ ਸਾਂਝੀ ਰਾਤ ਨੂੰ ਕੀਤੀ ਤਲਾਸ਼ੀ ਦੌਰਾਨ 5.152 ਕਿਲੋ ਅਫ਼ੀਮ ਦਾ ਪੈਕੇਟ ਵੀ ਜ਼ਬਤ ਕੀਤਾ ਗਿਆ ।ਇਸ ਸਬੰਧੀ ਪੰਜ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ, ਜਿਸ ਵਿੱਚ ਵਿਸਫੋਟਕ ਪਦਾਰਥ ਐਕਟ ਦੀ ਧਾਰਾ 3, 4, ਅਤੇ 5 ਤਹਿਤ ਐਫ.ਆਈ.ਆਰ ਨੰਬਰ 487 ਮਿਤੀ 06.11.2026 ਨੂੰ ਥਾਣਾ ਘਰਿੰਡਾ ਵਿਖੇ; ਅਸਲਾ ਐਕਟ ਦੀ ਧਾਰਾ 25 ਤਹਿਤ ਐਫ.ਆਈ.ਆਰ ਨੰਬਰ 359 ਮਿਤੀ 04.11.2026 ਨੂੰ ਥਾਣਾ ਲੋਪੋਕੇ ਵਿਖੇ; ਐਨ.ਡੀ.ਪੀ.ਐਸ ਐਕਟ ਦੀ ਧਾਰਾ 21 ਤਹਿਤ ਐਫ.ਆਈ.ਆਰ ਨੰਬਰ 184 ਮਿਤੀ 10.11.2026, ਧਾਰਾ 21 ਅਤੇ 23 ਤਹਿਤ ਐਫ.ਆਈ.ਆਰ ਨੰਬਰ 180 ਅਤੇ ਧਾਰਾ 18 ਤਹਿਤ ਐਫ.ਆਈ.ਆਰ ਨੰਬਰ 181 ਨੂੰ ਥਾਣਾ ਭਿੰਡੀ ਸੈਦਾਂ ਵਿਖੇ ਦਰਜ ਕੀਤੇ ਮਾਮਲੇ ਸ਼ਾਮਲ ਹਨ।

ਪਰਮਜੀਤ ਸਿੰਘ ਮੰਡਾਹੜ ਦੇ ਅਕਾਲ ਚਲਾਣੇ ਨਾਲ ਅਮਰਗੜ੍ਹ ਇਲਾਕੇ ਵਿੱਚ ਸੋਗ ਦੀ ਲਹਿਰ

ਦੇਸੀ ਪੰਜਾਬ



ਅਮਰਗੜ੍ਹ, 10 ਨਵੰਬਰ (ਸੁਰਿੰਦਰ ਸਿੰਗਲਾ)ਅਮਰਗੜ੍ਹ ਇਲਾਕੇ ਦੀ ਨਾਮਵਰ ਉੱਘੀ ਸ਼ਖ਼ਸੀਅਤ ਅਤੇ ਸੈਲਰ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਮੰਡਾਹੜ ਦੇ ਅਕਾਲ ਚਲਾਣੇ ਦੀ ਖ਼ਬਰ ਨਾਲ ਸਮੁੱਚੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਉਹ ਪਿਛਲੇ ਦਿਨੀਂ ਵਾਪਰੇ ਇੱਕ ਸੜਕ ਹਾਦਸੇ ਦੌਰਾਨ ਗੰਭੀਰ ਜ਼ਖ਼ਮੀ ਹੋ ਗਏ ਸਨ ਜੋ ਆਪਣੀ ਸਵਾਸਾਂ ਰੁਪੀ ਪੂੰਜੀ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਉਨ੍ਹਾਂ ਦੇ ਵਿਛੋੜੇ ਨੂੰ ਇਲਾਕੇ ਲਈ ਨਾ ਪੂਰਾ ਹੋਣ ਵਾਲਾ ਘਾਟਾ ਕਰਾਰ ਦਿੱਤਾ ਜਾ ਰਿਹਾ ਹੈ। ਪਰਮਜੀਤ ਸਿੰਘ ਮੰਡਾਹੜ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਕੁਲਵੰਤ ਸਿੰਘ ਗੱਜਣਮਾਜਰਾ , ਸਾਬਕਾ ਵਿਧਾਇਕ ਇਕਬਾਲ ਸਿੰਘ ਝੂੰਦਾਂ, ਹੀਰਾ ਸਿੰਘ, ਜਸਬੀਰ ਸਿੰਘ ਜੱਸੀ ਸੇਖੋ, ਐਡਵੋਕੇਟ ਮੱਖਣ ਸਿੰਘ ਨਾਭਾ, ਪ੍ਰਦੀਪ ਸ਼ਰਮਾ, ਰਾਜਿੰਦਰ ਸਿੰਘ ਟੀਨਾ ਨੰਗਲ, ਮਨਜਿੰਦਰ ਸਿੰਘ ਬਾਵਾ, ਜਸਵਿੰਦਰ ਸਿੰਘ , ਹਰਪ੍ਰੀਤ ਸਿੰਘ , ਮਨਜਿੰਦਰ ਸਿੰਘ , ਸੁਖਵਿੰਦਰ ਸਿੰਘ ਸੁੱਖਾ ਸ਼ਹਿਰੀ ਪ੍ਰਧਾਨ, ਮਨਜਿੰਦਰ ਸਿੰਘ , ਐਕਸੀਅਨ ਗੁਰਨੀਤ ਸਿੰਘ ਗਿੰਨੀ, ਐਮ.ਡੀ. ਸਵਰਨਜੀਤ ਸਿੰਘ ਅਮਰਗੜ੍ਹ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭੁਪਿੰਦਰ ਸਿੰਘ ਭਲਵਾਨ, ਸਰਬਜੀਤ ਸਿੰਘ ਗੋਗੀ, ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ ਆਦਿ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ, ਧਾਰਮਿਕ ਸ਼ਖ਼ਸੀਅਤਾਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਅਤੇ ਇਲਾਕੇ ਦੇ ਪਤਵੰਤੇ ਸੱਜਣ ਸ਼ਾਮਲ ਸਨ।

ਇਸ ਮੌਕੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਪਰਮਜੀਤ ਸਿੰਘ ਮੰਡਾਹੜ ਦਾ ਵਿਛੋੜਾ ਪਰਿਵਾਰ ਦੇ ਨਾਲ-ਨਾਲ ਸਮੁੱਚੇ ਇਲਾਕੇ ਲਈ ਵੀ ਵੱਡਾ ਘਾਟਾ ਹੈ। ਉਨ੍ਹਾਂ ਦੇ ਸਮਾਜਿਕ ਅਤੇ ਵਪਾਰਕ ਖੇਤਰ ਵਿੱਚ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਿੱਛੇ ਰਹਿ ਗਏ ਪਰਿਵਾਰਕ ਮੈਂਬਰਾਂ ਤੇ ਸਨੇਹੀਆਂ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਪ੍ਰਦਾਨ ਕਰਨ।

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਐਡਵੋਕੇਟ ਰਾਜਵਿੰਦਰ ਸਿੰਘ ਲੱਕੀ ਦੀ ਵਿਸ਼ੇਸ਼ ਮੁਲਾਕਾਤ

ਦੇਸੀ ਪੰਜਾਬ



ਨਵਾਂਸ਼ਹਿਰ 10 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ) ਭਾਰਤੀ ਜਨਤਾ ਪਾਰਟੀ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਾਜਵਿੰਦਰ ਸਿੰਘ ਲੱਕੀ ਨੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਜੀ ਨਾਲ ਮੁੱਖ ਮੰਤਰੀ ਨਿਵਾਸ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਨਵਾਂਸ਼ਹਿਰ, ਬਲਾਚੌਰ ਅਤੇ ਬੰਗਾ ਵਿਧਾਨ ਸਭਾ ਹਲਕਿਆਂ ਦੀ ਮੌਜੂਦਾ ਰਾਜਨੀਤਿਕ ਸਥਿਤੀ ਅਤੇ ਭਾਰਤੀ ਜਨਤਾ ਪਾਰਟੀ ਦੀਆਂ ਜਥੇਬੰਦਕ ਗਤੀਵਿਧੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ।ਇਸ ਮੌਕੇ ਪੰਜਾਬ ਵਿੱਚ ਭਾਜਪਾ ਦੀ ਮਜ਼ਬੂਤੀ ਅਤੇ ਆਉਣ ਵਾਲੇ ਦਿਨਾਂ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਜੀ ਦੇ ਬਲਾਚੌਰ, ਨਵਾਂਸ਼ਹਿਰ ਅਤੇ ਬੰਗਾ ਵਿਖੇ ਹੋਣ ਵਾਲੇ ਸੰਭਾਵਿਤ ਦੌਰਿਆਂ ਅਤੇ ਪਾਰਟੀ ਪ੍ਰੋਗਰਾਮਾਂ ਸਬੰਧੀ ਵੀ ਸਲਾਹ-ਮਸ਼ਵਰਾ ਕੀਤਾ ਗਿਆ। ਇਨ੍ਹਾਂ ਪ੍ਰੋਗਰਾਮਾਂ ਦੀ ਰੂਪ-ਰੇਖਾ, ਸਥਾਨਾਂ ਅਤੇ ਜਥੇਬੰਦਕ ਤਿਆਰੀਆਂ ਬਾਰੇ ਵਿਚਾਰ ਸਾਂਝੇ ਕੀਤੇ ਗਏ।

ਸਟੇਟ ਬੈਂਕ ਆਫ ਇੰਡੀਆ ਬ੍ਰਾਂਚ ਦੇ ਬਾਹਰ ਲੱਗੇ ਦੋ ਏ ਟੀ ਐੱਮ ਨੂੰ ਤੋੜ ਕੇ ਕਰੀਬ ਸਾਢੇ ਪੰਜ ਲੱਖ ਰੁਪਏ ਦੀ ਨਕਦੀ ਲੁੱਟ



ਭਵਾਨੀਗੜ 10 ਨਵੰਬਰ ਮਨਦੀਪ ਕੌਰ ਮਾਝੀ ਅੱਜ ਸਵੇਰੇ ਹੀ ਅਣਪਛਾਤੇ ਲੁਟੇਰਿਆਂ ਨੇ ਇੱਥੇ ਰਾਮਪੁਰਾ ਰੋਡ ਨੇੜ੍ਹੇ ਸਥਿਤ ਸਟੇਟ ਬੈਂਕ ਆਫ ਇੰਡੀਆ ਦੀ ਏ ਡੀ ਬੀ. ਬ੍ਰਾਂਚ ਦੇ ਬਾਹਰ ਲੱਗੇ ਦੋ ਏ ਟੀ ਐੱਮਜ਼ ਤੋੜ ਕੇ ਕਰੀਬ ਸਾਢੇ ਪੰਜ ਲੱਖ ਰੁਪਏ ਦੀ ਨਕਦੀ ਲੁੱਟ ਲਈ। ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਸਮਰਾਓ ਨੇ ਦੱਸਿਆ ਕਿ ਲੁੱਟ ਦੀ ਇਹ ਵਾਰਦਾਤ ਐਤਵਾਰ ਤੜਕਸਾਰ 3 ਤੋਂ 4 ਵਜੇ ਦੇ ਦਰਮਿਆਨ ਵਾਪਰੀ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲੀਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਉਨ੍ਹਾਂ ਦੱਸਿਆ ਕਿ ਲੁਟੇਰਿਆਂ ਨੇ ਬੈਂਕ ਦੇ ਬਾਹਰ ਬਣੇ ਏ ਟੀ ਐੱਮ ਕਮਰੇ ਦੇ ਸ਼ਟਰ ਦੇ ਜਿੰਦਰੇ ਤੋੜ ਕੇ ਅੰਦਰ ਦਾਖ਼ਲ ਹੋਣ ਉਪਰੰਤ ਦੋਵੇਂ ਏ ਟੀ ਐੱਮ ਮਸ਼ੀਨਾਂ ਦੀ ਭੰਨ-ਤੋੜ ਕੀਤੀ। ਇਸ ਦੌਰਾਨ ਇੱਕ ਮਸ਼ੀਨ ਵਿਚੋਂ ਕਰੀਬ 45 ਹਜ਼ਾਰ ਰੁਪਏ ਤੇ ਦੂਜੀ ਵਿਚੋਂ ਲਗਭਗ ਪੰਜ ਲੱਖ ਰੁਪਏ ਦੀ ਨਕਦੀ ਕੱਢ ਕੇ ਲੁਟੇਰੇ ਫਰਾਰ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਨਕਾਬਪੋਸ਼ ਲੁਟੇਰਿਆਂ ਨੇ ਏ ਟੀ ਐੱਮ ਕਮਰੇ ਵਿੱਚ ਦਾਖ਼ਲ ਹੁੰਦਿਆਂ ਹੀ ਸਭ ਤੋਂ ਪਹਿਲਾਂ ਉੱਥੇ ਲੱਗੇ ਸੀ ਸੀ ਟੀ ਵੀ ਕੈਮਰਿਆਂ 'ਤੇ ਸਪਰੇਅ ਕਰ ਦਿੱਤੀ ਤਾਂ ਜੋ ਉਨ੍ਹਾਂ ਦੀ ਪਛਾਣ ਨਾ ਹੋ ਸਕੇ। ਹਾਲਾਂਕਿ ਪੁਲੀਸ ਵੱਲੋਂ ਬੈਂਕ ਦੇ ਆਲੇ-ਦੁਆਲੇ ਲੱਗੇ ਹੋਰ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ। ਇਸ ਦੌਰਾਨ ਸਾਹਮਣੇ ਆਇਆ ਹੈ ਕਿ ਲੁਟੇਰੇ ਇੱਕ ਕਾਲੇ ਰੰਗ ਦੀ ਕਾਰ ਵਿੱਚ ਫਰਾਰ ਹੁੰਦੇ ਦਿਖਾਈ ਦੇ ਰਹੇ ਹਨ। ਪੁਲੀਸ ਵੱਲੋਂ ਲੁਟੇਰਿਆਂ ਦੀ ਪਛਾਣ ਤੇ ਉਨ੍ਹਾਂ ਤੱਕ ਪਹੁੰਚਣ ਲਈ ਫੌਰੈਂਸਿਕ ਮਾਹਿਰਾਂ ਦੀ ਵੀ ਮਦਦ ਲਈ ਜਾ ਰਹੀ ਹੈ। ਲੁਟੇਰਿਆਂ ਨੇ ਮਹਿਜ਼ 10 ਤੋਂ 15 ਮਿੰਟਾਂ ਵਿੱਚ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਬੈਂਕ ਦੇ ਬ੍ਰਾਂਚ ਮੈਨੇਜਰ ਅੰਮ੍ਰਿਤਪਾਲ ਗੋਇਲ ਨੇ ਦੱਸਿਆ ਕਿ ਮੁੱਢਲੇ ਅਨੁਮਾਨ ਅਨੁਸਾਰ ਮਸ਼ੀਨਾਂ ਵਿੱਚ ਕਰੀਬ ਸਾਢੇ ਪੰਜ ਲੱਖ ਰੁਪਏ ਦੀ ਨਗਦੀ ਮੌਜੂਦ ਸੀ। ਲੁੱਟੀ ਗਈ ਅਸਲ ਰਾਸ਼ੀ ਦੀ ਪੁਸ਼ਟੀ ਬੈਂਕ ਦੀ ਤਕਨੀਕੀ ਟੀਮ ਵੱਲੋਂ ਜਾਂਚ ਤੋਂ ਬਾਅਦ ਹੀ ਕੀਤੀ ਜਾ ਸਕੇਗੀ।

ਚਰਨਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਪਿੰਡ ਲਲੌਛੀ ਤੋਂ ਕਾਂਗਰਸ ਪਾਰਟੀ ਦੇ ਵਰਕਰ 'ਆਪ' ਵਿੱਚ ਸ਼ਾਮਲ



(_ _ _), 10 ਨਵੰਬਰ ,2026ਹਲਕਾ ਸਮਾਣਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਹਲਕੇ ਦੇ ਪਿੰਡ ਲਲੌਛੀ ਤੋਂ ਕਾਂਗਰਸ ਪਾਰਟੀ ਨਾਲ ਸੰਬੰਧਿਤ ਵਰਕਰ ਸਾਬਕਾ ਕੈਬਨਿਟ ਮੰਤਰੀ ਅਤੇ ਹਲਕਾ ਸਮਾਣਾ ਦੇ 'ਆਪ' ਇੰਚਾਰਜ ਸੁਰਜੀਤ ਸਿੰਘ ਰੱਖੜਾ ਦੇ ਛੋਟੇ ਭਰਾ ਅਤੇ ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਚਰਨਜੀਤ ਸਿੰਘ ਧਾਲੀਵਾਲ ਨੇ ਲਲੌਛੀ ਵਿਖੇ ਆਯੋਜਿਤ ਸਮਾਗਮ ਦੌਰਾਨ ਪਾਰਟੀ ਵਿੱਚ ਸ਼ਾਮਲ ਹੋਏ ਨਵੇਂ ਵਰਕਰਾਂ ਨੂੰ ਸਿਰੋਪਾਓ ਭੇਂਟ ਕਰਕੇ ਉਨ੍ਹਾਂ ਦਾ ਪਾਰਟੀ 'ਚ ਸਵਾਗਤ ਕੀਤਾ ਜਿਨ੍ਹਾਂ ਵਿੱਚ ਸੋਨੀ ਲਲੌਛੀ, ਪ੍ਰੇਮ ਸਿੰਘ, ਪਰਮਜੀਤ ਸਿੰਘ, ਗੁਰਸੇਵਕ ਸਿੰਘ, ਦੀਪੀ ਸਿੰਘ, ਲਖਵੀਰ ਸਿੰਘ, ਸੋਨੀ, ਬਲਜਿੰਦਰ ਸਿੰਘ, ਜੰਟੀ ਸਿੰਘ, ਭੋਲਾ ਰਾਮ, ਕਾਕਾ ਰਾਮ, ਕਾਲਾ, ਹਾਕਮ ਸਿੰਘ, ਅਮਰੀਕ ਸਿੰਘ, ਕੁਲਦੀਪ ਸਿੰਘ ਕਾਕਾ ਸਿੰਘ, ਬਲਜੀਤ ਸਿੰਘ, ਸਰਬਜੀਤ ਸਿੰਘ, ਰੋਸ਼ਨ ਲਾਲ, ਬਿੱਟੂ ,ਕਰਵਿੰਦਰ ਸਿੰਘ (ਕਿੰਦੀ) ਨਾਹਰ ਸਿੰਘ, ਸੋਮਾ ਸਿੰਘ, ਸੋਨੀ, ਕੁਲਬੀਰ ਸਿੰਘ, ਸੰਦੀਪ ਸਿੰਘ (ਮੱਖਣ) ਦਿਲਪ੍ਰੀਤ ਸਿੰਘ, ਰਮਨਦੀਪ ਸਿੰਘ, ਕਾਕਾ ਸਿੰਘ, ਜੋਤੀ, ਰੋਸ਼ਨ ਸਿੰਘ, ਰੂਪ ਚੰਦ, ਹਰਸ਼ਦੀਪ ਸਿੰਘ, ਅਨਮੋਲ ਸਿੰਘ, ਸ਼ੈਲੀ, ਬਿੱਲਾ, ਸਹਿਜਦੀਪ ਸਿੰਘ, ਗੋਰਾ ਸਿੰਘ ਆਕਾਸ਼ ਸਿੰਘ ਅਤੇ ਅਜੇ ਸਿੰਘ ਦੇ ਨਾਮ ਜ਼ਿਕਰਯੋਗ ਹਨ।ਇਸ ਮੌਕੇ ਗੱਲਬਾਤ ਕਰਦਿਆਂ ਚਰਨਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਕਾਰਜਾਂ ਦੇ ਨਾਲ-ਨਾਲ ਹਰ ਵਰਗ ਦੀ ਭਲਾਈ ਲਈ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਅਤੇ ਇਸ ਦੇ ਨਾਲ ਲੋਕਾਂ ਦੀਆਂ ਲੋੜਾਂ ਅਤੇ ਸਹੂਲਤਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤੇ ਜਾ ਰਹੇ ਉਪਰਾਲਿਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਦੇ ਵਰਕਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਵੱਖ-ਵੱਖ ਪਾਰਟੀਆਂ ਦੇ ਵਰਕਰਾਂ ਦਾ 'ਆਪ' ਵਿੱਚ ਸ਼ਾਮਲ ਹੋਣਾ ਪਾਰਟੀ ਦੇ ਜਥੇਬੰਦਕ ਆਧਾਰ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ ਅਤੇ ਵਿਧਾਨ ਸਭਾ ਚੋਣਾਂ 2027 ਲਈ ਹੋਰ ਬਲ ਮਿਲੇਗਾ।ਅੰਤ ਸ. ਧਾਲੀਵਾਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਨਵੇਂ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਸਾਬਕਾ ਸਰਪੰਚ ਜੋਗਿੰਦਰ ਸਿੰਘ, ਸਾਬਕਾ ਸਰਪੰਚ ਸਤਪਾਲ ਸਿੰਘ, ਮੱਲ ਸਿੰਘ , ਨਿਰੰਜਨ ਸਿੰਘ, ਪ੍ਰਗਾਸ ਸਿੰਘ, ਗੁਰਜੰਟ ਸਿੰਘ ਲਲੌਛੀ ਅਤੇ ਸੋਨੀ ਲਲੌਛੀ ਸਮੇਤ ਵੱਡੀ ਗਿਣਤੀ 'ਚ ਪਿੰਡ ਵਾਸੀ ਮੌਜੂਦ ਸਨ।

ਮਹਿਲ ਕਲਾਂ ਵਿਖੇ ਸੰਤ ਮਹੇਸ਼ ਮੁਨੀ ਜੀ ਦੀ ਯਾਦ 'ਚ ਧਾਰਮਿਕ ਸਮਾਗਮ 11 ਤੋਂ



ਮਹਿਲ ਕਲਾਂ 10 ਨਵੰਬਰ (ਰਾਜਵਿੰਦਰ ਸਿੰਘ ਕਲਾਲ ਮਾਜਰਾ ਬਲਜਿੰਦਰ ਸਿੰਘ ਢਿੱਲੋਂ):ਸੰਤ ਮਹੇਸ਼ ਮੁਨੀ ਜੀ ਮਹਾਰਾਜ (ਬੋਰੇ ਵਾਲੇ) ਦੀ ਮਿੱਠੀ ਅਤੇ ਪਵਿੱਤਰ ਯਾਦ ਨੂੰ ਸਮਰਪਿਤ ਸਰਵ ਧਰਮ ਗਊਸ਼ਾਲਾ, ਮਹਿਲ ਕਲਾਂ ਵਿਖੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ ਬੁੱਧਵਾਰ, 11 ਨਵੰਬਰ 2026 ਨੂੰ ਸਵੇਰੇ 10:00 ਵਜੇ ਅਰੰਭ ਕੀਤੇ ਜਾਣਗੇ। ਜਿਨ੍ਹਾਂ ਦੇ ਭੋਗ ਸ਼ੁੱਕਰਵਾਰ, 13 ਨਵੰਬਰ 2026 ਨੂੰ ਸਵੇਰੇ 10:00 ਵਜੇ ਪਾਏ ਜਾਣਗੇ। ਭੋਗ ਉਪਰੰਤ ਸਵੇਰੇ 10:00 ਤੋਂ 11:00 ਵਜੇ ਤੱਕ ਮਨੋਹਰ ਕੀਰਤਨ ਦਾ ਪ੍ਰਵਾਹ ਚੱਲੇਗਾ, ਜਿਸ ਵਿੱਚ ਰਾਗੀ ਜੱਥੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਨਗੇ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।ਸ਼ਿਵ ਮੰਦਿਰ ਕਮੇਟੀ, ਗਊਸ਼ਾਲਾ ਕਮੇਟੀ ਅਤੇ ਸਮੂਹ ਨਗਰ ਪੰਚਾਇਤ ਮਹਿਲ ਕਲਾਂ ਵੱਲੋਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਪਰਿਵਾਰਾਂ ਸਮੇਤ ਵੱਧ-ਚੜ੍ਹ ਕੇ ਸਮਾਗਮ ਵਿੱਚ ਹਾਜ਼ਰੀ ਭਰਨ ਅਤੇ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ।

ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਨਵੀਂ ਬਣੀ ਸਰਾਂ ਦਾ ਉਦਘਾਟਨ ਕਰਕੇ ਕੀਤੀ ਸੰਗਤਾਂ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਨਵੇਂ ਬਣਾਏ ਜੋੜਾ ਘਰ ਦੀ ਕੀਤੀ ਸ਼ੁਰੂਆਤ



ਪਟਿਆਲਾ 10 ਨਵੰਬਰ ()ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੀ ਯੋਗ ਅਗਵਾਈ ਅਤੇ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲਿਆਂ ਦੀ ਅਗਵਾਈ ਵਿਚ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਅਧੀਨ ਵੱਖ ਵੱਖ ਚੱਲ ਰਹੇ ਕਾਰਜਾਂ ਨੂੰ ਮੁਕੰਮਲ ਕਰ ਲਿਆ ਗਿਆ, ਜਿਸ ਤਹਿਤ ਅੱਜ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਨਵੀਂ ਬਣੀ ਸਰਾਂ ਦਾ ਉਦਘਾਟਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਬਾਬਾ ਅਮਰੀਕ ਸਿੰਘ ਕਾਰ ਵਾਲਿਆਂ ਦੇ ਕਰ ਕਮਲਾਂ ਨਾਲ ਉਦਘਾਟਨ ਕਰਕੇ ਇਸ ਕਾਰਜ ਦੀ ਸ਼ੁਰੂਆਤ ਕਰਵਾਈ ਗਈ. ਇਸੇ ਤਰ੍ਹਾਂ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਵੀ ਸੰਗਤਾਂ ਲਈ ਬਣਾਏ ਨਵੇਂ ਜੋੜੇ ਘਰ ਦੀ ਸ਼ੁਰੂਆਤ ਸੰਤ ਮਹਾਂਪੁਰਸ਼ਾਂ ਦੇ ਕਰ ਕਮਲਾਂ ਨਾਲ ਕੀਤੀ ਗਈ.ਇਸ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਸੰਗਤਾਂ ਦੀ ਪੁਰ ਮੰਗ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅੰਤ੍ਰਿੰਗ ਕਮੇਟੀ ਵਿਚ ਰੱਖਿਆ ਗਿਆ, ਜਿਸ ਨੂੰ ਪ੍ਰਵਾਨ ਕੀਤੀ ਗਿਆ ਅਤੇ ਵੱਡਮੁੱਲੇ ਕਾਰਜ ਦੀ ਸੇਵਾ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲਿਆਂ ਨੂੰ ਸੌਂਪੀ ਗਈ. ਉਨ੍ਹਾਂ ਦੱਸਿਆ ਕਿ ਇਹ ਕਾਰਜ ਲੰਮੇ ਸਮੇਂ ਚੱਲ ਰਹੇ ਸਨ, ਜੋ ਮੁਕੰਮਲ ਹੋਣ ਉਪਰੰਤ ਸੰਗਤਾਂ ਨੂੰ ਸਮਰਪਿਤ ਕਰ ਦਿੱਤੇ ਗਏ ਹਨ. ਜਥੇਦਾਰ ਗੜ੍ਹੀ ਨੇ ਕਿਹਾ ਕਿ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ 40 ਦੇ ਕਰੀਬ ਕਮਰਿਆਂ ਵਾਲੀ ਨਵੀਂ ਸਰਾਂ ਬਣਾਈ ਗਈ ਅਤੇ ਬੇਸਮੈਂਟ ਦਾ ਨਿਰਮਾਣ ਵੀ ਕੀਤਾ ਗਿਆ.ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਨਵਾਂ ਜੋੜਾ ਘਰ ਸੰਗਤਾਂ ਲਈ ਖੋਲ੍ਹ ਦਿੱਤਾ ਗਿਆ. ਜਥੇਦਾਰ ਗੜ੍ਹੀ ਨੇ ਕਿਹਾ ਕਿ ਦੋਵੇਂ ਵੱਡਮੁੱਲੇ ਕਾਰਜਾਂ ਕਰੋੜਾਂ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤੇ ਗਏ ਹਨ. ਉਨ੍ਹਾਂ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲਿਆਂ ਸਮੇਤ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ.ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਭਾਈ ਭੁਪਿੰਦਰਪਾਲ ਸਿੰਘ, ਮੈਨੇਜਰ ਭਾਗ ਸਿੰਘ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਮੀਤ ਮੈਨੇਜਰ ਜਸਵਿੰਦਰ ਸਿੰਘ, ਨਵਜਿੰਦਰ ਸਿੰਘ, ਸਾਬਕਾ ਚੇਅਰਮੈਨ ਇੰਦਰ ਮੋਹਨ ਸਿੰਘ ਬਜਾਜ, ਪ੍ਰਧਾਨ ਪ੍ਰੇਮ ਸਿੰਘ, ਤਰਲੋਕ ਸਿੰਘ ਤੋਰਾ, ਮੈਨੇਜਰ ਸੁਰਜੀਤ ਸਿੰਘ ਕਰਹਾਲੀ ਸਾਹਿਬ, ਮੈਨੇਜਰ ਮਨਜੀਤ ਸਿੰਘ ਬਹਾਦਰਗੜ੍ਹ ਤੋਂ ਇਲਾਵਾ, ਸੁਖਦੇਵ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ, ਰਿਕਾਰਡ ਕੀਪਰ ਹਰਵਿੰਦਰ ਸਿੰਘ ਕਾਹਲਵਾਂ, ਬਾਬਾ ਕੁਲਦੀਪ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਅਧਿਕਾਰੀ ਤੇ ਸਮੂਹ ਸਟਾਫ ਮੈਂਬਰ ਆਦਿ ਸ਼ਾਮਲ ਸਨ.

ਵਿਸ਼ਵਕਰਮਾ ਡੇ ਬੜੀ ਧੂਮ ਧਾਮ ਨਾਲ ਮਨਾਇਆ



ਧੂਰੀ ਸੁਰਿੰਦਰ ਸਿੰਘ ਵਿਸ਼ਵਕਰਮਾ ਮੰਦਿਰ ਵਿਖੇ ਹਰ ਸਾਲ ਦੀ ਤਰ੍ਹਾਂ ਵਿਸ਼ਕਰਮਾ ਡੇ ਰਾਮਗੜ੍ਹੀਆ ਭਾਈਚਾਰੇ ਵੱਲੋਂ ਬੜੀ ਧੂਮ ਧਾਮ ਨਾਲ ਮਨਾਇਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਸਾਧ ਸੰਗਤ ਨੇ ਬਾਬਾ ਜੀ ਦੇ ਨਮਸਤਕ ਹੋ ਕੇ ਆਪਣੀ ਹਾਜ਼ਰੀ ਲਗਾਈ ਕਵੀਸਰੀ ਜਥਿਆਂ ਨੇ ਬਾਬਾ ਜੀ ਦੇ ਜੀਵਨ ਬਾਰੇ ਸਾਰੀ ਸਾਧ ਸੰਗਤ ਨੂੰ ਚਾਨਣਾ ਪਾਇਆ ਪਾਇਆ ਇਸ ਮੌਕੇਸ ਓਂਕਾਰ ਸਿੰਘ ਬੀਜੇਪੀ ਪਾਰਟੀ ਦੇ ਆਗੂ, ਸਰਦਾਰ ਰਣਜੀਤ ਸਿੰਘ ਕਾਤਰੋਂ ਸ਼੍ਰੋਮਣੀ ਅਕਾਲੀ ਦਲ ਬਾਦਲ, ਸ੍ਰੀ ਸ਼ੁਭਮ ਸੂਬੀ ਪੰਜਾਬ ਯੂਥ ਕਾਂਗਰਸ ਪ੍ਰਧਾਨ, ਆਮ ਆਦਮੀ ਪਾਰਟੀ ਦੇ ਆਗੂ ਜਸਬੀਰ ਸਿੰਘ ਜੱਸੀ ਸੇਖੋਂ, ਹੋਰ ਧਾਰਮਿਕ ਵੱਖ-ਵੱਖ ਸੰਸਥਾਵਾਂ ਦੇ ਆਗੂ ਸਾਹਿਬਾਨ ਨੇ ਪਹੁੰਚ ਕੇ ਆਪਣੀ ਹਾਜ਼ਰੀ ਲਗਾਈ ਅਤੇ ਵੱਡੀ ਗਿਣਤੀ ਵਿੱਚ ਸਾਧ ਸੰਗਤ ਨੇ ਹਾਜ਼ਰੀ ਲਗਾਈ ਅਤੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਸਾਹਿਬਾਨਾਂ ਦਾ ਅਤੇ ਸੇਵਾਦਾਰਾਂ ਦਾ ਸਰੋਪਾਓ ਆ ਕੇ ਸਨਮਾਨ ਕੀਤਾ ਗਿਆ।

ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਬਤਾਇਆ ਗਿਆ ਇਸ ਬਾਬਾ ਵਿਸ਼ਵਕਰਮਾ ਮੰਦਿਰ ਦੇ ਪ੍ਰਧਾਨ ਸਰਦਾਰ ਕੁਲਵੀਰ ਸਿੰਘ ਬਿੱਟੂ ਨੇ ਆਈਆਂ ਸਾਰੀਆਂ ਸੰਗਤਾਂ ਨੂੰ ਵਧਾਈ ਅਤੇ ਧੰਨਵਾਦ ਕੀਤਾ

ਮੁਢਲੀ ਸਟੇਜ ਤੇ ਪਤਾ ਲੱਗਣ ਤੇ ਕੈਂਸਰ ਦਾ ਇਲਾਜ ਸੰਭਵ - ਸਿਵਲ ਸਰਜਨ ਸਿਹਤ ਵਿਭਾਗ ਨੇ "ਰਾਸ਼ਟਰੀ ਕੈਂਸਰ ਜਾਗਰੂਕਤਾ ਦਿਵਸ" ਮੌਕੇ ਜਾਗਰੂਕਤਾ ਪੋਸਟਰ ਕੀਤਾ ਜਾਰੀ



ਫਤਿਹਗੜ੍ਹ ਸਾਹਿਬ 10 ਨਵੰਬਰ (ਜੇ ਐੱਸ ਖੰਨਾ) "ਹੁਣ ਕੈਂਸਰ ਨਾ ਮੁਰਾਦ ਜਾਂ ਲਾ-ਇਲਾਜ ਬਿਮਾਰੀ ਨਹੀਂ ਹੈ ਇਸ ਦਾ ਇਲਾਜ ਸੰਭਵ ਹੈ ਪਰ ਜੇਕਰ ਮਰੀਜ਼ ਨੂੰ ਸਹੀ ਸਮੇਂ ਤੇ ਇਸਦਾ ਸਹੀ ਇਲਾਜ ਮਿਲ ਜਾਵੇ " ਇਹਨਾ ਵਿਚਾਰਾਂ ਦਾ ਪ੍ਰਗਟਾਵਾ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਅਰਵਿੰਦ ਪਾਲ ਸਿੰਘ ਨੇ "ਰਾਸ਼ਟਰੀ ਕੈਂਸਰ ਜਾਗਰੂਕਤਾ ਦਿਵਸ" ਨੂੰ ਸਮਰਪਿਤ ਜਾਗਰੂਕਤਾ ਪੋਸਟਰ ਜਾਰੀ ਕਰਦਿਆਂ ਕੀਤਾ ।ਉਹਨਾਂ ਕਿਹਾ ਕਿ ਲੋਕਾਂ ਨੂੰ ਕੈਂਸਰ ਸਬੰਧੀ ਜਾਗਰੂਕ ਕਰਨ ਲਈ 2014 ਤੋਂ ਹਰ ਸਾਲ 07 ਨਵੰਬਰ ਨੂੰ ਇਹ ਦਿਵਸ ਮਨਾਇਆ ਜਾਂਦਾ ਹੈ ,ਇਸ ਦਿਨ ਨੂੰ ਮਨਾਉਣ ਦਾ ਮੁੱਖ ਮੰਤਵ ਕੈਂਸਰ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨਾ ਹੈ। ਉਹਨਾਂ ਦੱਸਿਆ ਕਿ ਛਾਤੀ ਵਿੱਚ ਗਿਲਟੀ, ਲਗਾਤਾਰ ਖੰਘ, ਆਵਾਜ਼ ਵਿੱਚ ਭਾਰੀਪਣ, ਮਹਾਵਾਰੀ ਦੌਰਾਨ ਖੂਨ ਦਾ ਜਿਆਦਾ ਪੈਣਾ ਜਾਂ ਮਹਾਂਵਾਰੀ ਤੋਂ ਬਿਨਾਂ ਖੂਨ ਦਾ ਪੈਣਾ, ਨਾ ਠੀਕ ਹੋਣ ਵਾਲਾ ਮੂੰਹ ਦਾ ਅਲਸਰ ਆਦਿ ਕੈਂਸਰ ਦੇ ਮੁੱਖ ਲੱਛਣ ਹਨ, ਅਜਿਹੇ ਲੱਛਣ ਹੋਣ ਤੇ ਸਾਨੂੰ ਤੁਰੰਤ ਡਾਕਟਰ ਨੂੰ ਦਿਖਾਉਣਾ ਚਾਹੀਦਾ ਹੈ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੈਂਸਰ ਦੇ ਮਰੀਜ਼ਾਂ ਦੇ ਇਲਾਜ ਲਈ "ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਫੰਡ" ਤਹਿਤ 01 ਲੱਖ 50 ਹਜਾਰ ਰੁਪਏ ਤੱਕ ਦਾ ਨਕਦੀ ਰਹਿਤ ਮੁਫਤ ਮੁਫਤ ਇਲਾਜ ਕੀਤਾ /ਕਰਵਾਇਆ ਜਾਂਦਾ ਹੈ। ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਰਾਜੇਸ਼ ਕੁਮਾਰ ਨੇ ਦੱਸਿਆ ਕਿ ਛਾਤੀ, ਕੋਲਨ, ਪਰੋਸਟੇਟ ,ਪੇਟ ,ਜਿਗਰ, ਚਮੜੀ, ਮੂੰਹ ,ਗਰਦਨ, ਗਲੇ, ਬੱਚੇਦਾਨੀ,ਸਰਵਾਈਕਲ ,ਗੁਰਦੇ, ਯੋਨੀ, ਦਿਮਾਗ, ਥਾਈਰਾਈਡ ,ਬਲੱਡ, ਅੱਖਾਂ ਅਤੇ ਰੀੜ੍ਹ ਦੀ ਹੱਡੀ ਤੋਂ ਇਲਾਵਾ ਹੋਰ ਵੀ ਕਈ ਤਰ੍ਹਾਂ ਦਾ ਕੈਂਸਰ ਹੋ ਸਕਦਾ ਹੈ। ਉਹਨਾਂ ਦੱਸਿਆ ਕਿ ਕੈਂਸਰ ਸਿਗਰਟ, ਪਾਨ, ਤੰਬਾਕੂ, ਖੈਨੀ, ਗੁਟਕਾ, ਸ਼ਰਾਬ ਆਦਿ ਦੀ ਵਰਤੋਂ ਕਰਕੇ, ਜਿਆਦਾ ਕੀਟ ਨਾਸ਼ਕ ਸਪਰੇਅ ਕਰਨ ਨਾਲ, ਮਿਲਾਵਟ ਵਾਲੀਆਂ ਚੀਜ਼ਾਂ ਦੇ ਖਾਣ ਪੀਣ ਨਾਲ ਹੋ ਸਕਦਾ ਹੈ।

ਇਸ ਲਈ ਜਾਗਰੂਕ ਹੋ ਕੇ, ਜੀਵਨ ਸ਼ੈਲੀ ਵਿੱਚ ਤਬਦੀਲੀ ਲਿਆ ਕੇ ਅਤੇ ਸਮੇਂ ਸਮੇਂ ਤੇ ਆਪਣੀ ਡਾਕਟਰੀ ਜਾਂਚ ਕਰਵਾ ਕੇ ਇਸ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਤੇ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ , ਗੁਰਦੀਪ ਸਿੰਘ , ਅਮਨਪ੍ਰੀਤ ਸਿੰਘ , ਸਟੈਨੋ ਬਲਜੀਤ ਕੌਰ ਆਦਿ ਹਾਜਰ ਸਨ।

ਖਾਲੜਾ ਵਿਖੇ ਮਿਸਤਰੀ ਅਤੇ ਮਜ਼ਦੂਰ ਭਾਈਚਾਰੇ ਵੱਲੋਂ ਬਾਬਾ ਵਿਸ਼ਵਕਰਮਾ ਜੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



ਤਿੱਖੀਵਿੰਡ ,(ਜਗਤਾਰ ਸਿੰਘ ਖਾਲੜਾ)ਸਥਾਨਿਕ ਕਸਬਾ ਖਾਲੜਾ ਦੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਸਮੂਹ ਮਿਸਤਰੀ ਅਤੇ ਮਜ਼ਦੂਰ ਭਾਈਚਾਰੇ ਵੱਲੋਂ ਪਹਿਲਾ ਬਾਬਾ ਵਿਸ਼ਵਕਰਮਾ ਜੀ ਦਾ ਦਿਹਾੜਾ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦੌਰਾਨ ਹੈਡ ਗ੍ਰੰਥੀ ਭਾਈ ਗੁਰਸਾਹਿਬ ਸਿੰਘ ਵਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਜਿਸ ਉਪਰੰਤ ਸੁਖਮਨੀ ਸੇਵਾ ਸੁਸਾਇਟੀ ਖਾਲੜਾ ਦੀਆਂ ਬੀਬੀਆਂ ਵੱਲੋਂ ਰਸਭਿੰਨਾ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਸਮੂਹ ਮਿਸਤਰੀ ਸਭਾ ਵੱਲੋਂ ਸੰਗਤਾਂ ਲਈ ਚਾਹ ਅਤੇ ਪਕੌੜਿਆਂ ਦਾ ਅਤੁੱਟ ਲੰਗਰ ਲਗਾਇਆ ਗਿਆ, ਜਿਸ ਦਾ ਵੱਡੀ ਗਿਣਤੀ 'ਚ ਸੰਗਤਾਂ ਨੇ ਲੰਗਰ ਛਕਿਆ। ਇਸ ਮੌਕੇ ਗੱਲਬਾਤ ਕਰਦਿਆਂ ਜਸਵੰਤ ਸਿੰਘ ਨੇ ਦੱਸਿਆ ਕਿ ਬਾਬਾ ਵਿਸ਼ਵਕਰਮਾ ਜੀ ਦੇ ਇਸ ਪਹਿਲੇ ਸਮਾਗਮ ਨੂੰ ਸੰਗਤਾਂ ਵੱਲੋਂ ਬਹੁਤ ਵੱਡਾ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਇਹ ਦਿਹਾੜਾ ਹੋਰ ਵੀ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ। ਉਨ੍ਹਾਂ ਸਮਾਗਮ ਵਿੱਚ ਪਹੁੰਚੀਆਂ ਸਮੂਹ ਸੰਗਤਾਂ ਅਤੇ ਮਿਸਤਰੀ ਭਾਈਚਾਰੇ ਦਾ ਧੰਨਵਾਦ ਕੀਤਾ। ਇਸ ਸਮਾਗਮ ਦੌਰਾਨ ਮਿਸਤਰੀ ਲਖਬੀਰ ਸਿੰਘ, ਬਲਜੀਤ ਸਿੰਘ, ਮਿਸਤਰੀ ਅਵਤਾਰ ਸਿੰਘ, ਪ੍ਰਧਾਨ ਬਲਦੇਵ ਸਿੰਘ, ਕਸ਼ਮੀਰ ਸਿੰਘ, ਫੌਜੀ ਗੁਰਸਾਹਿਬ ਸਿੰਘ, ਬਾਬਾ ਬਲਕਾਰ ਸਿੰਘ, ਬਾਬਾ ਲਾਡੀ, ਕੁਲਦੀਪ ਸਿੰਘ ਮਿਸਤਰੀ, ਬਲਵਿੰਦਰ ਸਿੰਘ, ਗੋਰਾ ਖਾਲੜਾ, ਹਰਪਾਲ ਸਿੰਘ, ਨਿਰਵੈਲ ਸਿੰਘ, ਹਰਚੰਦ ਸਿੰਘ, ਕੁਲਦੀਪ ਸਿੰਘ, ਜਸਵੰਤ ਸਿੰਘ ਜੋਧਪੁਰੀ,ਬਾਵਾ ਸਿੰਘ , ਅਤੇ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

ਕਾਨਪੁਰ ਵਿੱਚ, ਉਸਦੀ ਮਾਂ ਨੇ ਉਸਨੂੰ ਜੂਆ ਨਾ ਖੇਡਣ ਲਈ ਕਿਹਾ ਸੀ, ਪਰ ਉਹ ਫਿਰ ਵੀ ਖੇਡਦਾ ਰਿਹਾ, ਹਾਰ ਗਿਆ ਅਤੇ ਫਿਰ ਖੁਦਕੁਸ਼ੀ ਕਰ ਲਈ।

ਸੁਨੀਲ ਬਾਜਪਾਈ ਕਾਨਪੁਰ। ਉਸਦੀ ਮਾਂ ਨੇ ਉਸਨੂੰ ਵਾਰ-ਵਾਰ ਦੀਵਾਲੀ 'ਤੇ ਜੂਆ ਨਾ ਖੇਡਣ ਦੀ ਸਲਾਹ ਦਿੱਤੀ ਸੀ, ਪਰ ਉਸਨੇ ਸੁਣਨ ਤੋਂ ਇਨਕਾਰ ਕਰ ਦਿੱਤਾ ਅਤੇ ਬਹੁਤ ਸਾਰੇ ਪੈਸੇ ਗੁਆ ਦਿੱਤੇ, ਅਤੇ ਫਿਰ, ਦੁੱਖ ਤੋਂ ਪਰੇਸ਼ਾਨ ਹੋ ਕੇ, ਉਸਨੇ ਖੁਦਕੁਸ਼ੀ ਕਰ ਲਈ। ਇਹ ਘਟਨਾ ਗੁਜੈਨੀ ਪੁਲਿਸ ਸਟੇਸ਼ਨ ਖੇਤਰ ਦੇ ਅਧੀਨ ਬਾਰਾ-8 ਵਿੱਚ ਵਾਪਰੀ। ਦੱਸਿਆ ਜਾ ਰਿਹਾ ਹੈ ਕਿ ਉਸਦੀ ਮਾਂ ਵੱਲੋਂ ਉਸਨੂੰ ਰੋਕਣ ਦੀਆਂ ਵਾਰ-ਵਾਰ ਕੋਸ਼ਿਸ਼ਾਂ ਦੇ ਬਾਵਜੂਦ, ਉਹ ਦੀਵਾਲੀ ਕਾਰਨ ਪਿਛਲੇ ਦੋ ਦਿਨਾਂ ਤੋਂ ਜੂਆ ਖੇਡ ਰਿਹਾ ਸੀ। ਇਸ ਦੌਰਾਨ ਉਹ ਕਾਫ਼ੀ ਪੈਸੇ ਹਾਰ ਗਿਆ। ਪਿਤਾ ਦੇ ਅਨੁਸਾਰ, ਪੁੱਤਰ ਜੂਏ ਵਿੱਚ ਪੈਸੇ ਹਾਰਨ ਤੋਂ ਬਾਅਦ ਤੋਂ ਹੀ ਤਣਾਅ ਵਿੱਚ ਸੀ। ਉਹ ਕੱਲ੍ਹ ਦੇਰ ਰਾਤ ਘਰ ਵਾਪਸ ਆਇਆ ਅਤੇ ਕਿਸੇ ਨਾਲ ਗੱਲ ਕੀਤੇ ਬਿਨਾਂ ਸਿੱਧਾ ਉੱਪਰਲੇ ਆਪਣੇ ਕਮਰੇ ਵਿੱਚ ਚਲਾ ਗਿਆ। ਅਤੇ ਅੱਜ, ਮੰਗਲਵਾਰ ਸਵੇਰੇ, ਜਦੋਂ ਕਮਰੇ ਵਿੱਚੋਂ ਇੱਕ ਸਰਸਰਾਹਟ ਦੀ ਆਵਾਜ਼ ਆਈ, ਤਾਂ ਪਰਿਵਾਰ ਉੱਪਰ



ਵੱਲ ਭੱਜਿਆ ਅਤੇ ਖਿੜਕੀ ਵਿੱਚੋਂ ਝਾਤੀ ਮਾਰੀ ਤਾਂ ਨੌਜਵਾਨ ਦੀ ਲਾਸ਼ ਪੱਖੇ ਨਾਲ ਲਟਕਦੀ ਹੋਈ ਮਿਲੀ। ਘਟਨਾ ਬਾਰੇ ਪ੍ਰਾਪਤ ਵੇਰਵਿਆਂ ਅਨੁਸਾਰ, ਗੁਜੈਨੀ ਥਾਣਾ ਖੇਤਰ ਦੇ ਬੜ੍ਹਾ-8 ਦਾ ਰਹਿਣ ਵਾਲਾ ਉਦੈਨਾਰਾਇਣ ਸ਼ਰਮਾ ਇੱਕ ਹੋਮ ਗਾਰਡ ਹੈ। ਉਹ ਇਸ ਸਮੇਂ ਜ਼ਿਲ੍ਹਾ ਮੈਜਿਸਟ੍ਰੇਟ ਦਫ਼ਤਰ ਵਿੱਚ ਤਾਇਨਾਤ ਹੈ। ਪਰਿਵਾਰ ਵਿੱਚ ਉਸਦੀ ਪਤਨੀ ਚੁੰਨੀ ਦੇਵੀ, ਉਸਦਾ ਵੱਡਾ ਪੁੱਤਰ ਮਨੋਜ ਸ਼ਰਮਾ (33), ਉਸਦਾ ਛੋਟਾ ਪੁੱਤਰ ਅਨੁਜ ਅਤੇ ਇੱਕ ਧੀ ਹੈ। ਧੀ ਬੈਂਕ ਪ੍ਰੀਖਿਆ ਦੀ ਤਿਆਰੀ ਕਰ ਰਹੀ ਹੈ। ਮਨੋਜ ਪੇਸ਼ੇ ਤੋਂ ਡਰਾਈਵਰ ਸੀ ਅਤੇ ਕਿਰਾਏ ਦੀਆਂ ਕਾਰਾਂ ਚਲਾਉਂਦਾ ਸੀ। ਉਸਦਾ ਵਿਆਹ ਵਿਨੀਤਾ ਨਾਲ ਹੋਇਆ ਸੀ। ਪਿਤਾ ਉਦੈ ਨਾਰਾਇਣ ਸ਼ਰਮਾ ਨੇ ਦੱਸਿਆ ਕਿ ਮਨੋਜ ਸ਼ਰਾਬ ਦਾ ਆਦੀ ਸੀ। ਦੀਵਾਲੀ ਕਾਰਨ ਉਹ ਪਿਛਲੇ ਦੋ ਦਿਨਾਂ ਤੋਂ ਜੂਆ ਖੇਡ ਰਿਹਾ ਸੀ। ਇਸ ਦੌਰਾਨ ਉਸ ਨੇ ਬਹੁਤ ਸਾਰੇ ਪੈਸੇ ਗੁਆ ਦਿੱਤੇ ਸਨ। ਜੂਏ ਦੀ ਹਾਰ ਤੋਂ ਬਾਅਦ ਤੋਂ ਹੀ ਉਹ ਦੁਖੀ ਅਤੇ ਤਣਾਅ ਵਿੱਚ ਸੀ। ਪੁਲਿਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪਰਿਵਾਰ ਹਫੜਾ-ਦਫੜੀ ਵਿੱਚ ਹੈ।

ਪੰਜਾਬ ਕਾਂਗਰਸ ਭਲਕੇ ਤੋਂ ਸ਼ੁਰੂ ਕਰੇਗੀ 'ਪੰਜਾਬ ਮੰਗਦਾ ਇਨਸਾਫ਼' ਮੁਹਿੰਮ, ਪੰਜਾਬੀਆਂ ਨਾਲ ਹੋਵੇਗਾ ਸਿੱਧਾ ਸੰਵਾਦ: ਸਰਦਾਰ ਪਰਗਟ ਸਿੰਘਆਈ.ਟੀ. ਸੈਕਟਰ, ਖੇਤੀਬਾੜੀ ਅਤੇ ਉਦਯੋਗ ਜਗਤ ਸਮੇਤ ਸਮਾਜ ਦੇ ਹਰ ਵਰਗ ਤੱਕ ਪਹੁੰਚੇਗੀ ਕਾਂਗਰਸ; ਮਾਲਵਾ, ਮਾਝਾ ਅਤੇ ਦੁਆਬਾ ਵਿੱਚ ਹੋਣਗੇ ਜਨ ਸੰਪਰਕ ਪ੍ਰੋਗਰਾਮਨਸ਼ਾ, ਗੈਂਗਸਟਰਵਾਦ, ਵਿਗੜਦੀ ਕਾਨੂੰਨ ਵਿਵਸਥਾ, ਪੁਲਿਸ ਸਟੇਟ ਅਤੇ ਅਫ਼ਸਰਸ਼ਾਹੀ ਦੀ ਮਿਸਮੈਨੇਜਮੈਂਟ ਵਿਰੁੱਧ ਜਨਤਾ ਦੀ ਆਵਾਜ਼ ਬਣੇਗੀ ਕਾਂਗਰਸ

ਦੇਸੀ ਪੰਜਾਬ

ਚੰਡੀਗੜ੍ਹ, 10 ਨਵੰਬਰ, 2026:ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸਰਦਾਰ ਪਰਗਟ ਸਿੰਘ ਨੇ ਕਿਹਾ ਕਿ ਕਾਂਗਰਸ ਦੀ 'ਪੰਜਾਬ ਮੰਗਦਾ ਇਨਸਾਫ਼' ਮੁਹਿੰਮ ਦੀ ਰਸਮੀ ਸ਼ੁਰੂਆਤ 11 ਨਵੰਬਰ ਤੋਂ ਕੀਤੀ ਜਾ ਰਹੀ ਹੈ। ਇਸ ਮੁਹਿੰਮ ਰਾਹੀਂ ਕਾਂਗਰਸ ਪੰਜਾਬੀਆਂ ਨਾਲ ਸਿੱਧਾ ਸੰਵਾਦ ਸਥਾਪਤ ਕਰੇਗੀ ਅਤੇ ਸੂਬੇ ਦੇ ਵੱਖ-ਵੱਖ ਵਰਗਾਂ ਦੀਆਂ ਸਮੱਸਿਆਵਾਂ, ਲੋੜਾਂ ਅਤੇ ਉਮੀਦਾਂ ਨੂੰ ਸਮਝ ਕੇ ਉਨ੍ਹਾਂ ਦੀ ਆਵਾਜ਼ ਬੁਲੰਦ ਕਰੇਗੀ।ਅੱਜ ਕਾਂਗਰਸ ਭਵਨ, ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਪਰਗਟ ਸਿੰਘ ਨੇ ਕਿਹਾ ਕਿ 4 ਨਵੰਬਰ ਨੂੰ ਸੰਗਰੂਰ ਵਿਖੇ ਕਰਵਾਈ ਗਈ ਇਨਸਾਫ਼ ਰੈਲੀ ਨਾਲ ਇਸ ਮੁਹਿੰਮ ਦੀ ਸ਼ੁਰੂਆਤ ਹੋ ਚੁੱਕੀ ਹੈ। ਹੁਣ ਇਸ ਨੂੰ ਪੂਰੇ ਪੰਜਾਬ ਵਿੱਚ ਵੱਡੇ ਪੱਧਰ 'ਤੇ ਅੱਗੇ ਵਧਾਇਆ ਜਾਵੇਗਾ। ਆਈ.ਟੀ. ਸੈਕਟਰ, ਖੇਤੀਬਾੜੀ, ਵੱਖ-ਵੱਖ ਉਦਯੋਗਾਂ ਅਤੇ ਸਮਾਜ ਦੇ ਹੋਰ ਵਰਗਾਂ ਨਾਲ ਸਿੱਧਾ ਸੰਵਾਦ ਕੀਤਾ ਜਾਵੇਗਾ। ਪਾਰਟੀ ਦੇ ਸੀਨੀਅਰ ਆਗੂ ਵੱਖ-ਵੱਖ ਪ੍ਰੋਗਰਾਮਾਂ ਵਿੱਚ ਸ਼ਾਮਲ ਹੋ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣਗੇ। ਮਾਲਵਾ, ਮਾਝਾ ਅਤੇ ਦੁਆਬਾ ਖੇਤਰਾਂ ਵਿੱਚ ਵਿਸ਼ੇਸ਼ ਜਨ ਸੰਪਰਕ ਪ੍ਰੋਗਰਾਮ ਕਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ ਕੈਂਪੇਨ ਕਮੇਟੀ ਦੇ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ ਵੀ 'ਜਵਾਨੀ ਸੰਭਾਲ, ਜੱਟਾ' ਸਾਈਕਲ ਰੈਲੀ ਰਾਹੀਂ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਜਾ ਕੇ ਲੋਕਾਂ ਨਾਲ ਸੰਵਾਦ ਕਰਨਗੇ। ਕਾਂਗਰਸ ਦੇ 5-6 ਸੀਨੀਅਰ ਆਗੂ ਵੱਖ-ਵੱਖ ਖੇਤਰਾਂ ਵਿੱਚ ਇਸ ਮੁਹਿੰਮ ਦੀ ਅਗਵਾਈ ਕਰਨਗੇ ਅਤੇ ਪਾਰਟੀ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਉਣਗੇ।ਸਰਦਾਰ ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਅੱਜ ਨਸ਼ਿਆਂ, ਗੈਂਗਸਟਰਵਾਦ, ਵਿਗੜਦੀ ਕਾਨੂੰਨ ਵਿਵਸਥਾ ਅਤੇ ਪੁਲਿਸ ਸਟੇਟ ਵਰਗੇ ਹਾਲਾਤਾਂ ਨਾਲ ਜੂਝ ਰਿਹਾ ਹੈ। ਅਫ਼ਸਰਸ਼ਾਹੀ ਦੀ



ਮਿਸਮੈਨੇਜਮੈਂਟ ਕਾਰਨ ਵੀ ਆਮ ਲੋਕਾਂ ਅਤੇ ਨੌਜਵਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੀ.ਸੀ.ਐੱਸ. ਦੀ ਪ੍ਰੀਖਿਆ ਦੇਣ ਵਾਲੇ ਵਿਦਿਆਰਥੀਆਂ ਨੇ ਵੀ ਉਨ੍ਹਾਂ ਨਾਲ ਮੁਲਾਕਾਤ ਕਰਕੇ ਪ੍ਰੀਖਿਆ ਪ੍ਰਕਿਰਿਆ ਵਿੱਚ ਹੋਈਆਂ ਬੇਨਿਯਮੀਆਂ ਅਤੇ ਪ੍ਰਬੰਧਕੀ ਕਮੀਆਂ ਸਬੰਧੀ ਆਪਣੀਆਂ ਸਮੱਸਿਆਵਾਂ ਰੱਖੀਆਂ ਹਨ। ਕਾਂਗਰਸ ਇਨ੍ਹਾਂ ਸਾਰੇ ਮੁੱਦਿਆਂ ਨੂੰ ਇੱਕ ਵਿਆਪਕ ਮੁਹਿੰਮ ਤਹਿਤ ਉਠਾਏਗੀ ਅਤੇ ਸਰਕਾਰ ਨੂੰ ਜਵਾਬਦੇਹ ਬਣਾਏਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਹਾਲਾਤ ਵਿਗਾੜ ਦਿੱਤੇ ਹਨ। ਭਾਜਪਾ ਦੀ ਬੀ-ਟੀਮ ਵਜੋਂ ਆਮ ਆਦਮੀ ਪਾਰਟੀ ਨੇ ਨਸ਼ਾ ਖ਼ਤਮ ਕਰਨ ਲਈ ਦੋ ਸਾਲ ਦਾ ਸਮਾਂ ਮੰਗਿਆ ਸੀ, ਪਰ ਅੱਜ ਵੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ। ਮੁੱਖ ਮੰਤਰੀ ਭਗਵੰਤ ਮਾਨ ਦੇ ਹੱਥਾਂ ਵਿੱਚ ਸੱਤਾ ਦਾ ਅਸਲ ਕੰਟਰੋਲ ਨਹੀਂ ਹੈ ਅਤੇ ਪੰਜਾਬ ਨੂੰ ਅਰਵਿੰਦ ਕੇਜਰੀਵਾਲ ਤੇ ਮਨੀਸ਼ ਸਿਸੋਦੀਆ ਚਲਾ ਰਹੇ ਹਨ। ਇਸ ਸਰਕਾਰ ਨੇ ਪੰਜਾਬ ਦੇ ਅਕਸ ਅਤੇ ਸਾਖ ਨੂੰ ਨੁਕਸਾਨ ਪਹੁੰਚਾਇਆ ਹੈ। ਕਾਂਗਰਸ ਗਰੀਬਾਂ, ਨੌਜਵਾਨਾਂ ਅਤੇ ਆਮ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸਮਝੇਗੀ ਅਤੇ ਉਨ੍ਹਾਂ ਨੂੰ ਸਿਆਸੀ ਵਿਚਾਰ-ਵਟਾਂਦਰੇ ਦਾ ਹਿੱਸਾ ਬਣਾਏਗੀ।ਕਾਂਗਰਸ ਦੇ ਚੋਣ ਮਨੋਰਥ ਪੱਤਰ ਬਾਰੇ ਉਨ੍ਹਾਂ ਕਿਹਾ ਕਿ ਉਹ ਸੰਸਦ ਮੈਂਬਰ ਅਤੇ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਡਾ. ਅਮਰ ਸਿੰਘ ਨਾਲ ਮਿਲ ਕੇ ਵੱਖ-ਵੱਖ ਵਰਗਾਂ ਤੋਂ ਸੁਝਾਅ ਅਤੇ ਫੀਡਬੈਕ ਲੈ ਰਹੇ ਹਨ। ਇਸ ਵਿੱਚ ਵੱਖ-ਵੱਖ ਖੇਤਰਾਂ ਦੇ ਮਾਹਿਰਾਂ ਦੀ ਰਾਇ ਵੀ ਸ਼ਾਮਲ ਕੀਤੀ ਜਾਵੇਗੀ। ਲੋਕਾਂ ਅਤੇ ਮਾਹਿਰਾਂ ਤੋਂ ਮਿਲਣ ਵਾਲੇ ਸੁਝਾਵਾਂ ਵਿੱਚੋਂ ਜਨਹਿੱਤ ਨਾਲ ਜੁੜੇ ਬਿਹਤਰ ਸੁਝਾਵਾਂ ਨੂੰ ਚੋਣ ਮਨੋਰਥ ਪੱਤਰ ਦਾ ਹਿੱਸਾ ਬਣਾਇਆ ਜਾਵੇਗਾ, ਤਾਂ ਜੋ ਪੰਜਾਬ ਦੇ ਭਵਿੱਖ ਅਤੇ ਖੁਸ਼ਹਾਲੀ ਲਈ ਇੱਕ ਵਿਹਾਰਕ ਅਤੇ ਲੋਕ-ਪੱਖੀ ਰੋਡਮੈਪ ਤਿਆਰ ਕੀਤਾ ਜਾ ਸਕੇ।ਝੋਨੇ ਦੀ ਖਰੀਦ ਦੇ ਮੁੱਦੇ 'ਤੇ ਸਰਕਾਰ ਨੂੰ ਘੇਰਦਿਆਂ ਸਰਦਾਰ ਪਰਗਟ ਸਿੰਘ ਨੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਹਾਲਤ ਬੇਹੱਦ ਮਾੜੀ ਹੈ। ਉਨ੍ਹਾਂ ਅਨੁਸਾਰ, ਲਗਭਗ 20 ਤੋਂ 25 ਫ਼ੀਸਦੀ ਝੋਨਾ ਅਜੇ ਵੀ ਮੰਡੀਆਂ ਵਿੱਚ ਪਿਆ ਹੈ ਅਤੇ ਉਸ ਦੀ ਖਰੀਦ ਨਹੀਂ ਹੋਈ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੀ ਕਿ ਮੰਡੀ ਵਿੱਚ ਆਉਣ ਵਾਲਾ ਹਰ ਦਾਣਾ ਸਰਕਾਰ ਖਰੀਦੇਗੀ, ਪਰ ਅੱਜ ਉਨ੍ਹਾਂ ਦੇ ਵਾਅਦੇ ਸਿਰਫ਼ ਚੁਟਕਲੇ ਬਣ ਕੇ ਰਹਿ ਗਏ ਹਨ। ਕਿਸਾਨ ਆਪਣੀ ਫ਼ਸਲ ਦੀ ਖਰੀਦ ਅਤੇ ਅਦਾਇਗੀ ਨੂੰ ਲੈ ਕੇ ਪ੍ਰੇਸ਼ਾਨ ਹਨ।ਮੀਡੀਆ ਤੋਂ ਸਹਿਯੋਗ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਹੀ ਦਿਸ਼ਾ ਵਿੱਚ ਲਿਜਾਣ ਲਈ ਮੀਡੀਆ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਪੱਤਰਕਾਰਾਂ ਦਾ ਸਹਿਯੋਗ ਇਸ ਮੁਹਿੰਮ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਰਹੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੱਤਰਕਾਰਾਂ ਦੀ ਸਾਖ ਨੂੰ ਵੀ ਨੁਕਸਾਨ ਪਹੁੰਚਾਇਆ ਹੈ। ਪੰਜਾਬ ਦੇ ਹਿੱਤ ਵਿੱਚ ਮੀਡੀਆ ਅਤੇ ਸਿਆਸੀ ਪਾਰਟੀਆਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਪੰਜਾਬ ਦੇ ਸਿਆਸੀ ਮਾਹੌਲ ਬਾਰੇ ਗੱਲ ਕਰਦਿਆਂ ਸਰਦਾਰ ਪਰਗਟ ਸਿੰਘ ਨੇ ਕਿਹਾ ਕਿ ਕਾਂਗਰਸ ਸੂਬੇ ਵਿੱਚ ਸਦਭਾਵਨਾ ਅਤੇ ਸਕਾਰਾਤਮਕ ਰਾਜਨੀਤੀ ਦਾ ਸੰਦੇਸ਼ ਦੇਣਾ ਚਾਹੁੰਦੀ ਹੈ। 'ਪੰਜਾਬ ਮੰਗਦਾ ਇਨਸਾਫ਼' ਮੁਹਿੰਮ ਕਿਸੇ ਇੱਕ ਵਰਗ ਤੱਕ ਸੀਮਤ ਨਹੀਂ ਰਹੇਗੀ, ਸਗੋਂ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਮੁਲਾਜ਼ਮਾਂ, ਨੌਜਵਾਨਾਂ, ਔਰਤਾਂ ਅਤੇ ਸਮਾਜ ਦੇ ਹਰ ਵਰਗ ਦੀ ਆਵਾਜ਼ ਬਣੇਗੀ।ਆਗਾਮੀ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਉਮੀਦਵਾਰਾਂ ਦੀ ਪਹਿਲੀ ਸੂਚੀ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਸਰਵੇਖਣ ਕਰਵਾਏ ਜਾ ਰਹੇ ਹਨ ਅਤੇ ਵੱਖ-ਵੱਖ ਪੱਧਰਾਂ 'ਤੇ ਮੀਟਿੰਗਾਂ ਵੀ ਜਾਰੀ ਹਨ। ਕਾਂਗਰਸ ਦੀ ਕੋਸ਼ਿਸ਼ ਹੈ ਕਿ ਆਉਣ ਵਾਲੇ ਸਮੇਂ ਵਿੱਚ ਜਲਦ ਤੋਂ ਜਲਦ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਜਾ ਸਕੇ।ਇਸ ਮੌਕੇ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਅਤੇ ਸੰਸਦ ਮੈਂਬਰ ਡਾ. ਅਮਰ ਸਿੰਘ, ਸਾਬਕਾ ਕੈਬਨਿਟ ਮੰਤਰੀ ਰਾਣਾ ਗੁਰਜੀਤ ਸਿੰਘ, ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ, ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ, ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਅਤੇ ਸਾਬਕਾ ਮੰਤਰੀ ਡਾ. ਰਾਜ ਕੁਮਾਰ ਵੇਰਕਾ ਸਮੇਤ ਹੋਰ ਕਾਂਗਰਸੀ ਆਗੂ ਮੌਜੂਦ ਰਹੇ।

ਸਿੱਖ ਕੌਮ ਦੇ ਗ਼ਦਾਰ ਡੋਗਰਿਆਂ ਨਾਲ ਰਿਸ਼ਤੇਦਾਰੀਆਂ ਜੋੜ ਕੇ 'ਮਹਿਲਾਂ ਵਾਲੇ' ਪੰਜਾਬੀਆਂ ਨੂੰ ਕੀ ਸਾਬਤ ਕਰਨਾ ਚਾਹੁੰਦੇ ਹਨ?

ਸਰਕਾਰ-ਏ-ਖ਼ਾਲਸਾ ਦੀ ਪਿੱਠ 'ਚ ਛੁਰਾ ਮਾਰਨ ਵਾਲਿਆਂ ਦੇ ਗਲ਼ਾਂ 'ਚ ਹਾਰ ਪਾਉਣ ਵਾਲੇ 'ਸਿਆਸੀ ਰਾਜਿਓ', ਪੰਜਾਬ ਦੀ ਜਨਤਾ ਨੂੰ ਜਵਾਬ ਦਿਓ... ਕੀ ਤੁਹਾਡੇ ਲਈ ਸੱਤਾ ਅਤੇ ਸ਼ਾਹੀ ਸਾਂਝਾਂ ਹੀ ਸਭ ਕੁੱਝ ਹਨ?

ਦੇਸੀ ਪੰਜਾਬ

ਸਪੈਸ਼ਲ ਸਟੋਰੀ
ਰਣਜੀਤ ਸਿੰਘ ਮਸੌਣ
ਚੰਡੀਗੜ੍ਹ/ਅੰਮ੍ਰਿਤਸਰ:

ਦੇਸ਼ ਵਿੱਚੋਂ ਰਿਆਸਤੀ ਦੌਰ ਅਤੇ ਰਾਜੇ-ਮਹਾਰਾਜਿਆਂ ਦੀ ਹਕੂਮਤ ਖ਼ਤਮ ਹੋਏ ਦਹਾਕੇ ਬੀਤ ਚੁੱਕੇ ਹਨ, ਪਰ ਪੰਜਾਬ ਦੀ ਵਾਗਡੋਰ ਸੰਭਾਲਣ ਦਾ ਦਾਅਵਾ ਕਰਨ ਵਾਲੇ ਕੁੱਝ ਖ਼ਾਸ ਰਿਆਸਤੀ ਤੇ ਸਿਆਸੀ ਪਰਿਵਾਰਾਂ ਦੇ ਦਿਮਾਗ਼ਾਂ ਵਿੱਚੋਂ 'ਰਾਜਸ਼ਾਹੀ ਹੰਕਾਰ' ਅਤੇ ਰਾਜਾ ਬਣਨ ਦਾ ਕੀੜਾ ਅਜੇ ਵੀ ਨਹੀਂ ਮਰਿਆ। ਬਾਹਰੋਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਝੰਡੇ ਚੁੱਕ ਕੇ, ਆਮ ਲੋਕਾਂ ਨੂੰ ਵੋਟਾਂ ਲਈ ਆਪਸ ਵਿੱਚ ਲੜਾ ਕੇ 'ਪੰਜਾਬ-ਦਰਦੀ' ਹੋਣ ਦਾ ਵੱਡਾ ਢੌਂਗ ਰਚਾਉਣ ਵਾਲੇ ਇਹ ਲੀਡਰ ਅੰਦਰੋਂ ਇੱਕੋ ਥਾਲੀ ਦੇ ਚੱਟੇ-ਬੱਟੇ ਨਿਕਲੇ ਹਨ।

ਸਭ ਤੋਂ ਵੱਡਾ ਅਤੇ ਤਿੱਖਾ ਸਵਾਲ ਹੁਣ ਪੰਜਾਬ ਦੇ ਲੋਕ ਪੁੱਛ ਰਹੇ ਹਨ—ਸਿੱਖ ਕੌਮ ਦੇ ਸਭ ਤੋਂ ਵੱਡੇ ਗ਼ਦਾਰ ਡੋਗਰਿਆਂ ਨਾਲ ਆਪਣੀਆਂ ਕੁੜਮਾਚਾਰੀਆਂ ਤੇ ਸ਼ਾਹੀ ਰਿਸ਼ਤੇਦਾਰੀਆਂ ਗੰਢ ਕੇ ਇਹ 'ਮਹਿਲਾਂ ਵਾਲੇ' ਪੰਜਾਬੀਆਂ ਅਤੇ ਸਿੱਖ ਕੌਮ ਨੂੰ ਆਖ਼ਰ ਕੀ ਸਾਬਤ ਕਰਨਾ ਚਾਹੁੰਦੇ ਹਨ?

ਤਾਜ਼ਾ ਮਾਮਲਾ ਮਨਪ੍ਰੀਤ ਸਿੰਘ ਬਾਦਲ ਵੱਲੋਂ ਆਪਣੀ ਧੀ ਦਾ ਰਿਸ਼ਤਾ ਕਸ਼ਮੀਰ ਦੇ ਡੋਗਰਾ ਘਰਾਣੇ ਵਿੱਚ ਤੈਅ ਕਰਨ ਨਾਲ ਛਿੜਿਆ ਹੈ। ਪਰ ਇਹ ਕੋਈ ਪਹਿਲਾ ਮਾਮਲਾ ਨਹੀਂ—ਇਸ ਤੋਂ ਪਹਿਲਾਂ 2017 ਵਿੱਚ ਕੈਪਟਨ ਅਮਰਿੰਦਰ ਸਿੰਘ ਨੇ ਆਪਣੇ ਦੋਹਤੇ ਨਿਰਵਾਣ ਸਿੰਘ ਦਾ ਵਿਆਹ ਇਸੇ ਡੋਗਰਾ ਘਰਾਣੇ (ਡਾ. ਕਰਨ ਸਿੰਘ ਡੋਗਰਾ ਦੀ ਪੋਤੀ) ਮ੍ਰਿਗਨਿਕਾ ਸਿੰਘ ਨਾਲ ਕਰਕੇ ਇਹ ਰਾਜਸ਼ਾਹੀ ਗੰਢ ਪਹਿਲਾਂ ਹੀ ਪੱਕੀ ਕਰ ਲਈ ਸੀ।

1. ਲਾਹੌਰ ਦਰਬਾਰ ਨਾਲ ਗ਼ਦਾਰੀ: ਕੌਣ ਸਨ ਇਹ ਡੋਗਰੇ? ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਨੇ ਆਪਣੇ ਬਾਹੂਬਲ ਅਤੇ ਦੂਰਅੰਦੇਸ਼ੀ ਨਾਲ ਅਜਿਹਾ 'ਸਰਕਾਰ-ਏ-ਖ਼ਾਲਸਾ' ਕਾਇਮ ਕੀਤਾ ਸੀ, ਜਿਸ ਦੀਆਂ ਸਰਹੱਦਾਂ ਖ਼ੈਬਰ ਦਰ੍ਹੇ ਤੋਂ ਲੈ ਕੇ ਚੀਨ ਦੀਆਂ ਹੱਦਾਂ ਛੂਹਦੀਆਂ ਸਨ। ਉਨ੍ਹਾਂ ਦੇ ਰਾਜ ਵਿੱਚ ਹਰ ਧਰਮ ਦੇ ਲੋਕਾਂ ਨੂੰ ਬਰਾਬਰ ਦਾ ਇਨਸਾਫ਼ ਅਤੇ ਮਾਣ-ਸਤਿਕਾਰ ਮਿਲਿਆ। ਪਰ 1839 ਵਿੱਚ ਮਹਾਰਾਜਾ ਸਾਹਿਬ ਦੇ ਅਕਾਲ ਚਲਾਣੇ ਤੋਂ ਬਾਅਦ ਲਾਹੌਰ ਦਰਬਾਰ ਵਿੱਚ ਗ਼ਦਾਰੀ ਦੀਆਂ ਕਾਲੀਆਂ ਘਟਾਵਾਂ ਛਾ ਗਈਆਂ। ਇਨ੍ਹਾਂ ਖ਼ੂਨੀ ਸਾਜ਼ਿਸ਼ਾਂ ਦੇ ਮੁੱਖ ਸੂਤਰਧਾਰ ਸਨ—ਧਿਆਨ ਸਿੰਘ ਡੋਗਰਾ ਅਤੇ ਗੁਲਾਬ ਸਿੰਘ ਡੋਗਰਾ।

ਖ਼ਾਲਸਾਈ ਵਾਰਿਸਾਂ ਦਾ ਖ਼ੂਨ: ਲਾਹੌਰ ਦਰਬਾਰ ਦਾ ਨਮਕ ਖਾ ਕੇ ਇਨ੍ਹਾਂ ਡੋਗਰਿਆਂ ਨੇ ਮਹਾਰਾਜਾ ਦੇ ਵਾਰਿਸਾਂ—ਕੰਵਰ ਨੌਨਿਹਾਲ ਸਿੰਘ, ਮਹਾਰਾਜਾ ਸ਼ੇਰ ਸਿੰਘ ਅਤੇ ਛੋਟੇ ਮਹਾਰਾਜਾ ਦਲੀਪ ਸਿੰਘ ਦੇ ਖ਼ਿਲਾਫ਼ ਖ਼ੂਨੀ ਸਾਜ਼ਿਸ਼ਾਂ ਘੜੀਆਂ ਅਤੇ ਖ਼ਾਲਸਾ ਰਾਜ ਦੀਆਂ ਨੀਹਾਂ ਹਿਲਾ ਦਿੱਤੀਆਂ।

ਮੁਦਕੀ ਤੇ ਸਭਰਾਵਾਂ 'ਚ ਪਿੱਠ 'ਚ ਛੁਰਾ: 1845-46 ਦੀਆਂ ਜੰਗਾਂ (ਮੁਦਕੀ, ਫ਼ਿਰੋਜ਼ਸ਼ਾਹ, ਅਲੀਵਾਲ ਅਤੇ ਸਭਰਾਵਾਂ) ਵੇਲੇ ਜਦੋਂ ਸਿੱਖ ਫ਼ੌਜਾਂ ਆਪਣੀ ਅਣਖ ਤੇ ਸ਼ਾਨਦਾਰ ਬਹਾਦਰੀ ਨਾਲ ਅੰਗਰੇਜ਼ਾਂ ਨੂੰ ਛੱਠੀ ਦਾ ਦੁੱਧ ਚੇਤੇ ਕਰਵਾ ਰਹੀਆਂ ਸਨ ਅਤੇ ਜਿੱਤ ਬਿਲਕੁਲ ਨੇੜੇ ਸੀ, ਤਾਂ ਇਨ੍ਹਾਂ ਡੋਗਰਿਆਂ ਨੇ ਅੰਗਰੇਜ਼ਾਂ ਨਾਲ ਗੁਪਤ ਸਮਝੌਤੇ ਕਰਕੇ ਸਿੱਖ ਫ਼ੌਜਾਂ ਦੀ ਪਿੱਠ ਵਿੱਚ ਛੁਰਾ ਮਾਰਿਆ। ਸਭਰਾਵਾਂ ਦੀ ਜੰਗ ਵੇਲੇ ਸਤਲੁਜ ਨਦੀ ਦਾ ਬੇੜੀਆਂ ਦਾ ਪੁਲ ਤੋੜ ਦਿੱਤਾ ਗਿਆ, ਤਾਂ ਜੋ ਸਿੱਖ ਫ਼ੌਜਾਂ ਪਿੱਛੇ ਨਾ ਹਟ ਸਕਣ ਅਤੇ ਰਸਦ-ਬਾਰੂਦ ਦੀ ਥਾਂ ਆਟੇ ਦੀਆਂ ਬੋਰੀਆਂ ਭੇਜ ਕੇ ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਵਰਗੇ ਮਹਾਨ ਜਰਨੈਲਾਂ ਨੂੰ ਸ਼ਹੀਦ ਕਰਵਾਇਆ ਗਿਆ।

75 ਲੱਖ ਵਿੱਚ ਕਸ਼ਮੀਰ ਦਾ ਸੌਦਾ: ਇਸ ਇਤਿਹਾਸਕ ਗ਼ਦਾਰੀ ਦੇ





ਇਨਾਮ ਵਜੋਂ 1846 ਦੀ 'ਅੰਮ੍ਰਿਤਸਰ ਸੰਧੀ' ਤਹਿਤ ਅੰਗਰੇਜ਼ਾਂ ਨੇ ਖ਼ਾਲਸਾ ਰਾਜ ਦੇ ਲੁੱਟੇ ਹੋਏ ਖ਼ਜ਼ਾਨੇ ਬਦਲੇ ਸਿਰਫ਼ 75 ਲੱਖ ਰੁਪਏ ਲੈ ਕੇ ਕਸ਼ਮੀਰ ਦਾ ਪੂਰਾ ਇਲਾਕਾ ਗੁਲਾਬ ਸਿੰਘ ਡੋਗਰੇ ਨੂੰ ਵੇਚ ਦਿੱਤਾ ਅਤੇ ਇਹ ਡੋਗਰੇ ਗ਼ਦਾਰੀ ਦੀ ਕੀਮਤ 'ਤੇ ਉੱਥੋਂ ਦੇ 'ਰਾਜੇ' ਬਣ ਬੈਠੇ।

2. ਪਟਿਆਲਾ ਘਰਾਣੇ ਅਤੇ ਮਾਲਵੇ ਦੇ ਚੌਧਰੀਆਂ ਦਾ ਇਤਿਹਾਸਕ ਰੁੱਖ ਜਦੋਂ ਲਾਹੌਰ ਦਰਬਾਰ ਵਿੱਚ ਡੋਗਰੇ ਸਾਜ਼ਿਸ਼ਾਂ ਘੜ ਰਹੇ ਸਨ, ਉੱਥੇ ਹੀ ਪਟਿਆਲਾ ਘਰਾਣੇ (ਜਿਸ ਨਾਲ ਕੈਪਟਨ ਅਮਰਿੰਦਰ ਸਿੰਘ ਜੁੜੇ ਹਨ) ਅਤੇ ਮਾਲਵੇ ਦੇ ਵੱਡੇ ਰਿਆਸਤੀ ਚੌਧਰੀਆਂ ਨੇ ਵੀ ਕੇਂਦਰੀ ਸਿੱਖ ਰਾਜ ਨਾਲੋਂ ਵੱਖਰਾ ਰੁੱਖ ਅਪਣਾਇਆ:

1809 ਦੀ ਅੰਮ੍ਰਿਤਸਰ ਸੰਧੀ: ਜਦੋਂ ਮਹਾਰਾਜਾ ਰਣਜੀਤ ਸਿੰਘ ਪੂਰੇ ਪੰਜਾਬ ਨੂੰ ਇੱਕ ਝੰਡੇ ਹੇਠ ਲਿਆ ਕੇ ਇੱਕ ਸੂਤਰ ਵਿੱਚ ਪਰੋ ਰਹੇ ਸਨ, ਤਾਂ ਪਟਿਆਲਾ ਦੇ ਰਾਜਿਆਂ ਨੇ ਅੰਗਰੇਜ਼ਾਂ ਨਾਲ ਹੱਥ ਮਿਲਾ ਕੇ ਆਪਣੇ ਆਪ ਨੂੰ ਅੰਗਰੇਜ਼ਾਂ ਦੀ ਛਤਰ-ਛਾਇਆ ਹੇਠ ਸੁਰੱਖਿਅਤ ਕੀਤਾ।

1857 ਦਾ ਗ਼ਦਰ: 1857 ਦੀ ਪਹਿਲੀ ਆਜ਼ਾਦੀ ਜੰਗ ਅਤੇ ਅੰਗਰੇਜ਼-ਸਿੱਖ ਜੰਗਾਂ ਦੌਰਾਨ ਵੀ ਇਨ੍ਹਾਂ ਰਿਆਸਤੀ ਘਰਾਣਿਆਂ ਦੀਆਂ ਨੀਤੀਆਂ 'ਸਰਕਾਰ-ਏ-ਖ਼ਾਲਸਾ' ਦੀ ਕੇਂਦਰੀ ਸ਼ਕਤੀ ਨੂੰ ਮਜ਼ਬੂਤ ਕਰਨ ਦੀ ਥਾਂ ਅੰਗਰੇਜ਼ੀ ਹਕੂਮਤ ਨਾਲ ਸਹਿਯੋਗ ਵਾਲੀਆਂ ਰਹੀਆਂ।

ਜਗੀਰਦਾਰੀ ਸੋਚ ਦਾ ਰੁਝਾਨ:
ਬਾਦਲ ਪਰਿਵਾਰ ਦੇ ਸਿਆਸੀ ਪਿਛੋਕੜ ਅਤੇ ਮਾਲਵੇ ਦੇ ਵੱਡੇ ਜਗੀਰਦਾਰੀ ਘਰਾਣਿਆਂ ਦਾ ਇਤਿਹਾਸ ਵੀ ਦੱਸਦਾ ਹੈ ਕਿ ਇਨ੍ਹਾਂ ਨੇ ਹਮੇਸ਼ਾ ਲੋਕਤੰਤਰ ਤੋਂ ਪਹਿਲਾਂ ਵੀ ਆਪਣੀ ਸਥਾਨਕ ਚੌਧਰ ਅਤੇ ਜਗੀਰਾਂ ਬਚਾਉਣ ਨੂੰ ਤਰਜੀਹ ਦਿੱਤੀ। ਅੱਜ ਵੀ 21ਵੀਂ ਸਦੀ ਵਿੱਚ ਇਹ ਪਰਿਵਾਰ ਆਪਣੇ ਸਿਆਸੀ ਮਹਿਲਾਂ ਨੂੰ ਕਾਇਮ ਰੱਖਣ ਲਈ ਉਹੀ ਪੁਰਾਣੇ ਰਾਜਸ਼ਾਹੀ ਗੱਠਜੋੜ ਨਿਭਾ ਰਹੇ ਹਨ।

3. ਸਿੱਖ ਕੌਮ ਅੱਗੇ ਖੜ੍ਹੇ ਹੁੰਦੇ ਨੇ 3 ਤਿੱਖੇ ਸਵਾਲ:

1. ਕੀ ਸਿੱਖ ਇਤਿਹਾਸ ਦੇ ਜ਼ਖ਼ਮਾਂ ਤੇ ਸ਼ਹੀਦਾਂ ਦੀ ਕੋਈ ਅਹਿਮੀਅਤ ਨਹੀਂ?ਜਿਸ ਡੋਗਰਾ ਘਰਾਣੇ ਨੇ ਖ਼ਾਲਸਾ ਰਾਜ ਦਾ ਪਤਨ ਕਰਵਾਇਆ, ਸਰਦਾਰ ਸ਼ਾਮ ਸਿੰਘ ਅਟਾਰੀਵਾਲਾ ਵਰਗੇ ਯੋਧਿਆਂ ਦੇ ਖ਼ੂਨ ਨਾਲ ਦਗਾ ਕੀਤਾ, ਉਸੇ ਘਰਾਣੇ ਦੀਆਂ ਔਲਾਦਾਂ ਦੇ ਗਲ਼ਾਂ ਵਿੱਚ ਹਾਰ ਪਾ ਕੇ ਇਹ ਲੀਡਰ ਕੀ ਇਹ ਸਾਬਤ ਕਰਨਾ ਚਾਹੁੰਦੇ ਹਨ ਕਿ ਉਨ੍ਹਾਂ ਲਈ ਸਿੱਖ ਇਤਿਹਾਸ ਤੇ ਕੌਮ ਨਾਲੋਂ ਆਪਣੀਆਂ ਨਿੰਜੀ ਸ਼ਾਹੀ ਸਾਂਝਾਂ ਉੱਪਰ ਹਨ?

2. ਬਾਹਰੋਂ 'ਪੰਜਾਬ-ਦਰਦੀ' ਤੇ ਅੰਦਰੋਂ ਇੱਕੋ ਥਾਲੀ ਦੇ ਚੱਟੇ-ਬੱਟੇ? ਇੱਕ ਪਾਸੇ ਕੈਪਟਨ ਅਮਰਿੰਦਰ ਸਿੰਘ ਅਤੇ ਦੂਜੇ ਪਾਸੇ ਬਾਦਲ ਪਰਿਵਾਰ—ਬਾਹਰੋਂ ਵੱਖ-ਵੱਖ ਪਾਰਟੀਆਂ ਦੇ ਝੰਡੇ ਚੁੱਕ ਕੇ ਇੱਕ-ਦੂਜੇ ਖ਼ਿਲਾਫ਼ ਸਿਆਸੀ ਡਰਾਮੇ ਕਰਦੇ ਹਨ, ਪਰ ਅੰਦਰੋਂ ਇਨ੍ਹਾਂ ਸਾਰਿਆਂ ਦਾ ਸ਼ਾਹੀ ਗੱਠਜੋੜ ਇੱਕੋ ਡੋਗਰਾ ਘਰਾਣੇ ਨਾਲ ਜਾ ਜੁੜਦਾ ਹੈ।

3. ਆਮ ਲੋਕਾਂ ਦੀ ਬਰਬਾਦੀ ਬਨਾਮ ਲੀਡਰਾਂ ਦਾ ਸ਼ਾਹੀ ਜੀਵਨ: ਆਮ ਪੰਜਾਬੀ ਇਨ੍ਹਾਂ ਦੇ ਇਸ਼ਾਰਿਆਂ 'ਤੇ ਪਿੰਡਾਂ ਵਿੱਚ ਧੜੇਬੰਦੀਆਂ ਬਣਾਉਂਦੇ ਹਨ, ਥਾਣਿਆਂ-ਕਚਹਿਰੀਆਂ ਵਿੱਚ ਆਪਣੇ ਧੀ-ਪੁੱਤਾਂ ਦੀਆਂ ਜ਼ਿੰਦਗੀਆਂ ਬਰਬਾਦ ਕਰਦੇ ਹਨ। ਪਰ ਇਹ 'ਮਹਿਲਾਂ ਵਾਲੇ' ਦਿੱਲੀ ਤੇ ਚੰਡੀਗੜ੍ਹ ਦੇ ਏਅਰ-ਕੰਡੀਸ਼ਨਡ ਹਾਲਾਂ ਵਿੱਚ ਬੈਠ ਕੇ ਕੌਮ ਦੇ ਗ਼ਦਾਰਾਂ ਦੀਆਂ ਔਲਾਦਾਂ ਨਾਲ ਰਿਸ਼ਤੇਦਾਰੀਆਂ ਪੱਕੀਆਂ ਕਰਕੇ ਆਪਣੇ ਸਿਆਸੀ ਮਹਿਲਾਂ ਦੇ ਸੌਦੇ ਕਰਦੇ ਹਨ।

ਸੋਚੋ ਪੰਜਾਬੀਓ! ਕਦੋਂ ਤੱਕ ਬਣੇ ਰਹੋਗੇ ਕਠਪੁਤਲੀਆਂ? ਜਿਹੜੇ ਲੀਡਰ ਪੰਜਾਬ ਦੀ ਮਿੱਟੀ, ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਮਹਾਨ ਵਿਰਸੇ ਅਤੇ ਖ਼ਾਲਸਾ ਰਾਜ ਦੀ ਪਿੱਠ ਵਿੱਚ ਛੁਰਾ ਮਾਰਨ ਵਾਲੇ ਡੋਗਰਿਆਂ ਅਤੇ ਰਾਜਸ਼ਾਹੀ ਘਰਾਣਿਆਂ ਦੀਆਂ ਔਲਾਦਾਂ ਦੇ ਗਲ਼ਾਂ ਵਿੱਚ ਹਾਰ ਪਾ ਕੇ ਆਪਣੀਆਂ ਸ਼ਾਹੀ ਰਿਸ਼ਤੇਦਾਰੀਆਂ ਪੱਕੀਆਂ ਕਰਦੇ ਹਨ, ਉਹ ਤੁਹਾਡੇ ਧੀ-ਪੁੱਤਾਂ, ਰੁਜ਼ਗਾਰ ਅਤੇ ਪੰਜਾਬ ਦਾ ਕਦੇ ਕੋਈ ਭਲਾ ਨਹੀਂ ਕਰ ਸਕਦੇ! ਪੰਜਾਬ ਦੇ ਇਨਸਾਫ਼-ਪਸੰਦ ਅਤੇ ਗੈਰਤਮੰਦ ਲੋਕੋ! ਹੁਣ ਸਮਾਂ ਆ ਗਿਆ ਹੈ ਗੂੜ੍ਹੀ ਨੀਂਦੋਂ ਜਾਗਣ ਦਾ। ਇਨ੍ਹਾਂ ਮਹਿਲਾਂ ਵਾਲਿਆਂ ਦੇ ਸ਼ਾਹੀ ਨਾਟਕਾਂ, ਪਰਿਵਾਰਵਾਦੀ ਗੱਠਜੋੜਾਂ ਅਤੇ ਧੜੇਬੰਦੀਆਂ ਦੀ ਖ਼ੂਨੀ ਸਿਆਸਤ ਨੂੰ ਪਛਾਣੋ, ਤਾਂ ਜੋ ਆਪਣੇ ਘਰਾਂ, ਪਿੰਡਾਂ ਅਤੇ ਨਸਲਾਂ ਨੂੰ ਬਰਬਾਦੀ ਤੋਂ ਬਚਾਇਆ ਜਾ ਸਕੇ।

ਅੰਮ੍ਰਿਤਸਰ 'ਚ ਸਰਹੱਦ ਪਾਰੋਂ ਡਰੋਨ ਰਾਹੀਂ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਦੋ ਵੱਡੇ ਨੈੱਟਵਰਕਾਂ ਦਾ ਪਰਦਾਫਾਸ਼: 14 ਆਧੁਨਿਕ ਪਿਸਤੌਲਾਂ ਸਮੇਤ 6 ਗ੍ਰਿਫ਼ਤਾਰ

ਦੇਸੀ ਪੰਜਾਬ

ਚੰਡੀਗੜ੍ਹ/ਅੰਮ੍ਰਿਤਸਰ, 10 ਨਵੰਬਰ (ਰਣਜੀਤ ਸਿੰਘ ਮਸੌਣ/ ਜੋਗਾ ਸਿੰਘ ਰਾਜਪੂਤ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਪੰਜਾਬ ਨੂੰ ਅਪਰਾਧ-ਮੁਕਤ ਤੇ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਦੋ ਅੰਤਰਰਾਸ਼ਟਰੀ ਨੈੱਟਵਰਕਾਂ ਦਾ ਫਾਸ ਕਰਨ ਕਰਦਿਆਂ 6 ਅਪਰਾਧੀਆਂ ਨੂੰ 14 ਅਤਿ-ਆਧੁਨਿਕ ਪਿਸਤੌਲਾਂ ਸਮੇਤ ਕਾਬੂ ਕਰ ਲਿਆ।

ਇਸ ਵੱਡੀ ਕਾਰਵਾਈ ਦੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀਆਂ ਸਰਹੱਦ ਪਾਰੋਂ ਹਥਿਆਰਾਂ ਦੀ ਹੁੰਦੀ ਤਸਕਰੀ 'ਤੇ ਪੁਲਿਸ ਦਾ ਇੱਕ ਵੱਡਾ ਪ੍ਰਹਾਰ ਹਨ।

ਸੋਸ਼ਲ ਮੀਡੀਆ ਰਾਹੀਂ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ 'ਚ ਸਨ ਮੁਲਜ਼ਮਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਸ਼ੁਰੂਆਤੀ ਪੜਤਾਲ ਦੌਰਾਨ ਸਾਹਮਣੇ ਆਇਆ ਹੈ ਕਿ





ਫੜੇ ਗਏ ਦੋਸ਼ੀ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵਿਦੇਸ਼ਾਂ ਵਿੱਚ ਬੈਠੇ ਆਪਣੇ ਆਕਾਵਾਂ (ਹੈਂਡਲਰਾਂ) ਨਾਲ ਲਗਾਤਾਰ ਸੰਪਰਕ ਵਿੱਚ ਸਨ। ਵਿਦੇਸ਼ੀ ਸੰਚਾਲਕਾਂ ਦੇ ਨਿਰਦੇਸ਼ਾਂ 'ਤੇ ਡਰੋਨ ਰਾਹੀਂ ਸਰਹੱਦ ਪਾਰੋਂ ਹਥਿਆਰਾਂ ਦੀਆਂ ਖੇਪਾਂ ਮੰਗਵਾਈਆਂ ਜਾਂਦੀਆਂ ਸਨ। ਇਹ ਮੁਲਜ਼ਮ ਖੇਪਾਂ ਪ੍ਰਾਪਤ ਕਰਕੇ ਅੱਗੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਤੱਕ ਹਥਿਆਰ ਪਹੁੰਚਾਉਣ ਦਾ ਕੰਮ ਕਰਦੇ ਸਨ।

ਪੁਲਿਸ ਵੱਲੋਂ ਇਸ ਨੈੱਟਵਰਕ ਦੀਆਂ ਅਗਲੀਆਂ-ਪਿਛਲੀਆਂ ਕੜੀਆਂ ਨੂੰ ਖੰਗਾਲਿਆ ਜਾ ਰਿਹਾ ਹੈ ਤਾਂ ਕਿ ਇਸ ਪੂਰੇ ਗਿਰੋਹ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ
ਪੁਲਿਸ ਵੱਲੋਂ ਕਾਬੂ ਕੀਤੇ ਗਏ 6 ਮੁਲਜ਼ਮਾਂ ਦੀ ਪਛਾਣ ਹੇਠ ਲਿਖੇ ਅਨੁਸਾਰ ਹੋਈ ਹੈ:
ਬੌਬੀ ਸਿੰਘ (ਵਾਸੀ ਪਿੰਡ ਤਲਵੰਡੀ ਸ਼ੋਭਾ ਸਿੰਘ, ਤਰਨ ਤਾਰਨ)
ਰਵਿੰਦਰ ਸਿੰਘ ਉਰਫ਼ ਮੰਨਾ (ਵਾਸੀ ਪਿੰਡ ਤਲਵੰਡੀ ਸ਼ੋਭਾ ਸਿੰਘ, ਤਰਨ ਤਾਰਨ)ਗੁਰਪ੍ਰੀਤ ਸਿੰਘ ਉਰਫ਼ ਪ੍ਰੀਤ (ਵਾਸੀ ਪਿੰਡ ਕੋਹਾਲਾ; ਹਾਲ ਵਾਸੀ ਮੈਕਸ ਸਿਟੀ ਜੰਡਪੀਰ ਕਲੋਨੀ, ਅੰਮ੍ਰਿਤਸਰ)ਕਮਲ (ਵਾਸੀ ਸੰਧੂ ਕਲੋਨੀ, ਅੰਮ੍ਰਿਤਸਰ)
ਅਜੈ ਸਿੰਘ ਉਰਫ਼ ਕਾਕਾ (ਵਾਸੀ ਏਸਮਾ ਅਸਟੇਟ, ਅੰਮ੍ਰਿਤਸਰ)
ਸਵਰਨ ਸਿੰਘ (ਵਾਸੀ ਸੈਕਟਰ 17, ਪੰਚਕੂਲਾ, ਹਰਿਆਣਾ)

ਬਰਾਮਦ ਕੀਤੇ ਆਧੁਨਿਕ ਹਥਿਆਰਾਂ ਦਾ ਵੇਰਵਾ
ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 14 ਖ਼ਤਰਨਾਕ ਤੇ ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ:
1 × .30 ਬੋਰ ਟਿਸਾਸ ਜ਼ਿਗਾਨਾ (Tisas Zigana)
1 × .30 ਬੋਰ ਜ਼ਿਗਾਨਾ ਈਗਲ (Zigana Eagle)
1 × .30 ਬੋਰ (ਚੀਨ ਦਾ ਬਣਿਆ)
2 × ਐਮਐਮ (MM) ਪਿਸਤੌਲ
7 × .30 ਬੋਰ ਪਿਸਤੌਲ
2 × .32 ਬੋਰ ਪਿਸਤੌਲ

ਅੰਮ੍ਰਿਤਸਰ ਪੁਲਿਸ ਦੇ 2 ਵੱਖ-ਵੱਖ ਆਪ੍ਰੇਸ਼ਨਾਂ 'ਚ ਮਿਲੀ ਸਫਲਤਾ
ਇਸ ਕਾਰਵਾਈ ਸਬੰਧੀ ਜਾਣਕਾਰੀ ਦਿੰਦਿਆਂ ਸੀਪੀ ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਇਹ ਸਫਲਤਾ ਦੋ ਵੱਖ-ਵੱਖ ਖੁਫੀਆ ਆਪ੍ਰੇਸ਼ਨਾਂ ਤੋਂ ਬਾਅਦ ਹਾਸਲ ਹੋਈ ਹੈ:ਪਹਿਲਾ ਆਪ੍ਰੇਸ਼ਨ: ਗੁਪਤ ਇਤਲਾਹ ਦੇ ਆਧਾਰ 'ਤੇ ਪੁਲਿਸ ਟੀਮਾਂ ਨੇ ਛਾਪੇਮਾਰੀ ਕਰਕੇ 5 ਅਪਰਾਧੀਆਂ (ਬੌਬੀ ਸਿੰਘ, ਰਵਿੰਦਰ ਉਰਫ਼ ਮੰਨਾ, ਗੁਰਪ੍ਰੀਤ ਉਰਫ਼ ਪ੍ਰੀਤ, ਕਮਲ, ਅਤੇ ਅਜੇ ਉਰਫ਼ ਕਾਕਾ) ਨੂੰ 6 ਗੈਰ-ਕਾਨੂੰਨੀ ਪਿਸਤੌਲਾਂ ਸਮੇਤ ਦਬੋਚਿਆ।
ਦੂਜਾ ਆਪ੍ਰੇਸ਼ਨ: ਇੱਕ ਹੋਰ ਵਿਸ਼ੇਸ਼ ਸੂਚਨਾ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਪੰਚਕੂਲਾ ਦੇ ਰਹਿਣ ਵਾਲੇ ਸਵਰਨ ਸਿੰਘ ਨੂੰ 8 ਗੈਰ-ਕਾਨੂੰਨੀ ਪਿਸਤੌਲਾਂ ਨਾਲ ਗ੍ਰਿਫ਼ਤਾਰ ਕੀਤਾ।ਕਾਨੂੰਨੀ ਕਾਰਵਾਈ ਤੇ ਮਾਮਲੇਦਰਜਇਸ ਸਬੰਧੀ ਅੰਮ੍ਰਿਤਸਰ ਪੁਲਿਸ ਵੱਲੋਂ ਅਸਲਾ ਐਕਟ (Arms Act) ਦੀ ਧਾਰਾ 25(6,7,8) ਤਹਿਤ ਦੋ ਵੱਖ-ਵੱਖ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ: FIR ਨੰ. 272 (ਮਿਤੀ 02.11.2026, ਥਾਣਾ ਛੇਹਰਟਾ)

ਊਰਜਾਵਾਨ ਬੱਚੇ ਦੇਸ਼ ਦੀ ਧਰੋਹਰ ਹਨ - ਦਰਸ਼ਨ ਅਰੋੜਾ



ਦੇਸੀ ਪੰਜਾਬ

ਲੁਧਿਆਣਾ (ਕਰਨੈਲ ਸਿੰਘ ਐੱਮ.ਏ.) ਲੁਧਿਆਣਾ ਦੀ ਉੱਘੀ ਸਮਾਜਿਕ ਸੰਸਥਾ ਸਿਟੀਜ਼ਨ ਕੌਂਸਲ ਦਾ ਇੱਕ ਵਫ਼ਦ ਚੇਅਰਮੈਨ ਦਰਸ਼ਨ ਅਰੋੜਾ ਦੀ ਅਗਵਾਈ ਹੇਠ ਸਰਕਾਰੀ ਹਾਈ ਸਕੂਲ ਬੜੀ ਆਇਲੀ ਵਿਖੇ ਪਹੁੰਚਿਆ। ਜ਼ਿਕਰਯੋਗ ਹੈ ਕਿ ਕੌਂਸਲ ਪਿਛਲੇ 40 ਸਾਲਾਂ ਤੋਂ ਸਮਾਜ ਦੇ ਲੋੜਵੰਦ ਵਰਗ ਦੀ ਸੇਵਾ ਵਿੱਚ ਜੁਟੀ ਹੋਈ ਹੈ। ਸਰਦੀਆਂ ਦੇ ਮੌਸਮ ਵਿੱਚ ਕੌਂਸਲ ਵੱਲੋਂ ਇੱਕ ਹਜ਼ਾਰ ਲੋੜਵੰਦ ਬੱਚਿਆਂ ਨੂੰ ਕੰਬਲ ਵੰਡੇ ਜਾਂਦੇ ਹਨ। ਇਸ ਮੁਹਿੰਮ ਦੀ ਸ਼ੁਰੂਆਤ ਸਰਕਾਰੀ ਹਾਈ ਸਕੂਲ ਬੜੀ ਆਇਲੀ ਤੋਂ ਕੀਤੀ ਗਈ, ਜਿੱਥੇ ਤਕਰੀਬਨ 100 ਬੱਚਿਆਂ ਨੂੰ ਕੰਬਲ ਭੇਟ ਕੀਤੇ ਗਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜੀਵਨ ਸਿੰਘ ਅਤੇ ਸਮੂਹ ਅਧਿਆਪਕਾਂ ਵੱਲੋਂ ਕੌਂਸਲ ਦੇ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਕੌਂਸਲ ਦੇ ਡਿਪਟੀ ਚੇਅਰਮੈਨ ਡਾ: ਕਮਲਜੀਤ ਸੋਈ ਨੇ ਪ੍ਰੇਰਨਾਦਾਇਕ ਭਾਸ਼ਣ ਰਾਹੀਂ ਬੱਚਿਆਂ ਵਿੱਚ ਨਵਾਂ ਜੋਸ਼ ਭਰਿਆ। ਉਪ ਚੇਅਰਮੈਨ ਅਸ਼ੋਕ ਧੀਰ, ਪ੍ਰਧਾਨ ਸੁਰਿੰਦਰ ਮੱਕੜ ਅਤੇ ਸੀਨੀਅਰ ਮੈਂਬਰ ਅਵਤਾਰ ਸਿੰਘ ਨੇ ਵੀ ਬੱਚਿਆਂ ਨੂੰ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਧਰਮਪਾਲ ਬਿੰਦਰਾ, ਸੁਖਜੀਤ ਸਿੰਘ ਆਜ਼ਾਦ, ਸੁਨੀਲ ਜਸੂਜਾ, ਡਾ: ਅਦਿਤੀ ਬੈਕਟਰ, ਗੋਪੀ ਅਰੋੜਾ ਅਤੇ ਜਤਿੰਦਰ ਠਾਕੁਰ ਵੀ ਹਾਜ਼ਰ ਸਨ।

ਡਰੱਗ ਕੰਟਰੋਲ ਵਿਭਾਗ ਵੱਲੋਂ ਪਟਿਆਲਾ ਜ਼ਿਲ੍ਹੇ ਵਿੱਚ ਦਵਾਈਆਂ ਦੇ 85 ਵਿਕਰੇਤਾਵਾਂ ਦਾ ਨਿਰੀਖਣ-'ਡਰੱਗਜ਼ ਐਂਡ ਕਾਸਮੈਟਿਕਸ ਐਕਟ' ਦੀ ਉਲੰਘਣਾ ਕਰਨ ਵਾਲੀਆਂ 16 ਫਰਮਾਂ ਵਿਰੁੱਧ ਕਾਰਵਾਈ, 13 ਫਰਮਾਂ ਦੇ ਲਾਇਸੈਂਸ ਮੁਅੱਤਲ, ਤਿੰਨ ਰੱਦ

ਦੇਸੀ ਪੰਜਾਬ





ਪਟਿਆਲਾ, 10 ਨਵੰਬਰ:'ਯੁੱਧ ਨਸ਼ਿਆਂ ਵਿਰੁੱਧ' ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ, ਡਰੱਗ ਕੰਟਰੋਲ ਵਿਭਾਗ, ਪਟਿਆਲਾ ਨੇ ਜ਼ਿਲ੍ਹੇ ਭਰ ਵਿੱਚ ਦਵਾਈਆਂ ਦੇ 85 ਵਿਕਰੇਤਾਵਾਂ ਦਾ ਨਿਰੀਖਣ ਕੀਤਾ ਹੈ। ਵਿਭਾਗ ਨੇ ਦੁਹਰਾਇਆ ਹੈ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਨਸ਼ੇ ਦੀ ਆਦਤ ਪਾਉਣ ਵਾਲੀਆਂ ਦਵਾਈਆਂ ਦੀ ਦੁਰਵਰਤੋਂ ਅਤੇ ਗ਼ੈਰਕਾਨੂੰਨੀ ਰੋਕਣ ਅਤੇ ਜਨਤਕ ਸਿਹਤ ਦੀ ਰਾਖੀ ਕਰਨ ਲਈ ਇਹ ਮੁਹਿੰਮ ਜਾਰੀ ਰਹੇਗੀ। ਹੋਰ ਵੇਰਵੇ ਦਿੰਦਿਆਂ, ਪਟਿਆਲਾ ਦੇ ਜ਼ੋਨਲ ਡਰੱਗਜ਼ ਲਾਇਸੈਂਸਿੰਗ ਅਥਾਰਟੀ ਨਵਜੋਤ ਕੌਰ ਨੇ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਦੌਰਾਨ, ਡਰੱਗ ਕੰਟਰੋਲ ਅਧਿਕਾਰੀਆਂ ਨੇ ਵੱਖ-ਵੱਖ ਰੀਟੇਲ ਅਤੇ ਹੋਲਸੇਲਰ ਦਵਾਈ ਵਿਕਰੇਤਾ ਅਦਾਰਿਆਂ ਦੀ ਜਾਂਚ ਕੀਤੀ। ਇਸ ਜਾਂਚ ਦਾ ਮਕਸਦ ਇਹ ਯਕੀਨੀ ਬਣਾਉਣਾ ਸੀ ਕਿ 'ਡਰੱਗਜ਼ ਐਂਡ ਕਾਸਮੈਟਿਕਸ ਐਕਟ, 1940' ਅਤੇ ਇਸ ਅਧੀਨ ਬਣਾਏ ਗਏ ਨਿਯਮਾਂ ਦੀ ਪਾਲਣਾ ਕੀਤੀ ਜਾ ਰਹੀ ਹੈ, ਖਾਸ ਤੌਰ 'ਤੇ ਦਵਾਈਆਂ ਦੀ ਵਿਕਰੀ, ਸਟੋਰੇਜ ਅਤੇ ਲਾਜ਼ਮੀ ਰਿਕਾਰਡ ਰੱਖਿਆ ਜਾ ਰਿਹਾ ਹੈ ਜਾਂ ਨਹੀਂ। ਉਨ੍ਹਾਂ ਅੱਗੇ ਦੱਸਿਆ ਕਿ 'ਡਰੱਗਜ਼ ਐਂਡ ਕਾਸਮੈਟਿਕਸ ਐਕਟ, 1940' ਅਤੇ ਇਸ ਅਧੀਨ ਬਣੇ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ 16 ਫਰਮਾਂ ਵਿਰੁੱਧ ਕਾਰਵਾਈ ਕੀਤੀ ਗਈ ਹੈ। 13 ਫਰਮਾਂ ਦੇ ਲਾਇਸੈਂਸ ਮੁਅੱਤਲ ਕਰ ਦਿੱਤੇ ਗਏ, ਜਦਕਿ ਤਿੰਨ ਹੋਰ ਫਰਮਾਂ ਦੇ ਲਾਇਸੈਂਸ ਰੱਦ ਕਰ ਦਿੱਤੇ ਗਏ। ਨਾਭਾ ਵਿਖੇ, ਸਹਾਇਕ ਕਮਿਸ਼ਨਰ (ਡਰੱਗਜ਼) ਗੁਰਵਿੰਦਰ ਸਿੰਘ ਨੇ ਕਾਰਵਾਈ ਕਰਦਿਆਂ ਇੱਕ ਥੋਕ ਵਿਕਰੇਤਾ ਦਾ ਲਾਇਸੈਂਸ ਰੱਦ ਕਰ ਦਿੱਤਾ ਹੈ।ਨਵਜੋਤ ਕੌਰ ਨੇ ਕਿਹਾ ਕਿ ਦਵਾਈਆਂ ਦੇ ਸਾਰੇ ਪ੍ਰਚੂਨ ਅਤੇ ਥੋਕ ਲਾਇਸੈਂਸ ਧਾਰਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਕਾਨੂੰਨੀ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ, ਖਰੀਦ ਅਤੇ ਵਿਕਰੀ ਦਾ ਸਹੀ ਰਿਕਾਰਡ ਰੱਖਣ, ਅਤੇ ਇਹ ਯਕੀਨੀ ਬਣਾਉਣ ਕਿ ਜਿਨ੍ਹਾਂ ਦਵਾਈਆਂ ਦੀ ਦੁਰਵਰਤੋਂ ਹੋ ਸਕਦੀ ਹੈ, ਉਹ ਸਿਰਫ਼ ਜਾਇਜ਼ ਡਾਕਟਰੀ ਪਰਚੀ 'ਤੇ ਹੀ ਅਤੇ ਕਾਨੂੰਨੀ ਲੋੜਾਂ ਅਨੁਸਾਰ ਵੇਚੀਆਂ ਜਾਣ।ਉਨ੍ਹਾਂ ਦੁਹਰਾਇਆ ਕਿ ਜੇਕਰ ਕੋਈ ਦਵਾਈ ਵਿਕਰੇਤਾ ਨਸ਼ੇ ਦੀ ਆਦਤ ਪਾਉਣ ਵਾਲੀਆਂ ਦਵਾਈਆਂ ਦੀ ਗ਼ੈਰਕਾਨੂੰਨੀ ਵਿਕਰੀ, ਗਲਤ ਵਰਤੋਂ ਜਾਂ ਦੁਰਵਰਤੋਂ ਵਿੱਚ ਸ਼ਾਮਲ ਪਾਇਆ ਜਾਂਦਾ ਹੈ, ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੁਹਿੰਮ ਦਾ ਉਦੇਸ਼ ਨਾ ਸਿਰਫ਼ ਦਵਾਈਆਂ ਦੀ ਦੁਰਵਰਤੋਂ ਨੂੰ ਰੋਕਣਾ ਹੈ, ਸਗੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣਾ ਅਤੇ ਇਹ ਯਕੀਨੀ ਬਣਾਉਣਾ ਵੀ ਹੈ ਕਿ ਦਵਾਈਆਂ ਕਾਨੂੰਨੀ ਤਰੀਕਿਆਂ ਰਾਹੀਂ ਅਸਲ ਮਰੀਜ਼ਾਂ ਤੱਕ ਪਹੁੰਚਣ।ਡਰੱਗ ਕੰਟਰੋਲ ਵਿਭਾਗ ਨੇ ਨਿਰੰਤਰ ਨਿਰੀਖਣਾਂ, ਸਖ਼ਤ ਨਿਯਮਕ ਲਾਗੂਕਰਨ ਅਤੇ ਜਨਤਕ ਜਾਗਰੂਕਤਾ ਪਹਿਲਕਦਮੀਆਂ ਰਾਹੀਂ ਜਨਤਕ ਸਿਹਤ ਦੀ ਰਾਖੀ ਕਰਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਮੁੜ ਦੁਹਰਾਇਆ ਹੈ।

ਲਾਲ ਲਕੀਰ ਅੰਦਰ ਪੀੜ੍ਹੀਆਂ ਤੋਂ ਰਹਿ ਰਹੇ ਪਰਿਵਾਰਾਂ ਨੂੰ ਮਿਲਿਆ ਆਪਣੇ ਘਰਾਂ ਦੀ ਮਾਲਕੀ ਦਾ ਦਸਤਾਵੇਜ਼ੀ :- ਅਮਨ ਅਰੋੜਾ ਕੈਬਨਿਟ ਮੰਤਰੀ ਪੰਜਾਬ ਸਰਕਾਰ

ਦੇਸੀ ਪੰਜਾਬ



ਭਵਾਨੀਗੜ੍ਹ 10 ਨਵੰਬਰ ਮਨਦੀਪ ਕੌਰ ਮਾਝੀ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਸੁਨਾਮ ਵਿਧਾਨ ਸਭਾ ਹਲਕੇ ਦੇ ਪੰਜ ਪਿੰਡਾਂ ਦੇ 1,338 ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ ਸੌਂਪੇ। ਇਸ ਸਬੰਧੀ ਪਿੰਡ ਭਰੂਰ, ਨਮੋਲ, ਕਿਲ੍ਹਾ ਭਰੀਆਂ, ਲੋਹਾਖੇੜਾ ਅਤੇ ਬੁੱਗਰ ਵਿਖੇ ਵੱਖ-ਵੱਖ ਵੰਡ ਸਮਾਗਮ ਕਰਵਾਏ ਗਏ। ਕੈਬਨਿਟ ਮੰਤਰੀ ਨੇ ਦਸਤਾਵੇਜ਼ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੂੰ ਵਧਾਈ ਦਿੱਤੀ।ਪਿੰਡਵਾਰ ਵੇਰਵੇ ਸਾਂਝੇ ਕਰਦਿਆਂ ਸ਼੍ਰੀ ਅਰੋੜਾ ਨੇ ਦੱਸਿਆ ਕਿ ਭਰੂਰ ਵਿੱਚ 133, ਨਮੋਲ ਵਿੱਚ 585, ਕਿਲ੍ਹਾ ਭਰੀਆਂ ਵਿੱਚ 260, ਲੋਹਾਖੇੜਾ ਵਿੱਚ 213 ਅਤੇ ਬੁੱਗਰ ਵਿੱਚ 147 ਪਰਿਵਾਰਾਂ ਨੂੰ ਮਾਲਕੀ ਦਸਤਾਵੇਜ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਵੰਡ ਸਮਾਗਮ ਕਰਵਾਉਣ ਨਾਲ ਲਾਭਪਾਤਰੀਆਂ ਨੂੰ ਆਪਣੇ ਪਿੰਡ ਵਿੱਚ ਹੀ ਇਹ ਦਸਤਾਵੇਜ਼ ਪ੍ਰਾਪਤ ਕਰਨ ਦੀ ਸਹੂਲਤ ਮਿਲੀ।ਸਮਾਗਮਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡਾਂ ਦੀ ਲਾਲ ਲਕੀਰ ਅੰਦਰ ਕਈ ਪਰਿਵਾਰ ਪੀੜ੍ਹੀਆਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਹਨ। ਇਨ੍ਹਾਂ ਵਿੱਚੋਂ ਕਈ ਪਰਿਵਾਰਾਂ ਕੋਲ ਆਪਣੇ ਘਰ ਦੀ ਮਾਲਕੀ ਦਰਸਾਉਣ ਲਈ ਦਸਤਾਵੇਜ਼ ਉਪਲਬਧ ਨਹੀਂ ਸਨ। ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਦਾ ਉਦੇਸ਼ ਅਜਿਹੇ ਯੋਗ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦਾ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣਾ ਹੈ ਸ਼੍ਰੀ ਅਰੋੜਾ ਨੇ ਕਿਹਾ ਕਿ ਕਿਸੇ ਵੀ ਪਰਿਵਾਰ ਲਈ ਆਪਣੇ ਘਰ ਦੀ ਮਾਲਕੀ ਦਾ ਸਬੂਤ ਹੋਣਾ ਬਹੁਤ ਅਹਿਮ ਹੈ। ਘਰ ਅਤੇ ਉਸ ਦੇ ਮਾਲਕ ਦੇ ਵੇਰਵੇ ਦਸਤਾਵੇਜ਼ ਵਿੱਚ ਦਰਜ ਹੋਣ ਨਾਲ ਪਰਿਵਾਰ ਲੋੜ ਪੈਣ 'ਤੇ ਆਪਣੀ ਮਾਲਕੀ ਦਾ ਸਬੂਤ ਪੇਸ਼ ਕਰ ਸਕਦੇ ਹਨ। ਇਹ ਰਿਕਾਰਡ ਪਰਿਵਾਰ ਦੀਆਂ ਅਗਲੀਆਂ ਪੀੜ੍ਹੀਆਂ ਲਈ ਵੀ ਅਹਿਮ ਹੈ, ਕਿਉਂਕਿ ਉਨ੍ਹਾਂ ਕੋਲ ਆਪਣੇ ਘਰ ਦੀ ਮਾਲਕੀ ਸਬੰਧੀ ਲਿਖਤੀ ਵੇਰਵਾ ਉਪਲਬਧ ਰਹੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਯੋਜਨਾ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚੇ। ਉਨ੍ਹਾਂ ਨੇ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਦਸਤਾਵੇਜ਼ਾਂ ਵਿੱਚ ਦਰਜ ਨਾਂ ਅਤੇ ਜਾਇਦਾਦ ਦੇ ਵੇਰਵਿਆਂ ਨੂੰ ਧਿਆਨ ਨਾਲ ਪੜ੍ਹ ਲੈਣ ਅਤੇ ਮਾਲਕੀ ਦੇ ਇਹ ਦਸਤਾਵੇਜ਼ ਸੰਭਾਲ ਕੇ ਰੱਖਣ। ਉਨ੍ਹਾਂ ਕਿਹਾ ਕਿ ਕਿਸੇ ਵੇਰਵੇ ਸਬੰਧੀ ਸਪੱਸ਼ਟੀਕਰਨ ਦੀ ਲੋੜ ਹੋਵੇ ਤਾਂ ਪਰਿਵਾਰ ਸਬੰਧਤ ਦਫ਼ਤਰ ਨਾਲ ਸੰਪਰਕ ਕਰਨ ਇਨ੍ਹਾਂ ਸਮਾਗਮਾਂ ਦੌਰਾਨ ਵੱਖ-ਵੱਖ ਅਹੁਦੇਦਾਰਾਂ ਅਤੇ ਪਤਵੰਤਿਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਬਿਨਾਂ ਅੱਗੇ ਪਿੱਛੇ ਦੇਖੇ ਸੜਕ ਪਾਰ ਕਰਦੇ ਪ੍ਰਵਾਸੀ ਮਜ਼ਦੂਰਾਂ ਵਿੱਚ ਵੱਜਿਆ ਮੋਟਰਸਾਈਕਲ ਪਤੀ ਪਤਨੀ ਗੰਭੀਰ ਜ਼ਖ਼ਮੀ ਜਾਨੀ ਨੁਕਸਾਨ ਦਾ ਬਚਾਅ

ਦੇਸੀ ਪੰਜਾਬ



ਨਵਾਂਸ਼ਹਿਰ /ਕਾਠਗੜ੍ਹ 10 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ) ਰੋਪੜ੍ਹ ਬਲਾਚੌਰ ਨੈਸ਼ਨਲ ਹਾਈਵੇ ਤੇ ਨੇੜੇ ਪਿੰਡ ਕਮਾਲਪੁਰ ਦੇ ਕੱਟ ਕੋਲ ਮੋਟਰਸਾਈਕਲ ਦਾ ਐਕਸੀਡੈਂਟ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਇਸ ਸਬੰਧੀ ਜਾਣਕਾਰੀ ਜਾਣਕਾਰੀ ਦਿੰਦੇ ਹੋਏ ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਪ੍ਰਵੀਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਹਗੀਰ ਤੋਂ ਸੂਚਨਾ ਪ੍ਰਾਪਤ ਹੋਈ ਕਿ ਕਮਾਲਪੁਰ ਕੱਟ ਦੇ ਕੋਲ ਐਕਸੀਡੈਂਟ ਹੋ ਗਿਆ ਤਾਂ ਉਨਾਂ ਨੇ ਤਰੁੰਤ ਜਾ ਕੇ ਦੇਖਿਆ ਇੱਕ ਪਲਟੀਨਾ ਮੋਟਰਸਾਈਕਲ ਜਿਸ ਦਾ ਨੰਬਰ ਪੀ ਬੀ 38ਈ 6096 ਜਿਸ ਨੂੰ ਗੁਰਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਪੱਟੀ ਚਲਾ ਰਿਹਾ ਸੀ ਇਹ ਮੋਟਰਸਾਈਕਲ ਬਲਾਚੌਰ ਤੋਂ ਰੋਪੜ੍ਹ ਸਾਇਡ ਜਾ ਰਿਹਾ ਇਸ ਮਗਰ ਇਸ ਪਤਨੀ ਦਲਜੀਤ ਕੌਰ ਬੈਠੀ ਸੀ ਜਦੋਂ ਇਹ ਮੋਟਰਸਾਈਕਲ ਕਮਾਲਪੁਰ ਦੇ ਕੱਟ ਨਜ਼ਦੀਕ ਪਹੁੰਚੀਆਂ ਤਾਂ ਇਹ ਮੋਟਰਸਾਈਕਲ ਦੇ ਪ੍ਰਵਾਸੀ ਮਜ਼ਦੂਰ ਜੋ ਸੜਕ ਪਾਰ ਕਰ ਰਹੇ ਸਨ ਤਾਂ ਮੋਟਰਸਾਈਕਲ ਉਹਨਾਂ ਨਾਲ ਟਕਰਾ ਗਿਆ ਜਿਸ ਨਾਲ ਮੋਟਰਸਾਈਕਲ ਤੇ ਸਵਾਰ ਪਤੀ ਪਤਨੀ ਡਿੱਗ ਪਏ ਅਤੇ ਗੰਭੀਰ ਜ਼ਖ਼ਮੀ ਹੋ ਗਏ

ਜਿਹਨਾਂ ਨੂੰ ਨੈਸ਼ਨਲ ਹਾਈਵੇ ਅਥਾਰਟੀ ਦੀ ਐਂਬੂਲੈਂਸ ਦੀ ਮਦਦ ਨਾਲ ਸਿਵਿਲ ਹਸਪਤਾਲ ਰੋਪੜ੍ਹ ਵਿਖੇ ਇਲਾਜ਼ ਲਈ ਭਰਤੀ ਕਰਵਾਇਆ। ਹਾਦਸੇ ਵਿੱਚ ਜਾਨੀ ਨੁਕਸਾਨ ਦਾ ਬਚਾਅ ਹੋ ਗਿਆ।

ਸੀਨੀਅਰ ਕਾਂਗਰਸੀ ਆਗੂ ਮੁਕੰਦ ਸਿੰਘ ਪੁੰਨੀਆਂ ਦੀ ਅੰਤਮ ਅਰਦਾਸ 'ਚ ਪਹੁੰਚੇ ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ, ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

ਦੇਸੀ ਪੰਜਾਬ



ਮਹਿਲ ਕਲਾਂ (ਬਲਜਿੰਦਰ ਸਿੰਘ ਢਿੱਲੋਂ ਰਾਜਵਿੰਦਰ ਸਿੰਘ ਕਲਾਲ ਮਾਜਰਾ):ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਅਧੀਨ ਪੈਂਦੇ ਪਿੰਡ ਟੱਲੇਵਾਲ ਦੇ ਸੀਨੀਅਰ ਅਤੇ ਸਤਿਕਾਰਯੋਗ ਕਾਂਗਰਸੀ ਆਗੂ ਮੁਕੰਦ ਸਿੰਘ ਪੁੰਨੀਆਂ ਦੇ ਅਕਾਲ ਚਲਾਣੇ ਤੋਂ ਬਾਅਦ ਅੱਜ ਉਨ੍ਹਾਂ ਦੀ ਅੰਤਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਮੌਕੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਦੁੱਖ ਦੀ ਘੜੀ ਵਿੱਚ ਕਾਂਗਰਸ ਪਾਰਟੀ ਐਸ.ਸੀ. ਡਿਪਾਰਟਮੈਂਟ ਜ਼ਿਲ੍ਹਾ ਬਰਨਾਲਾ ਦੇ ਚੇਅਰਮੈਨ ਗੁਰਮੇਲ ਸਿੰਘ ਮੌੜ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਪਰਿਵਾਰ ਨਾਲ ਡੂੰਘੀ ਹਮਦਰਦੀ ਅਤੇ ਦੁੱਖ ਦਾ ਪ੍ਰਗਟਾਵਾ ਕੀਤਾ।ਅੰਤਮ ਅਰਦਾਸ ਸਮਾਗਮ ਦੌਰਾਨ ਹਾਜ਼ਰੀ ਲਗਵਾਉਂਦਿਆਂ ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ ਨੇ ਸਵਰਗੀ ਮੁਕੰਦ ਸਿੰਘ ਪੁੰਨੀਆਂ ਨੂੰ ਸਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਗੁਰਮੇਲ ਸਿੰਘ ਮੌੜ ਨੇ ਸੋਗਗ੍ਰਸਤ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਮੁਕੰਦ ਸਿੰਘ ਪੁੰਨੀਆਂ ਇੱਕ ਸੂਝਵਾਨ, ਮਿਹਨਤੀ ਅਤੇ ਪਾਰਟੀ ਦੇ ਵਫ਼ਾਦਾਰ ਆਗੂ ਸਨ, ਜਿਨ੍ਹਾਂ ਨੇ ਹਮੇਸ਼ਾ ਇਲਾਕੇ ਦੀ ਸੇਵਾ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਇੱਕ ਕੀਤਾ।ਚੇਅਰਮੈਨ ਗੁਰਮੇਲ ਸਿੰਘ ਮੌੜ ਨੇ ਗੱਲਬਾਤ ਕਰਦਿਆਂ ਕਿਹਾ ਕਿ ਮੁਕੰਦ ਸਿੰਘ ਪੁੰਨੀਆਂ ਵਰਗੇ ਸਦਭਾਵਨਾ ਵਾਲੇ ਆਗੂ ਦਾ ਅਚਾਨਕ ਸਾਡੇ ਵਿਚਕਾਰੋਂ ਚਲੇ ਜਾਣਾ ਸਾਰਿਆਂ ਲਈ ਇੱਕ ਅਸਹਿ ਅਤੇ ਪੂਰਾ ਨਾ ਹੋਣ ਵਾਲਾ ਘਾਟਾ ਹੈ। ਗੁਰਮੇਲ ਸਿੰਘ ਮੌੜ ਨੇ ਜ਼ੋਰ ਦੇ ਕੇ ਕਿਹਾ ਕਿ ਉਹਨਾਂ ਦੇ ਅਕਾਲ ਚਲਾਣੇ ਨਾਲ ਨਾ ਸਿਰਫ਼ ਪੁੰਨੀਆਂ ਪਰਿਵਾਰ ਨੂੰ, ਬਲਕਿ ਹਲਕਾ ਮਹਿਲ ਕਲਾਂ ਅਤੇ ਪੂਰੀ ਕਾਂਗਰਸ ਪਾਰਟੀ ਨੂੰ ਬਹੁਤ ਵੱਡਾ ਅਪੂਰਨਯੋਗ ਘਾਟਾ ਪਿਆ ਹੈ, ਜਿਸ ਦੀ ਭਰਪਾਈ ਕਦੇ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਪਾਰਟੀ ਲਈ ਦਿੱਤੀਆਂ ਗਈਆਂ ਉਨ੍ਹਾਂ ਦੀਆਂ ਬੇਮਿਸਾਲ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਇਸ ਸਮਾਗਮ ਦੌਰਾਨ ਗੁਰਮੇਲ ਸਿੰਘ ਮੌੜ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪੁੰਨੀਆਂ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਪ੍ਰਦਾਨ ਕਰੇ। ਇਸ ਮੌਕੇ ਜ਼ਿਲ੍ਹਾ ਚੇਅਰਮੈਨ ਗੁਰਮੇਲ ਸਿੰਘ ਮੌੜ ਦੇ ਨਾਲ ਹਲਕਾ ਮਹਿਲ ਕਲਾਂ ਦੀਆਂ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ, ਪਾਰਟੀ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ, ਜਿਨ੍ਹਾਂ ਨੇ ਅੰਤਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਆਤਮਾ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।

ਬਲਾਚੌਰ ਵਿਖੇ ਸ੍ਰੀ ਬਾਬਾ ਬਲਰਾਜ ਜੀ ਦਾ ਇਤਿਹਾਸਕ ਛਿੰਝ ਮੇਲਾ ਧੂਮਧਾਮ ਨਾਲ ਸੰਪੰਨ; ਦਿਨੇਸ਼ ਗੁਲੀਆ ਨੇ ਜਿੱਤੀ ਟਰੈਕਟਰ ਦੀ ਝੰਡੀ

ਦੇਸੀ ਪੰਜਾਬ



ਬਲਾਚੌਰ 10 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ) ਇਲਾਕੇ ਦੀ ਧਾਰਮਿਕ, ਇਤਿਹਾਸਕ ਅਤੇ ਸੱਭਿਆਚਾਰਕ ਅਮੀਰ ਵਿਰਾਸਤ ਦਾ ਪ੍ਰਤੀਕ ਸ੍ਰੀ ਬਾਬਾ ਬਲਰਾਜ ਜੀ ਦਾ ਸਾਲਾਨਾ ਪ੍ਰਸਿੱਧ ਛਿੰਝ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੀਵਾਲੀ ਤੋਂ ਅਗਲੇ ਦਿਨ ਬਲਾਚੌਰ ਸ਼ਹਿਰ ਵਿਖੇ ਬੜੀ ਧੂਮਧਾਮ, ਧਾਰਮਿਕ ਸ਼ਰਧਾ ਅਤੇ ਅਪਾਰ ਉਤਸ਼ਾਹ ਨਾਲ ਮਨਾਇਆ ਗਿਆ। ਇਲਾਕੇ ਦੇ ਬਜ਼ੁਰਗਾਂ ਅਨੁਸਾਰ ਬਲਾਚੌਰ ਸ਼ਹਿਰ ਦਾ ਨਾਮਕਰਨ ਵੀ ਸ੍ਰੀ ਬਾਬਾ ਬਲਰਾਜ ਜੀ ਦੇ ਪਵਿੱਤਰ ਨਾਮ ਨਾਲ ਜੁੜਿਆ ਹੋਇਆ ਹੈ ਅਤੇ ਉਨ੍ਹਾਂ ਦੀ ਅਮਰ ਯਾਦ ਨੂੰ ਤਾਜ਼ਾ ਰੱਖਣ ਲਈ ਇਹ ਮੇਲਾ ਲੰਮੇ ਸਮੇਂ ਤੋਂ ਨਿਰੰਤਰ ਆਯੋਜਿਤ ਕੀਤਾ ਜਾਂਦਾ ਰਿਹਾ ਹੈ।ਇਸ ਪਵਿੱਤਰ ਦਿਹਾੜੇ 'ਤੇ ਸਥਾਨਕ ਇਲਾਕਾਨਵਾਸੀਆਂ ਤੋਂ ਇਲਾਵਾ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ 'ਚ ਪਹੁੰਚੀਆਂ ਸੰਗਤਾਂ ਨੇ ਵੱਖ-ਵੱਖ ਧਾਰਮਿਕ ਅਸਥਾਨਾਂ 'ਤੇ ਹਾਜ਼ਰੀ ਲਵਾਈ। ਸ਼ਰਧਾਲੂਆਂ ਨੇ ਦਰਬਾਰ ਅਤੇ ਮੰਦਰ ਵਿਖੇ ਨਤਮਸਤਕ ਹੋ ਕੇ ਪੂਰੀ ਸ਼ਰਧਾ ਨਾਲ ਮੱਥਾ ਟੇਕਿਆ ਅਤੇ ਇਲਾਕੇ ਦੀ ਸੁਖ-ਸ਼ਾਂਤੀ, ਸਮਰਿੱਧੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾ।ਮੇਲੇ ਦੇ ਸਨਮਾਨ ਅਤੇ ਸਵਾਗਤ ਵਿੱਚ ਸ਼ਹਿਰ ਦੇ ਦੁਕਾਨਦਾਰਾਂ ਵੱਲੋਂ ਬਾਜ਼ਾਰਾਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਲਾਈਟਾਂ ਅਤੇ ਝੰਡੀਆਂ ਨਾਲ ਸਜਾਇਆ ਗਿਆ ਸੀ, ਜਿਸ ਨਾਲ ਪੂਰਾ ਬਲਾਚੌਰ ਸ਼ਹਿਰ ਮੇਲੇ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।

ਵਿਸ਼ਾਲ ਕੁਸ਼ਤੀ ਦੰਗਲ ਅਤੇ ਫਸਵੇਂ ਮੁਕਾਬਲਿਆਂ ਦੇ ਨਤੀਜੇ

ਮੇਲੇ ਦਾ ਮੁੱਖ ਆਕਰਸ਼ਣ ਸ੍ਰੀ ਬਾਬਾ ਬਲਰਾਜ ਜੀ ਦੀ ਪਵਿੱਤਰ ਯਾਦ 'ਚ ਕਰਵਾਇਆ ਗਿਆ ਵਿਸ਼ਾਲ ਕੁਸ਼ਤੀ ਦੰਗਲ ਸੀ। ਇਸ ਦੰਗਲ ਵਿੱਚ ਇਲਾਕੇ ਦੇ ਨਾਲ-ਨਾਲ ਦੂਰ-ਦੁਰਾਡੇ ਦੇ ਖੇਤਰਾਂ ਤੋਂ ਪਹੁੰਚੇ ਨਾਮਵਰ ਪਹਿਲਵਾਨਾਂ ਨੇ ਆਪਣੀ ਸ਼ਰੀਰਕ ਤਾਕਤ, ਫੁਰਤੀ ਅਤੇ ਕੁਸ਼ਤੀ ਦੇ ਸ਼ਾਨਦਾਰ ਦਾਅ-ਪੇਚ ਦਿਖਾ ਕੇ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਅਖਾੜੇ ਵਿੱਚ ਮੌਜੂਦ ਹਜ਼ਾਰਾਂ ਖੇਡ ਪ੍ਰੇਮੀਆਂ ਨੇ ਤਾੜੀਆਂ ਅਤੇ ਜੈਕਾਰਿਆਂ ਨਾਲ ਪਹਿਲਵਾਨਾਂ ਦਾ ਹੌਸਲਾ : ਸਭ ਤੋਂ ਵੱਡੀ ਝੰਡੀ ਦਾ ਮੁਕਾਬਲਾ ਦਿਨੇਸ਼ ਗੁਲੀਆ ਅਤੇ ਸ਼ਾਨਵੀਰ ਕੋਹਾਲੀ ਦਰਮਿਆਨ ਹੋਇਆ। ਦੋਵਾਂ ਪਹਿਲਵਾਨਾਂ ਵਿਚਕਾਰ ਹੋਏ ਫਸਵੇਂ ਮੁਕਾਬਲੇ 'ਚ ਦਿਨੇਸ਼ ਗੁਲੀਆ ਨੇ ਸ਼ਾਨਦਾਰ ਜਿੱਤ ਦਰਜ ਕਰਕੇ ਮਹਿੰਦਰਾ ਟਰੈਕਟਰ ਆਪਣੇ ਨਾਮ ਕੀਤਾ। ਦੂਜੀ ਝੰਡੀ ਦੀ ਕੁਸ਼ਤੀ ਸ਼ੇਰਾ ਗੁੱਜਰ ਅਤੇ ਸ਼ਾਨੀ ਮਹਾਲੀ ਵਿਚਕਾਰ ਹੋਈ, ਜਿਸ ਵਿੱਚ ਸ਼ੇਰਾ ਗੁੱਜਰ ਨੇ ਜਿੱਤ ਹਾਸਲ ਕਰਕੇ ਜੀਪ ਇਨਾਮ ਵਜੋਂ ਪ੍ਰਾਪਤ ਕੀਤੀ ਤੀਜੀ ਝੰਡੀ ਦੀ 1 ਲੱਖ ਰੁਪਏ ਇਨਾਮੀ ਰਾਸ਼ੀ ਵਾਲੀ ਕੁਸ਼ਤੀ ਛੋਟਾ ਸਤਨਾਮ ਅਤੇ ਨਰਿੰਦਰ ਖੰਨਾ ਦਰਮਿਆਨ ਖੇਡੀ ਗਈ, ਜਿਸ ਵਿੱਚ ਛੋਟਾ ਸਤਨਾਮ ਨੇ ਬਹਿਤਰੀਨ ਪ੍ਰਦਰਸ਼ਨ ਕਰਦਿਆਂ ਜਿੱਤ ਹਾਸਲ ਕੀਤੀ।

ਮੇਲੇ ਦੌਰਾਨ ਸ਼ਰਧਾਲੂਆਂ ਅਤੇ ਖੇਡ ਪ੍ਰੇਮੀਆਂ ਦੀ ਭਾਰੀ ਆਮਦ ਨੂੰ ਮੁੱਖ ਰੱਖਦਿਆਂ ਸਥਾਨਕ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਵੀ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਸ਼ਹਿਰ ਵਿੱਚ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਮੁੱਖ ਰਸਤਿਆਂ 'ਤੇ ਵਾਹਨਾਂ ਦੀ ਨੋ-ਐਂਟਰੀ ਲਾਗੂ ਕੀਤੀ ਗਈ, ਤਾਂ ਜੋ ਸੰਗਤਾਂ ਨੂੰ ਆਉਣ-ਜਾਣ ਵਿੱਚ ਕਿਸੇ ਕਿਸਮ ਦੀ ਦਕਤ ਨਾ ਆਵੇ।ਇਹ ਪੂਰਾ ਸਮਾਗਮ ਨਗਰ ਕੌਂਸਲ ਦੇ ਪ੍ਰਧਾਨ ਲਾਡੀ ਰਾਣਾ ਅਤੇ ਸ੍ਰੀ ਬਾਬਾ ਬਲਰਾਜ ਜੀ ਮੇਲਾ ਕਮੇਟੀ ਦੇ ਸਮੂਹ ਮੈਂਬਰਾਂ ਦੀ ਦੇਖ-ਰੇਖ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ। ਇਸ ਮੌਕੇ ਵੱਖ-ਵੱਖ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਪਾਰਟੀਆਂ ਦੇ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਵਾਈ:

ਮੁੱਖ ਮਹਿਮਾਨ:ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ (ਆਮ ਆਦਮੀ ਪਾਰਟੀ),ਭਾਜਪਾ ਦੇ ਸੀਨੀਅਰ ਆਗੂ ਸੰਦੀਪ ਭਾਟੀਆ ਸੋਨੂੰ ਆਦੋਆਣਾ, ਆਮ ਆਦਮੀ ਪਾਰਟੀ ਦੇ ਜਿਲ੍ਹਾਂ ਪ੍ਰਧਾਨ ਅਤੇ ਜਿਲ੍ਹਾਂ ਯੋਜਨਾ ਬੋਰਡ ਦੇ ਚੇਅਰਮੈਨ ਐਡਵੋਕੇਟ ਸੰਜੀਵ ਚੌਧਰੀ ਚੇਚੀ, ਸਤਨਾਮ ਜਲਾਲਪੁਰ (ਸਟੇਟ ਜੁਆਇੰਟ ਸੈਕਟਰੀ, 'ਆਪ'),ਅਜੇ ਮੰਗੂਪੁਰ (ਜ਼ਿਲ੍ਹਾ ਪ੍ਰਧਾਨ, ਕਾਂਗਰਸ ਪਾਰਟੀ) ਵਿਜੇ ਭਾਟੀਆ (ਆਗੂ, ਭਾਰਤੀ ਜਨਤਾ ਪਾਰਟੀ), ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਗੁਰਪ੍ਰੀਤ ਗੁੱਜਰ ਰੈਲਮਾਜਰਾ ,ਜਸਵਿੰਦਰ ਵਿੱਕੀ ਕਾਠਗੜ੍ਹ (ਕਾਂਗਰਸੀ ਆਗੂ),ਵਿਰਸੇ ਅਤੇ ਭਾਈਚਾਰਕ ਸਾਂਝ ਦਾ ਪ੍ਰਤੀਕਸ੍ਰੀ ਬਾਬਾ ਬਲਰਾਜ ਜੀ ਦਾ ਇਹ ਛਿੰਝ ਮੇਲਾ ਸਿਰਫ਼ ਕੁਸ਼ਤੀ ਮੁਕਾਬਲਿਆਂ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇਹ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਸੇ, ਧਾਰਮਿਕ ਸ਼ਰਧਾ, ਆਪਸੀ ਭਾਈਚਾਰਕ ਸਾਂਝ ਅਤੇ ਪਰੰਪਰਾਗਤ ਖੇਡਾਂ ਨੂੰ ਸੰਭਾਲਣ ਦਾ ਇੱਕ ਵੱਡਾ ਉਪਰਾਲਾ ਹੈ।

ਇਹ ਮੇਲਾ ਹਰ ਸਾਲ ਬਲਾਚੌਰ ਦੀ ਵਿਲੱਖਣ ਪਛਾਣ ਨੂੰ ਹੋਰ ਮਜ਼ਬੂਤ ਕਰਦਾ ਹੈ ਅਤੇ ਆਉਣ ਵਾਲੀ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ, ਖੇਡਾਂ ਅਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।

ਕਮਲ ਚੌਹਾਨ ਟੇਡੇਵਾਲ ਦੀ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਅਹਿਮ ਮੁਲਾਕਾਤ

ਪੰਜਾਬ ਦੇ ਅਹਿਮ ਮੁੱਦਿਆਂ, ਕਾਂਗਰਸ ਦੀ ਮਜ਼ਬੂਤੀ ਤੇ ਆਉਣ ਵਾਲੀਆਂ ਚੋਣਾਂ ਦੀ ਰਣਨੀਤੀ 'ਤੇ ਹੋਈ ਵਿਸਤ੍ਰਿਤ ਚਰਚਾ

ਦੇਸੀ ਪੰਜਾਬ



ਨੂਰਪੁਰਬੇਦੀ, 10 ਨਵੰਬਰ (ਅਜੈ ਪੁਰੀ) ਅਖਿਲ ਭਾਰਤੀ ਗੁੱਜਰ ਮਹਾਸਭਾ ਪੰਜਾਬ ਦੇ ਪ੍ਰਧਾਨ, ਓਬੀਸੀ ਜ਼ਿਲ੍ਹਾ ਰੂਪਨਗਰ ਦੇ ਚੇਅਰਮੈਨ ਅਤੇ ਕਾਂਗਰਸ ਆਗੂ ਕਮਲ ਚੌਹਾਨ ਟੇਡੇਵਾਲ ਨੇ ਸਾਬਕਾ ਮੁੱਖ ਮੰਤਰੀ ਪੰਜਾਬ ਅਤੇ ਸੰਸਦ ਮੈਂਬਰ ਸ. ਚਰਨਜੀਤ ਸਿੰਘ ਚੰਨੀ ਨਾਲ ਅਹਿਮ ਮੁਲਾਕਾਤ ਕੀਤੀ। ਇਹ ਮੁਲਾਕਾਤ ਸ਼ਿਸ਼ਟਾਚਾਰਕ ਹੋਣ ਦੇ ਨਾਲ-ਨਾਲ ਸਿਆਸੀ ਪੱਖ ਤੋਂ ਵੀ ਕਾਫੀ ਅਹਿਮ ਮੰਨੀ ਜਾ ਰਹੀ ਹੈ। ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚਾਲੇ ਪੰਜਾਬ ਦੇ ਅਹਿਮ ਮੁੱਦਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਹੋਇਆ। ਇਸ ਦੌਰਾਨ ਕਿਸਾਨਾਂ ਦੀਆਂ ਸਮੱਸਿਆਵਾਂ, ਨੌਜਵਾਨਾਂ ਦੀ ਬੇਰੁਜ਼ਗਾਰੀ, ਨਸ਼ਿਆਂ ਦੀ ਵੱਧ ਰਹੀ ਸਮੱਸਿਆ, ਪਿੰਡਾਂ ਦੇ ਵਿਕਾਸ, ਸੜਕਾਂ-ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਅਤੇ ਆਮ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਬਾਰੇ ਵਿਸਤਾਰ ਨਾਲ ਚਰਚਾ ਕੀਤੀ ਗਈ।

ਕਮਲ ਚੌਹਾਨ ਟੇਡੇਵਾਲ ਨੇ ਸ. ਚੰਨੀ ਨੂੰ ਹਲਕੇ ਅਤੇ ਜ਼ਿਲ੍ਹੇ ਦੇ ਹਾਲਾਤਾਂ ਬਾਰੇ ਵੀ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਲੋਕ ਅੱਜ ਵੀ ਕਾਂਗਰਸ ਪਾਰਟੀ ਵੱਲ ਆਸ ਭਰੀਆਂ ਨਜ਼ਰਾਂ ਨਾਲ ਦੇਖ ਰਹੇ ਹਨ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਇਸ ਮੌਕੇ ਕਾਂਗਰਸ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ, ਵਰਕਰਾਂ ਨੂੰ ਨਾਲ ਲੈ ਕੇ ਚੱਲਣ ਅਤੇ ਆਉਣ ਵਾਲੀਆਂ ਚੋਣਾਂ ਲਈ ਜ਼ਮੀਨੀ ਤਿਆਰੀਆਂ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ। ਸ. ਚੰਨੀ ਨੇ ਕਿਹਾ ਕਿ ਕਾਂਗਰਸ ਹਮੇਸ਼ਾ ਹੀ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਲੜਦੀ ਰਹੀ ਹੈ ਅਤੇ ਅੱਗੇ ਵੀ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰਦੀ ਰਹੇਗੀ। ਕਮਲ ਚੌਹਾਨ ਟੇਡੇਵਾਲ ਨੇ ਕਿਹਾ ਕਿ ਸ. ਚਰਨਜੀਤ ਸਿੰਘ ਚੰਨੀ ਹਮੇਸ਼ਾ ਹੀ ਆਮ ਲੋਕਾਂ, ਗਰੀਬਾਂ ਅਤੇ ਪੱਛੜੇ ਵਰਗ ਦੀ ਆਵਾਜ਼ ਬਣ ਕੇ ਉੱਭਰੇ ਹਨ।

ਉਨ੍ਹਾਂ ਦੇ ਮੁੱਖ ਮੰਤਰੀ ਕਾਰਜਕਾਲ ਦੌਰਾਨ ਲੋਕ ਪੱਖੀ ਫੈਸਲੇ ਅੱਜ ਵੀ ਲੋਕਾਂ ਨੂੰ ਯਾਦ ਹਨ। ਉਨ੍ਹਾਂ ਦੇ ਤਜਰਬੇ ਅਤੇ ਮਾਰਗਦਰਸ਼ਨ ਨਾਲ ਪਾਰਟੀ ਨੂੰ ਜ਼ਿਲ੍ਹੇ ਵਿੱਚ ਹੋਰ ਮਜ਼ਬੂਤੀ ਮਿਲੇਗੀ। ਮੁਲਾਕਾਤ ਦਾ ਮਾਹੌਲ ਕਾਫੀ ਸੁਖਾਵਾਂ ਰਿਹਾ। ਇਸ ਮੌਕੇ ਕਮਲ ਚੌਹਾਨ ਟੇਡੇਵਾਲ ਨੇ ਸ. ਚਰਨਜੀਤ ਸਿੰਘ ਚੰਨੀ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਬਾਬਾ ਵਿਸ਼ਵਕਰਮਾ ਮਹਾਰਾਜ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ।



ਗਿੱਦੜਬਾਹਾ 10 ਅਕਤੂਬਰ (ਹਰਜਿੰਦਰ /ਨਰਿੰਦਰ ਵਧਵਾ) ਬੀਤੇ ਦਿਨੀਂ ਗਿੱਦੜਬਾਹਾ ਦੇ ਹੁਸਨਰ ਰੋੜ ਨਜ਼ਦੀਕ ਦੀਪ ਕਰਿਆਨਾ ਸਟੋਰ ਵਿੱਖੇ ਦੁਕਾਨਦਾਰਾਂ ਵੱਲੋਂ ਬਾਬਾ ਵਿਸ਼ਵਕਰਮਾ ਮਹਾਰਾਜ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ।ਇਸ ਮੌਕੇ ਦੁਕਾਨਦਾਰਾਂ ਵੱਲੋਂ ਬਾਬਾ ਵਿਸ਼ਵਕਰਮਾ ਮਹਾਰਾਜ ਜੀ ਨੂੰ ਸਮਰਪਿਤ ਬਰੈਡ ਪਕੌੜਿਆਂ ਦਾ ਅਟੁੱਟ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਬਾਬਾ ਵਿਸ਼ਵਕਰਮਾ ਮਹਾਰਾਜ ਜੀ ਨੂੰ ਸ਼ਰਧਾ ਪੂਰਵਕ ਮੱਥਾ ਟੇਕਿਆ ਅਤੇ ਬਰੈਡ ਪਕੌੜਿਆਂ ਦਾ ਲੰਗਰ ਗ੍ਰਹਿਣ ਕੀਤਾ। ਇਸ ਮੌਕੇ ਹਰੀ ਸਿੰਘ ਗਹਿਲੋਤ, ਦਰਸ਼ਨ ਸਿੰਘ ਜਟਾਣਾਂ ਸੈਂਟਰੀ ਸਟੋਰ, ਗੁਰਦਾਸ ਸਿੰਘ ਟੇਲਰ ਮਾਸਟਰ , ਪੇਲਾ ਸਿੰਘ ਟੇਲਰ ਮਾਸਟਰ, ਪ੍ਰਦੀਪ ਕੁਮਾਰ, ਪ੍ਰਿੰਸ ਡੇਅਰੀ ਵਾਲੇ, ਲਾਡੀ ਹੈਅਰ ਡਰੈਸਰ , ਦੇਵੀ ਲਾਲ ਬਿਜਲੀ ਵਾਲੇ ਆਦਿ ਨੇ ਇਸ ਪ੍ਰੋਗਰਾਮ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਈ।

ਗੁਰਦੁਆਰਾ ਟਿੱਬਾ ਸਾਹਿਬ ਵੱਲਾ ਵਿਖੇ ਬੰਦੀ ਛੋੜ ਦਿਵਸ ਮੌਕੇ ਨਿਹੰਗ ਸਿੰਘਾਂ ਨੇ ਖੇਡਿਆ ਸ਼ਾਨਦਾਰ ਮਹੱਲਾ:



ਅੰਮ੍ਰਿਤਸਰ, (ਰਣਜੀਤ ਸਿੰਘ ਮਸੌਣ/ ਜੋਗਾ ਸਿੰਘ ਰਾਜਪੂਤ)- ਸਿੱਖ ਧਰਮ ਦੇ ਛੇਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪਵਿੱਤਰ ਬੰਦੀ ਛੋੜ ਦਿਵਸ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਬਹੁਤ ਹੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸੇ ਲੜੀ ਤਹਿਤ ਗੁਰਦੁਆਰਾ ਟਿੱਬਾ ਸਾਹਿਬ ਪਾਤਸ਼ਾਹੀ ਨੌਵੀਂ (ਅੰਮ੍ਰਿਤਸਰ, ਮਹਿਤਾ ਰੋਡ, ਵੱਲਾ) ਵਿਖੇ ਸ਼ਹੀਦ ਬਾਬਾ ਜੀਵਨ ਸਿੰਘ ਤਰਨਾ ਦਲ ਦੇ ਮੁੱਖੀ ਦੀ ਅਗਵਾਈ ਹੇਠ ਇਹ ਦਿਹਾੜਾ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਬੰਧੀ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ (ਖਾਲਸਾ) ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਜੱਥੇਦਾਰ ਬਾਬਾ ਹਰਜਿੰਦਰ ਸਿੰਘ ਮੁਕਤਸਰ (ਮੁੱਖੀ ਮਿਸਲ ਸ਼ਹੀਦ ਬਾਬਾ ਬੋਤਾ ਸਿੰਘ ਬਾਬਾ ਗਰਜਾ ਸਿੰਘ ਤਰਨਾ ਦਲ) ਨਾਲ ਸਮਾਗਮ ਸਬੰਧੀ ਗੱਲਬਾਤ ਕਰਨ ਤੋਂ ਬਾਅਦ ਇੱਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦਿੱਤੀ। ਭਾਈ ਖਾਲਸਾ ਨੇ ਦੱਸਿਆ ਕਿ ਹਰ ਸਾਲ ਬੰਦੀ ਛੋੜ ਦਿਵਸ ਗੁਰਦੁਆਰਾ ਟਿੱਬਾ ਸਾਹਿਬ ਵਿਖੇ ਮਨਾਉਣ ਦੀ ਪੁਰਾਤਨ ਮਰਯਾਦਾ ਤਹਿਤ ਸ੍ਰੀ ਅਖੰਡ ਪਾਠ ਸਾਹਿਬ 7 ਨਵੰਬਰ ਦਿਨ ਸ਼ਨੀਵਾਰ ਨੂੰ ਆਰੰਭ ਕੀਤੇ ਗਏ ਸਨ। ਜਿਨ੍ਹਾਂ ਦੇ ਸੰਪੂਰਨ ਭੋਗ, ਅਰਦਾਸ ਅਤੇ ਪਾਵਨ ਹੁਕਮਨਾਮੇ ਤੋਂ ਬਾਅਦ ਵਿਸ਼ਾਲ ਧਾਰਮਿਕ ਦੀਵਾਨ ਸਜਾਏ ਗਏ। ਦੀਵਾਨ ਵਿੱਚ ਪੰਥ ਦੇ ਨਾਮਵਰ ਰਾਗੀ, ਢਾਡੀ, ਕਵੀਸ਼ਰ ਅਤੇ ਪ੍ਰਚਾਰਕਾਂ ਨੇ ਹਾਜ਼ਰੀ ਲਵਾਈ ਅਤੇ ਬੰਦੀ ਛੋੜ ਦਿਵਸ ਦੇ ਇਤਿਹਾਸ 'ਤੇ ਵਿਸਥਾਰ ਨਾਲ ਚਾਨਣਾ ਪਾਇਆ।ਦੀਵਾਨ ਦੀ ਸਮਾਪਤੀ ਤੋਂ ਬਾਅਦ ਸ਼ਹੀਦ ਬਾਬਾ ਜੀਵਨ ਸਿੰਘ ਮਾਝਾ ਤਰਨਾ ਦਲ ਦੇ ਮੁੱਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਦੀ ਅਗਵਾਈ ਹੇਠ ਨਿਹੰਗ ਸਿੰਘਾਂ ਨੇ ਆਪਣੇ ਘੋੜਿਆਂ 'ਤੇ ਸਵਾਰ ਹੋ ਕੇ, ਨੇਜ਼ੇ, ਬਰਛੇ, ਖੰਡੇ, ਕਿਰਪਾਨਾਂ ਅਤੇ ਹੋਰ ਜੰਗੀ ਹਥਿਆਰਾਂ ਨਾਲ ਲੈਸ ਹੋ ਕੇ ਸਥਾਨਕ ਗਰਾਊਂਡ ਵਿੱਚ ਸ਼ਾਨਦਾਰ ਮਹੱਲਾ ਖੇਡਿਆ। ਨਿਹੰਗ ਸਿੰਘਾਂ ਨੇ ਘੋੜਸਵਾਰੀ, ਕਿੱਲੀ-ਕਿੱਲਾ ਪੁੱਟਣਾ, ਨੇਜ਼ੇਬਾਜ਼ੀ, ਪੈਂਤੜੇ ਕੱਢਣੇ ਅਤੇ ਨੰਗੀਆਂ ਤਲਵਾਰਾਂ ਨਾਲ ਗਤਕੇ ਦੇ ਜੌਹਰ ਦਿਖਾ ਕੇ ਆਈਆਂ ਸੰਗਤਾਂ ਨੂੰ ਸਿੱਖੀ ਦੇ ਪੁਰਾਤਨ ਵਿਰਸੇ ਤੇ ਬੀਰ ਰਸੀ ਇਤਿਹਾਸ ਨਾਲ ਜੋੜਿਆ। ਧਾਰਮਿਕ ਬੁਲਾਰਿਆਂ ਅਤੇ ਮਹੱਲਾ ਖੇਡਣ ਵਾਲੇ ਸਿੰਘਾਂ ਨੂੰ ਸਿੰਘ ਸਾਹਿਬ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦੇਗਾਂ, ਸਰਦਾਈਆਂ ਅਤੇ ਗੁਰੂ ਕੇ ਅਤੁੱਟ ਲੰਗਰ ਬੇਅੰਤ ਵਰਤਾਏ ਗਏ।ਇਸ ਮੌਕੇ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਨਾਲ ਜਥੇਦਾਰ ਸਤਨਾਮ ਸਿੰਘ ਖਾਪੜਖੇੜੀ (ਪ੍ਰਧਾਨ), ਬਾਬਾ ਹਰਜਿੰਦਰ ਸਿੰਘ ਮੁਕਤਸਰ, ਜਥੇਦਾਰ ਬਾਬਾ ਹੀਰਾਂ ਸਿੰਘ ਕੋਟ ਖਾਲਸਾ, ਮੀਤ ਜਥੇਦਾਰ ਬਾਬਾ ਨਰਿੰਦਰ ਸਿੰਘ ਵੱਲਾ, ਬਾਬਾ ਗੁਰਦਿੱਤ ਸਿੰਘ ਰੀਟਾਉਲ, ਜਥੇਦਾਰ ਮੱਖਣ ਸਿੰਘ ਰੰਗੜ ਨੰਗਲ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਹੁਤ ਸਾਰੇ ਅਧਿਕਾਰੀ ਅਤੇ ਸੈਂਕੜੇ ਨਿਹੰਗ ਸਿੰਘ ਫੌਜਾਂ ਹਾਜ਼ਰ ਸਨ।

ਭਾਈ ਅੰਮ੍ਰਿਤਪਾਲ ਸਿੰਘ ਨੂੰ ਦਾਦੀ ਚਰਨ ਕੌਰ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਿਲ ਹੋਣ ਲਈ ਦਿੱਤੀ ਜਾਵੇ ਪੈਰੋਲ : ਜੋਧਬੀਰ ਸਿੰਘ

ਪਰਿਵਾਰ ਦੇ ਦੁੱਖ ਦੀ ਇਸ ਘੜੀ ਵਿੱਚ ਵੀ ਜੇਕਰ ਸਰਕਾਰ ਮਨੁੱਖੀ ਸੰਵੇਦਨਾਵਾਂ ਤੋਂ ਮੂੰਹ ਮੋੜਦੀ ਹੈ ਤਾਂ ਇਹ ਬੇਹੱਦ ਮੰਦਭਾਗੀ ਗੱਲ ਹੋਵੇਗੀ



ਅੰਮ੍ਰਿਤਸਰ 10 ਨਵੰਬਰ ( ) ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅਤੇ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਆਗੂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਦਾਦੀ ਮਾਤਾ ਚਰਨ ਕੌਰ ਜੀ ਦੇ ਬੀਤੇ ਦਿਨ ਹੋਏ ਅਕਾਲ ਚਲਾਣੇ ਤੋਂ ਬਾਅਦ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦਿੱਤੀ ਜਾਵੇ ਇਨ੍ਹਾਂ ਸਬਦਾ ਦਾ ਪ੍ਰਗਟਾਵਾ ਅਕਾਲੀ ਦਲ (ਵਾਰਿਸ ਪੰਜਾਬ ਦੇ) ਆਗੂ ਅਤੇ ਪਿੰਡ ਜੱਲੂਪੁਰ ਖੈੜਾ ਤੇ ਮੈਂਬਰ ਪੰਚਾਇਤ ਸ੍ਰ ਜੋਧਬੀਰ ਸਿੰਘ ਨੇ ਪ੍ਰੈੱਸ ਨੋਟ ਰਾਹੀ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਉਨ੍ਹਾਂ ਦੀ ਦਾਦੀ ਮਾਤਾ ਚਰਨ ਕੌਰ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦੇਣ ਲਈ ਕਾਨੂੰਨੀ ਪੱਖ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਕਾਨੂੰਨੀ ਮਾਮਲਾ ਨਹੀਂ, ਸਗੋਂ ਇੱਕ ਪਰਿਵਾਰ ਲਈ ਬੇਹੱਦ ਦੁਖਦਾਈ ਅਤੇ ਭਾਵੁਕ ਪਲ ਹੈ। ਮਾਤਾ ਚਰਨ ਕੌਰ ਜੀ ਦੀ ਆਖ਼ਰੀ ਇੱਛਾ ਆਪਣੇ ਪੋਤਰੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੇ ਸਾਹਮਣੇ ਦੇਖਣ ਦੀ ਸੀ, ਪਰ ਅਫ਼ਸੋਸ ਕਿ ਉਨ੍ਹਾਂ ਦੀ ਇਹ ਇੱਛਾ ਪੂਰੀ ਨਾ ਹੋ ਸਕੀ। ਉਹਨਾਂ ਨੇ ਕਿਹਾ ਕਿ ਭਾਰਤ ਦਾ ਕਾਨੂੰਨੀ ਢਾਂਚਾ ਵੀ ਮਨੁੱਖੀ ਸੰਵੇਦਨਾਵਾਂ, ਪਰਿਵਾਰਕ ਹਾਲਾਤ ਅਤੇ ਅੰਤਿਮ ਰਸਮਾਂ ਵਰਗੀਆਂ ਅਸਾਧਾਰਣ ਸਥਿਤੀਆਂ ਨੂੰ ਧਿਆਨ ਵਿੱਚ ਰੱਖਦਾ ਹੈ। ਇਸ ਲਈ ਉਮੀਦ ਹੈ ਕਿ ਅਦਾਲਤ ਸਾਰੇ ਤੱਥਾਂ ਅਤੇ ਪਰਿਵਾਰ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੀ ਦਾਦੀ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦੇਣ ਬਾਰੇ ਹਮਦਰਦੀਪੂਰਵਕ ਵਿਚਾਰ ਕਰੇਗੀ। ਜੋਧਬੀਰ ਸਿੰਘ ਹੁਣਾ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਤੋਂ ਇਲਾਵਾ ਚਾਚਾ ਹਰਜੀਤ ਸਿੰਘ ਅਤੇ ਸ੍ਰ. ਸੁਖਮਨਪ੍ਰੀਤ ਸਿੰਘ ਨੂੰ ਵੀ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੱਤਾ ਜਾਣਾ ਚਾਹੀਦਾ ਹੈ, ਤਾਂ ਜੋ ਪਰਿਵਾਰ ਆਪਣੇ ਵਿਛੜੇ ਹੋਏ ਜੀਅ ਨੂੰ ਅੰਤਿਮ ਵਿਦਾਇਗੀ ਦੇ ਸਕੇ। ਅਖੀਰ ਵਿਚ ਜੋਧਬੀਰ ਸਿੰਘ ਹੁਣਾ ਨੇ ਸਰਕਾਰ ਦੀ ਭੂਮਿਕਾ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਕਿਸੇ ਵੀ ਲੋਕਤੰਤਰਿਕ ਸਰਕਾਰ ਤੋਂ ਘੱਟੋ-ਘੱਟ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਹ ਦੁੱਖ ਦੀ ਇਸ ਘੜੀ ਵਿੱਚ ਮਨੁੱਖੀ ਸੰਵੇਦਨਾਵਾਂ ਨੂੰ ਪਹਿਲ ਦੇਵੇ। ਇੱਕ ਬਜ਼ੁਰਗ ਮਾਤਾ ਦੇ ਅਕਾਲ ਚਲਾਣੇ ਤੋਂ ਬਾਅਦ ਉਸ ਦੇ ਪੋਤਰੇ ਨੂੰ ਅੰਤਿਮ ਦਰਸ਼ਨ ਅਤੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਦੇਣ ਦੇ ਮਾਮਲੇ ਨੂੰ ਸਿਰਫ਼ ਸਿਆਸੀ ਨਜ਼ਰੀਏ ਨਾਲ ਨਹੀਂ ਦੇਖਿਆ ਜਾਣਾ ਚਾਹੀਦਾ।

ਸਰਕਾਰ ਨੂੰ ਚਾਹੀਦਾ ਹੈ ਕਿ ਉਹ ਇਸ ਮਾਮਲੇ ਵਿੱਚ ਆਪਣਾ ਰਵੱਈਆ ਸਪੱਸ਼ਟ ਕਰੇ ਅਤੇ ਅਜਿਹਾ ਕੋਈ ਕਦਮ ਨਾ ਚੁੱਕੇ ਜਿਸ ਨਾਲ ਪਰਿਵਾਰ ਦੇ ਦੁੱਖ ਨੂੰ ਹੋਰ ਵਧੇਰੇ ਪੀੜਾ ਵਿੱਚ ਬਦਲਿਆ ਜਾਵੇ। ਮਾਤਾ ਚਰਨ ਕੌਰ ਜੀ ਦੀ ਆਖ਼ਰੀ ਇੱਛਾ ਪੂਰੀ ਨਾ ਹੋ ਸਕਣਾ ਪਰਿਵਾਰ ਲਈ ਪਹਿਲਾਂ ਹੀ ਇੱਕ ਵੱਡਾ ਸਦਮਾ ਹੈ। ਹੁਣ ਘੱਟੋ-ਘੱਟ ਉਨ੍ਹਾਂ ਦੇ ਅੰਤਿਮ ਸੰਸਕਾਰ ਸਮੇਂ ਪਰਿਵਾਰ ਨੂੰ ਆਪਣੇ ਪੁੱਤਰ ਅਤੇ ਪੋਤਰੇ ਦੀ ਹਾਜ਼ਰੀ ਤੋਂ ਵਾਂਝਾ ਨਾ ਕੀਤਾ ਜਾਵੇ। ਉਨ੍ਹਾਂ ਆਸ ਪ੍ਰਗਟਾਈ ਕਿ ਅਦਾਲਤ ਇਸ ਮਾਮਲੇ ਦੇ ਮਨੁੱਖੀ ਅਤੇ ਕਾਨੂੰਨੀ ਦੋਵਾਂ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਇਨਸਾਫ਼ਪੂਰਵਕ ਫ਼ੈਸਲਾ ਕਰੇਗੀ।

ਸ਼੍ਰੋਮਣੀ ਕਮੇਟੀ ਐਕਟ 1925 ਨੂੰ ਮੁੜ ਪੰਜਾਬ ਦਾ ਸਟੇਟ ਐਕਟ ਬਣਾਉਣ ਲਈ ਮੁੱਖ ਮੰਤਰੀ ਨੂੰ ਮਿਲੇਗਾ ਧਰਮ ਯੁੱਧ ਮੋਰਚੇ ਦਾ ਵਫ਼ਦ: ਭਾਈ ਗੁਰਪ੍ਰੀਤ ਸਿੰਘ

ਜਲਦ ਕੀਤਾ ਜਾਏਗਾ 21 ਮੈਂਬਰੀ ਮੋਰਚਾ ਐਕਸ਼ਨ ਕਮੇਟੀ ਦਾ ਗਠਨ



ਬਟਾਲਾ 10 ਨਵੰਬਰ (ਬਲਦੇਵ ਸਿੰਘ ਖਾਲਸਾ,,) ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਹੁਰਾ ਨਗਰ ਬਟਾਲਾ ਵਿਖੇ ਪਿਛਲੇ ਡੇਢ ਮਹੀਨੇ ਤੋਂ ਸ਼ਹੀਦ ਭਾਈ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿੱਚ ਚੱਲ ਰਹੇ ਧਰਮ ਯੁੱਧ ਮੋਰਚੇ ਦੀ ਆਗਾਮੀ ਰਣਨੀਤੀ ਉਲੀਕਨ ਲਈ ਹੋਈ ਹੰਗਾਮੀ ਇਕੱਤਰਤਾ ਵਿੱਚ ਗੰਭੀਰ ਵਿਚਾਰ ਵਟਾਂਦਰੇ ਤੋਂ ਬਾਅਦ ਸਰਬ ਸੰਮਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਐਕਟ 1925, ਜੋ ਕਿ 1966 ਤੋਂ ਪਹਿਲਾਂ ਸਟੇਟ ਐਕਟ ਸੀ, ਉਸਨੂੰ ਮੁੜ ਸਟੇਟ ਐਕਟ ਬਣਾਉਣ ਲਈ ਧਰਮ ਯੁੱਧ ਮੋਰਚੇ ਦਾ ਵਫਦ ਪੰਜਾਬ ਦੇ ਮੁੱਖ ਮੰਤਰੀ ਨਾਲ ਕਰੇਗਾ ਮੁਲਾਕਾਤ । ਮੀਟਿੰਗ ਉਪਰੰਤ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਮੋਰਚੇ ਕੋਆਰਡੀਨੇਟਰ ਭਾਈ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਸ਼੍ਰੋਮਣੀ ਕਮੇਟੀ ਮੈਂਬਰ ਸਰਦਾਰ ਅਮਰੀਕ ਸਿੰਘ ਸ਼ਾਹਪੁਰ ਨੇ ਜਾਣਕਾਰੀ ਸਾਂਝੀ ਕਰਕੇ ਸਭ ਨੂੰ ਹੈਰਾਨ ਕਰ ਦਿੱਤਾ ਕਿ 1966 ਤੋਂ ਬਾਅਦ ਸਿਰਫ ਚਾਰ ਵਾਰ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਹੋਈਆਂ ਹਨ, ਕਿਉਂਕਿ ਕੇਂਦਰ ਸਰਕਾਰ ਦਾ ਸਿੱਧਾ ਦਖਲ ਹੋਣ ਕਾਰਨ ਇਹ ਚੋਣਾਂ ਜਾਣ ਬੁੱਝ ਕੇ ਲਮਕਾਈਆਂ ਜਾਂਦੀਆਂ ਹਨ, ਜਿਸ ਕਾਰਨ ਗੁਰਦੁਆਰਾ ਪ੍ਰਬੰਧ ਵਿੱਚ ਵੱਡਾ ਨਿਘਾਰ ਵੇਖਣ ਨੂੰ ਮਿਲ ਰਿਹਾ, ਜਿਸ ਦੀ ਪ੍ਰਤੱਖ ਉਦਾਹਰਨ ਸ੍ਰੀ ਆਨੰਦਪੁਰ ਸਾਹਿਬ ਵਿਖੇ ਦਰਜ ਹੋਈ ਘਣਾਉਣੇ ਇਲਜ਼ਾਮਾਂ ਵਾਲੀ ਐਫਆਈਆਰ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਭਾਈ ਮਨਜੀਤ ਸਿੰਘ ਭੋਮਾ ਵੱਲੋਂ ਧਰਮ ਯੁੱਧ ਮੋਰਚੇ ਤੇ ਚੌਵੀ ਘੰਟੇ ਲੰਗਰ ਦੀ ਸੇਵਾ ਸਬੰਧੀ, ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਨਾਲ ਵਿਚਾਰ ਕਰਕੇ ਆਰੰਭ ਕਰਨ ਦੀ ਗੱਲ ਕਹੀ। ਕੌਮੀ ਇਨਸਾਫ ਮੋਰਚੇ ਦੇ ਆਗੂ ਸਰਦਾਰ ਗੁਰਿੰਦਰ ਸਿੰਘ ਬਾਜਵਾ ਨੇ ਮੋਰਚੇ ਦੇ ਵਿਸਥਾਰ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਵਾਰਸ ਪੰਜਾਬ ਪਾਰਟੀ ਵੱਲੋਂ ਸ਼ਮਸ਼ੇਰ ਸਿੰਘ ਘੁੰਮਣ ਨੇ ਡੇਰਾ ਬਾਬਾ ਨਾਨਕ ਦੀਆਂ ਸੰਗਤਾਂ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ। ਪੰਥ ਦੀ ਨਾਮਵਰ ਜਥੇਬੰਦੀ ਅਕਾਲ ਪੁਰਖ ਕੀ ਫੌਜ ਦੇ ਕਨਵੀਨਰ ਨਿਰਮਲ ਸਿੰਘ ਦਰਗਲਾ ਅਤੇ ਬਲਜੀਤ ਪਾਲ ਸਿੰਘ ਨੇ ਮੋਰਚੇ ਦਾ ਡੱਟ ਕੇ ਸਾਥ ਦੇਣ ਦੀ ਗੱਲ ਕਹੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਗੁਰਦੀਪ ਸਿੰਘ ਭੁੱਲਰ, ਭਾਈ ਗੁਰਨਾਮ ਸਿੰਘ ਸਤਿਕਾਰ ਕਮੇਟੀ, ਭਾਈ ਕਮਲਜੀਤ ਸਿੰਘ ਬਿਜਲੀਵਾਲ, ਭਾਈ ਬਿਕਰਮਜੀਤ ਸਿੰਘ ਦਾਦੂਵਾਲ, ਭਾਈ ਬਲਦੇਵ ਸਿੰਘ ਖੁਜਾਲਾ, ਭਾਈ ਬਲਦੇਵ ਸਿੰਘ ਬਾਜਵਾ, ਗਿਆਨੀ ਦਵਿੰਦਰ ਸਿੰਘ, ਭਾਈ ਹਰਜਿੰਦਰ ਸਿੰਘ ਕਰਨਾਮਾ, ਨਿਹੰਗ ਮਦਨ ਸਿੰਘ ਬਾਲੇਵਾਲ , ਸ਼ਮਸ਼ੇਰ ਸਿੰਘ ਚੈਨੇਵਾਲ, ਨਵਰੂਪ ਸਿੰਘ, ਗੁਰਮਿੰਦਰ ਸਿੰਘ, ਟਹਿਲਪ੍ਰੀਤ ਸਿੰਘ ਬਾਜਵਾ, ਨਿਰਮਲ ਸਿੰਘ, ਬਲਰਾਜ ਸਿੰਘ, ਨਿਰੰਜਨ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਬਲਵਿੰਦਰ ਸਿੰਘ, ਭਾਈ ਗੁਰਦਿਆਲ ਸਿੰਘ ਕਾਲਾਂਵਾਲੀ, ਅਮਨਦੀਪ ਸਿੰਘ ਬਿਜਲੀਵਾਲ, ਜਸਵਿੰਦਰ ਸਿੰਘ ਬਿਜਲੀਵਾਲ, ਰਾਜ ਸਿੰਘ ਖਾਲਸਾ, ਦਲਜੀਤ ਸਿੰਘ ਪਾਖਰਪੁਰਾ, ਸੁਖਦੇਵ ਸਿੰਘ ਹੁਸ਼ਿਆਰਪੁਰ, ਹਰਵਿੰਦਰ ਸਿੰਘ, ਮਨਵਿੰਦਰ ਸਿੰਘ, ਸੁਖਦੇਵ ਸਿੰਘ ਗੌਂਸਪੁਰਾ, ਡਾਕਟਰ ਨਿਰਮਲ ਸਿੰਘ, ਸਤਨਾਮ ਸਿੰਘ ਭੀਖੋਵਾਲੀ, ਗੁਰਤੇਜ ਸਿੰਘ, ਜਥੇਦਾਰ ਕਰਮ ਸਿੰਘ, ਜਥੇਦਾਰ ਮਹਿੰਦਰ ਸਿੰਘ ਸਮੇਤ ਇਲਾਕੇ ਦੀਆਂ ਨਾਮਵਰ ਸ਼ਖਸ਼ੀਅਤਾਂ ਨੇ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਭਗੌੜਿਆਂ ਨਾਲ ਕਦੇ ਏਕਤਾ ਨਹੀਂ ਹੋਵੇਗੀ- ਗਿਆਨੀ ਹਰਪ੍ਰੀਤ ਸਿੰਘ ।ਜੋ ਭਗੌੜਿਆਂ ਨਾਲ ਗਠਜੋੜ ਕਰਨਗੇ ਉਸਦਾ ਵੀ ਡਟ ਕੇ ਵਿਰੋਧ ਕਰਾਂਗੇ।

ਰੇਰੂ ਸਾਹਿਬ ਸਾਹਨੇਵਾਲ-: 10 ਨਵੰਬਰ () ਤੁਸੀਂ ਸਾਰਿਆਂ ਨੇ ਅੱਜ ਇਥੇ ਆ ਕੇ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਵਿੱਚ ਜੋ ਭਰੋਸਾ ਵਿਖਾਇਆ ਹੈ, ਮੈਂ ਉਸ ਵਾਸਤੇ ਤੁਹਾਡਾ ਸਭ ਦਾ ਰਿਣੀ ਹਾਂ। ਕਿਉਂਕਿ ਅਕਾਲੀ ਦਲ ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਹੋਏ ਆਦੇਸ਼ ਅਨੁਸਾਰ ਹੀ ਪੁਨਰ ਸੁਰਜੀਤ ਹੋਇਆ ਸੀ। ਇਹਨਾਂ ਗੱਲਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਨੇ ਅਕਾਲੀ ਦਲ ਪੁਨਰ-ਸੁਰਜੀਤ ਦੇ ਆਗੂਆਂ ਅਤੇ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਭਾਂਵੇ ਇਸ ਬੂਟੇ ਦੇ ਕੁਝ ਕੁ ਕੁਮਲਾਏ ਹੋਏ ਪੱਤੇ ਝੜ ਗਏ ਹਨ ਪਰ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੇ ਇਸ ਦੀ ਜੜ੍ਹ ਹਰੀ ਰੱਖਣ ਵਿਚ ਪੂਰਾ ਯੋਗਦਾਨ ਦਿੱਤਾ। ਸਾਡੇ ਮੁਕਾਬਲੇ ਕੁਝ ਸੁੱਕੇ ਹੋਏ ਲੋਕ ਵੀ ਰੁੱਖ ਹੋਣ ਦਾ ਦਮ ਭਰਦੇ ਹਨ ਪਰ ਉਹਨਾਂ ਨੂੰ ਕਰੂੰਬਲਾਂ ਨਹੀਂ ਫੁੱਟ ਸਕਦੀਆਂ। ਗਿਆਨੀ ਹਰਪ੍ਰੀਤ ਸਿੰਘ ਨੇ ਜਿਕਰ ਕੀਤਾ ਕਿ ਮੈਂ ਦੋ ਬੰਦਿਆਂ ਦੇ ਕਹਿਣ 'ਤੇ ਪ੍ਰਧਾਨਗੀ ਸੰਭਾਲੀ ਸੀ ਜਿੰਨਾਂ ਵਿੱਚ ਇਕ ਸ ਸੁਖਦੇਵ ਸਿੰਘ ਢੀਂਡਸਾ ਸੀ ਜਿੰਨਾਂ ਨੇ ਕਿਹਾ ਸੀ ਕਿ ਇਹ ਆਪਸੀ ਵਿਵਾਦ ਕਾਰਨ ਪ੍ਰਧਾਨਗੀ ਨਹੀਂ ਸੰਭਾਲ ਸਕਦੇ ਅਤੇ ਖਿੱਲਰ ਜਾਣਗੇ, ਇਸ ਲਈ ਤੁਸੀਂ ਅਗਵਾਈ ਕਰੋ। ਦੂਜੇ ਸ ਰਵੀਇੰਦਰ ਸਿੰਘ ਸਨ ਜਿੰਨਾ ਕਿਹਾ ਸੀ ਕਿ ਅਸੀਂ ਤੁਹਾਡੇ ਘਰ ਦਾ ਚੁੱਲ੍ਹਾ ਨਹੀਂ ਬੁੱਝਣ ਦਿੰਦੇ, ਤੁਸੀ ਅਕਾਲੀ ਦਲ ਲਈ ਕੰਮ ਕਰੋ। ਮੈਂ ਬੁਰਜ ਅਕਾਲੀ ਫੂਲਾ ਸਿੰਘ ਵਿਖੇ ਆਪਣੀ ਪਹਿਲੀ ਸਪੀਚ ਵਿੱਚ ਕਿਹਾ ਸੀ ਕਿ ਮੈਨੂੰ ਸਿਆਸੀ ਤਜਰਬਾ ਨਹੀਂ, ਇਸ ਲਈ ਮੇਰੀਆਂ ਬਾਹਵਾਂ ਬਣਿਓ! ਜਿੰਨਾਂ ਨੇ ਬਾਹਵਾਂ ਬਣਨ ਦਾ ਵੱਧ ਭਰੋਸਾ ਦਿੱਤਾ ਸੀ, ਉਹੀ ਸਭ ਤੋਂ ਪਹਿਲਾਂ ਛੱਡ ਕੇ ਲਾਂਭੇ ਹੋ ਗਏ। ਪਰ ਮੈਂ ਹੁਣ ਭੱਜਣ ਵਾਲਿਆਂ ਚੋਂ ਨਹੀਂ, ਹਰ ਇਕ ਮੁਸੀਬਤ ਦਾ ਸਾਹਮਣਾ ਡੱਟ ਕੇ ਕਰਾਂਗੇ।

ਪਾਰਟੀ ਛੱਡ ਕੇ ਜਾਣ ਵਾਲਿਆਂ ਬਾਰੇ ਉਹਨਾਂ ਕਿਹਾ ਕਿ ਇਹ ਲੋਕ ਹੀ ਚਿੱਠੀ ਲੈ ਕੇ ਸਾਡੇ ਕੋਲ ਸ੍ਰੀ ਅਕਾਲ ਤਖਤ ਸਾਹਿਬ 'ਤੇ ਆਏ ਸਨ ਅਤੇ ਵਿਦੇਸ਼ਾਂ ਤੱਕ ਸਿਫਾਰਸ਼ਾਂ ਪਵਾਉਂਦੇ ਰਹੇ ਕਿ ਸਿੰਘ ਸਹਿਬਾਨ ਸੁਖਬੀਰ ਬਾਦਲ ਨੂੰ ਪੰਥ ਚੋਂ ਛੇਕ ਦੇਣ। ਚੰਦੂਮਾਜਰਾ ਬਾਰੇ ਬੋਲਦਿਆ ਉਹਨਾਂ ਕਿਹਾ ਇਹ ਨਾਮ ਤਾਂ ਗੱਦਾਰੀ ਕਰਨ ਲਈ ਸਿੱਖ ਇਤਿਹਾਸ ਵਿੱਚ ਵੈਸੇ ਹੀ ਬਦਨਾਮ ਹੈ। ਸ੍ਰੀ ਅਕਾਲ ਤਖਤ ਸਾਹਿਬ ਸਾਹਮਣੇ ਵੀ ਚੰਦੂਮਾਜਰਾ ਅਤੇ ਦਲਜੀਤ ਸਿੰਘ ਚੀਮਾ ਨੇ ਝੂਠ ਬੋਲਿਆ ਸੀ। ਉੱਥੇ ਸੁਖਬੀਰ ਬਾਦਲ ਨੇ ਜਰੂਰ ਸੱਚ ਬੋਲਿਆ ਸੀ, ਜੇ ਉਹ ਆਪਣੇ ਸੱਚ 'ਤੇ ਖੜ੍ਹਾ ਰਹਿੰਦਾ ਤਾਂ ਸ਼ਾਇਦ ਕਾਮਯਾਬ ਹੋ ਜਾਂਦਾ। ਪਰ ਉਹ ਮੁਕਤਸਰ ਸਾਹਿਬ ਜਾ ਕੇ ਮੁਕਰ ਗਿਆ। ਜੋ ਕਿ ਬਹੁਤ ਵੱਡਾ ਗੁਨਾਹ ਹੈ। ਏਸੇ ਤਰਾਂ ਬੀਬੀ ਜਗੀਰ ਕੌਰ ਨੇ ਪਿਛਲੀ ਐਸ ਜੀ ਪੀ ਸੀ ਚੋਣ ਹਾਰਨ ਵੇਲੇ ਕਿਹਾ ਸੀ ਕਿ ਮੈਂਬਰਾਂ ਦੀਆਂ ਜ਼ਮੀਰਾਂ ਮਰ ਚੁੱਕੀਆਂ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਸਵਾਲ ਕਰਦਿਆਂ ਕਿਹਾ ਕਿ ਹੁਣ ਤੁਹਾਡੀ ਜ਼ਮੀਰ ਕਿਥੇ ਹੈ। ਉਹਨਾਂ ਗੁਰਬਾਣੀ ਦੀ ਤੁਕ ਉਚਾਰ ਦਿਆਂ ਕਿਹਾ ਕਿ "ਕੂੜਿਆਰ ਕੂੜਿਆਰੀ ਜਾਇ ਰਲੈ, ਸਚਿਆਰ ਸਿੱਖ ਬੈਠੇ ਸਤਿਗੁਰੁ ਪਾਸਿ॥ ਸ੍ਰੀ ਅਕਾਲ ਤਖਤ ਸਾਹਿਬ 'ਤੇ ਝੂਠ ਬੋਲਣ ਵਾਲਿਆਂ ਅਤੇ ਮੁਕਰਨ ਵਾਲਿਆਂ ਦਾ ਹਸ਼ਰ ਦੁਨੀਆਂ ਵੇਖੇਗੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਭਾਜਪਾ ਨਾਲ ਅਸੀਂ ਸਿਆਸੀ ਭਾਈਵਾਲੀ ਦੀ ਗੱਲ ਕਦੇ ਨਹੀਂ ਕੀਤੀ, ਹਮੇਸ਼ਾਂ ਪੰਥ ਪੰਜਾਬ ਦੇ ਮੁੱਦਿਆਂ ਦੀ ਮੰਗ ਰੱਖੀ ਹੈ। ਪਰ ਉਹਨਾਂ ਨਾਲ ਸਮਝੌਤਾ ਕਰਨ ਲਈ ਚੰਦੂਮਾਜਰਾ ਵਰਗੇ ਆਗੂ ਹੀ ਗਏ ਸਨ ਜੋ ਸੁਖਬੀਰ ਨਾਲ ਵੀ ਏਕਤਾ ਦੀ ਗੱਲ ਕਰ ਆਏ ਸਨ। ਪਰ ਅਸੀਂ ਸ੍ਰੀ ਅਕਾਲ ਤਖਤ ਸਾਹਿਬ ਦੇ ਭਗੌੜਿਆਂ ਨਾਲ ਕਿਸੇ ਕੀਮਤ 'ਤੇ ਸਮਝੌਤਾ ਨਹੀਂ ਕਰਾਂਗੇ ਅਤੇ ਜੇ ਬੀਜੇਪੀ ਉਹਨਾਂ ਨਾਲ ਸਮਝੌਤਾ ਕਰਦੀ ਹੈ ਤਾਂ ਸਿੱਖ ਵਿਰੋਧੀ ਸਮਝਕੇ ਉਸਦਾ ਵੀ ਸਖਤ ਵਿਰੋਧ ਕਰਾਂਗੇ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਐਸਜੀਪੀਸੀ ਦੇ ਜਰਨਲ ਇਜਲਾਸ ਵਾਲੇ ਦਿਨ ਸਾਡੇ ਐਸਜੀਪੀਸੀ ਮੈਂਬਰ ਸਾਬਕਾ ਪ੍ਰਧਾਨ ਸ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਦਿੱਲੀ ਲੋਕ ਸਭਾ ਅੱਗੇ ਰੋਸ ਪ੍ਰਦਰਸ਼ਨ ਕਰਨਗੇ ਕਿ ਧੀਰਮੱਲੀਆਂ ਦਾ ਕਬਜਾ ਤੋੜਨ ਲਈ ਐਸਜੀਪੀਸੀ ਚੋਣਾਂ ਕਰਵਾਈਆਂ ਜਾਣ। ਸਟੇਜ ਸਕਤਰ ਦੀ ਭੂਮਿਕਾ ਜਗਜੀਤ ਸਿੰਘ ਕੋਹਲੀ ਨੇ ਬਾਖੂਬੀ ਨਿਭਾਈ

ਇਸ ਮੌਕੇ ਬੋਲਦਿਆਂ ਪਾਰਟੀ ਸਰਪ੍ਰਸਤ ਸ ਰਵੀਇੰਦਰ ਸਿੰਘ ਨੇ ਦੋ ਦਸੰਬਰ ਦੇ ਹੁਕਮਨਾਮਿਆ 'ਤੇ ਖੜੇ ਰਹਿਣ ਲਈ ਪੰਜ ਸਿੰਘ ਸਾਹਿਬਾਨ ਅਤੇ ਸਮੂਹ ਪਾਰਟੀ ਆਗੂਆਂ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਮਾਸਟਰ ਤਾਰਾ ਸਿੰਘ ਤੋਂ ਬਾਦ ਦੋ ਦਸੰਬਰ ਦੇ ਹੁਕਮਨਾਮਿਆ ਨਾਲ ਅਕਾਲੀ ਦਲ ਮੁੜ ਆਪਣੇ ਅਸਲ ਰੂਪ ਵਿੱਚ ਉਭਰਿਆ ਹੈ। ਇਸ ਪਾਰਟੀ ਦੀ ਮਜਬੂਤੀ ਨਾਲ ਹੀ ਪੰਥ ਅਤੇ ਪੰਜਾਬ ਮਜਬੂਤ ਹੋਵੇਗਾ। ਇਸ ਮੌਕੇ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਪੰਜ ਮੈਂਬਰੀ ਭਰਤੀ ਕਮੇਟੀ ਦੇ ਆਗੂ ਸ ਸੰਤਾ ਸਿੰਘ ਉਮੈਦਪੁਰ ਨੇ ਗਿਆਨੀ ਹਰਪ੍ਰੀਤ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਵਿਦਵਾਨ ਆਗੂ ਹਨ ਜੋ ਸਾਰੀਆਂ ਪੰਥਕ ਜਥੇਬੰਦੀਆਂ ਨੂੰ ਕਲਾਵੇ ਚ ਲੈ ਕੇ ਪੰਥਕ ਏਕਤਾ ਕਰਵਾਉਣ। ਉਹਨਾਂ ਨੇ ਮੀਟਿੰਗ ਵਿੱਚ ਸ਼ਾਮਿਲ ਹੋਣ ਲਈ ਆਏ ਸਮੂਹ ਆਗੂਆਂ, ਵਰਕਰਾਂ ਅਤੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਸਭ ਨੂੰ ਜੀ ਆਇਆਂ ਵੀ ਆਖਿਆ। ਅੱਜ ਦੀ ਇਸ ਮੀਟਿੰਗ ਵਿੱਚ ਪਾਰਟੀ ਦੇ ਸਕਤਰ ਜਨਰਲ ਗੁਰਪ੍ਰਤਾਪ ਸਿੰਘ ਵਡਾਲਾ , ਪਰਮਿੰਦਰ ਸਿੰਘ ਢੀਂਡਸਾ ਸੁੱਚਾ ਸਿੰਘ ਛੋਟੇਪੁਰ ਡਾਕਟਰ ਰਤਨ ਸਿੰਘ ਅਜਨਾਲਾ ਸਰਵਣ ਸਿੰਘ ਫਿਲੌਰ ਭਾਈ ਮਨਜੀਤ ਸਿੰਘ ਬੀਬੀ ਪਰਮਜੀਤ ਕੌਰ ਗੁਲਸ਼ਨ ਗਗਨਜੀਤ ਸਿੰਘ ਬਰਨਾਲਾ ਜੱਜ ਨਿਰਮਲ ਸਿੰਘ ਗੋਬਿੰਦ ਸਿੰਘ ਲੌਂਗੋਵਾਲ ਅਜੈਪਾਲ ਸਿੰਘ ਮੀਰਕੋਟ ਕਰਨੈਲ ਸਿੰਘ ਪੀਰਮੁਹੰਮਦ ਗੁਰਜੀਤ ਸਿੰਘ ਤਲਵੰਡੀ ਹਰਬੰਸ ਸਿੰਘ ਕੰਧੋਲਾ ਸਮੇਤ ਸਾਰੇ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟਾਈ ਸਾਰਿਆ ਨੇ ਕਿਹਾ ਕਿ ਸਮੁੱਚੀ ਲੀਡਰਸ਼ਿਪ ਪਾਰਟੀ ਨਾਲ ਅਤੇ ਗਿਆਨੀ ਹਰਪ੍ਰੀਤ ਸਿੰਘ ਚੱਟਾਨ ਵਾਂਗ ਖੜ੍ਹੀ ਹੈ ਅੱਜ ਦੀ ਇਸ ਮੀਟਿੰਗ ਵਿਚ ਸਮੁੱਚੇ ਜਿਲਿਆ ਦੇ ਪ੍ਰਧਾਨ ਮੈਂਬਰ ਵਰਕਿੰਗ ਕਮੇਟੀ ਮੈਂਬਰ ਪੀ ਏ ਸੀ ਅਤੇ ਸੀਨੀਅਰ ਆਗੂ ਹਾਜ਼ਰ ਸਨ ਅੱਜ ਦੀ ਮੀਟਿੰਗ ਵਿੱਚ ਬੀਬੀ ਹਰਜੀਤ ਕੌਰ ਤਲਵੰਡੀ ਬੀਬੀ ਢਿੱਲੋਂ ਰਣਧੀਰ ਸਿੰਘ ਰੱਖੜਾ ਭੁਪਿੰਦਰ ਸਿੰਘ ਸੇਖੂਪੁਰ ਬਲਤੇਜ ਸਿੰਘ ਅਮਲੋਹ ਜਰਵਾਲ ਸਿੰਘ ਮਾਧੋਪੁਰ ਰਵਿੰਦਰ ਸਿੰਘ ਪੈਂਟਾ ਰਾਮਪਾਲ ਸਿੰਘ ਬਹਿਣੀਵਾਲ ਰਵਿੰਦਰ ਸਿੰਘ ਸ਼ਾਹਪੁਰ ਭੁਪਿੰਦਰ ਸਿੰਘ ਸੇਖੂਪੁਰ ਚਰਨਜੀਤ ਸਿੰਘ ਮਾਵੀ ਰਿਪੁਦਮਨ ਸਿੰਘ ਢਿੱਲੋ ਸੁਖਮਨ ਸਿੰਘ ਢਿੱਲੋਂ ਭੇਲਾ ਸ ਗਿਲਪਤੀ ਦਲਜਿੰਦਰਬੀਰ ਸਿੰਘ ਵਿਰਕ ਮਨਿਂਦਰ ਸਿੰਘ ਧੁੰਨਾ ਮਨਜੀਤ ਸਿੰਘ ਦਸੂਹਾ ਮਦਨ ਮੋਹਨ ਸ ਮੂਸਾ ਜਸਵੰਤ ਸਿੰਘ ਪੁਰੇਨ ਮਾਸਟਰ ਮਿੱਠੂ ਸਿੰਘ ਕਾਹਨਕੇ ਮਲਕੀਤ ਸਿੰਘ ਚੰਗਾਲ ਕੈਪਟ ਖੁਸ਼ਵੰਤ ਸਿੰਘ ਢਿੱਲੋਂ ਮੁਖਤਿਆਰ ਸਿੰਘ ਭੁੱਲਰ ਜਸਬੀਰ ਸਿੰਘ ਭੁੱਲਰ ਹਰਦੇਵ ਸਿੰਘ ਹਮੀਦ ਕੁਲਵਿੰਦਰ ਸਿੰਘ ਲਵਲੀ ਰਵਿੰਦਰ ਸਿੰਘ ਬਿੰਦਾ ਪਰਮਪਾਲ ਸਿੰਘ ਸਭਰਾ ਬਾਬਾ ਹਰਦੀਪ ਸਿੰਘ ਸੁਰਜੀਤ ਸਿੰਘ ਬੇਪਾਰਾਏ ਦੀਵਾਨ ਸਿੰਘ ਦਿੱਖ ਹਰਪ੍ਰੀਤ ਸਿੰਘ ਰਾਜਿਆ dr ਲਖਵਿੰਦਰ ਸਿੰਘ ਮੂਸਾ ਜਸਵੰਤ ਸਿੰਘ ਕੋਟੜਾ ਕਰਨੈਲ ਸਿੰਘ ਭਾਵੜਾ ਚਰਨ ਸਿੰਘ ਫਾਜ਼ਿਲਕਾ ਗੁਰਲਾਲ ਸਿੰਘ ਫਾਜ਼ਿਲਕਾ ਮਧੁਪਾਲ ਸਿੰਘ ਗੋਗਾ ਮਨਜੀਤ ਸਿੰਘ ਰਾਣੀਪੁਰ ਹਰੀ ਸਿੰਘ ਪੁਰੇਵਾਲ ਅਮਰਿੰਦਰ ਸਿੰਘ ਮੰਡੀਆ ਤਰਨਜੀਤ ਸਿੰਘ ਦੁੱਗਲ ਭਰਪੂਰ ਸਿੰਘ ਧਾਂਦਰਾ ਹਾਕਮ ਸਿੰਘ ਨਸਰਾਲੀ ਹਰਦੇਵ ਸਿੰਘ ਰੋਗਲਾ ਆਦਿ ਹਾਜ਼ਰ ਸਨ ਪ੍ਰੈਸ ਨੋਟ ਤਜਿੰਦਰ ਸਿੰਘ ਪੰਨੂ ਵਲੋ ਜਾਰੀ ਕੀਤਾ ਗਿਆ।



ਸ਼ਹੀਦ ਪਰਿਵਾਰਾਂ ਦੇ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।
(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।
(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.
(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank, Tripuri, Patiala - 14701